PAIGAM-E-JAGAT

ਪੈ.ਗਾਮ-ਏ-ਜਗਤ

‘ਤੁਸੀਂ ਸਿਰਫ਼ ਖੜ੍ਹੇ ਹੋ ਕੇ ਪਾਣੀ ਨੂੰ ਦੇਖ ਕੇ ਨਦੀ ਪਾਰ ਨਹੀਂ ਕਰ ਸਕਦੇ।’

Title code : CHAMUL00914 | E-mail : Info@paigamejagat.com | ਸ਼ਨਿੱਚਰਵਾਰ, 19 ਸਤੰਬਰ 2026, ਸਾਲ-4, ਅੰਕ-7, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701



ਪਠਾਨਕੋਟ ਤੋਂ ਭਾਜਪਾ ਦੀ ਪਹਿਲੀ ‘ਨਸ਼ਾ ਮੁਕਤ ਪੰਜਾਬ ਯਾਤਰਾ’ ਦਾ ਆਗਾਜ਼

ਪਠਾਨਕੋਟ, 18 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਭਾਜਪਾ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਜਾ ਰਹੀ ਲੋਕ ਲਹਿਰ ਦਾ ਆਗ਼ਾਜ਼ ਪਠਾਨਕੋਟ ਤੋਂ ਸ਼ੁਰੂ ਹੋ ਗਿਆ ਹੈ। ਭਾਜਪਾ ਦੇ ਨਵ-ਨਿਯੁਕਤ ਕੌਮੀ ਪ੍ਰਧਾਨ ਨਿਤਿਨ ਨਬੀਨ ਨੇ ਅੱਜ ਏਕਤਾ ਸਥਲ, ਮਾਧੋਪੁਰ, ਪਠਾਨਕੋਟ ਤੋਂ ਪਹਿਲੀ ਨਸ਼ਾ ਮੁਕਤ ਪੰਜਾਬ ਯਾਤਰਾ ਨੂੰ ਰਵਾਨਾ ਕੀਤਾ।

ਪੰਜਾਬ ਭਾਜਪਾ ਦੇ ਜਨਰਲ ਸਕੱਤਰ ਤੇ ਨਸ਼ਾ ਮੁਕਤ ਪੰਜਾਬ ਯਾਤਰਾ ਦੇ ਇੰਚਾਰਜ ਰਾਜੇਸ਼ ਕੁਮਾਰ ਬਾਘਾ ਨੇ ਦੱਸਿਆ ਕਿ ‘ਭਾਜਪਾ ਦਾ ਨਾਅਰਾ, ਨਸ਼ਾ ਮੁਕਾਉਣਾ ਸਾਰਾ’ ਤਹਿਤ ਕੁੱਲ 4 ਯਾਤਰਾਵਾਂ ਕੱਢੀਆਂ ਜਾਣਗੀਆਂ, ਜਿਨ੍ਹਾਂ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਹਨ। ਬਾਘਾ ਨੇ ਦੱਸਿਆ ਕਿ ਅੱਜ ਤੋਂ ਸ਼ੁਰੂ ਹੋਈਆਂ ਇਨ੍ਹਾਂ ਯਾਤਰਾਵਾਂ ਦੀ ਸਮਾਪਤੀ ਮੌਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਜਲੰਧਰ ਪਹੁੰਚਣਗੇ ਅਤੇ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਨਗੇ। ਯਾਤਰਾ ਦਾ ਮਕਸਦ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਲੋਕਾਂ ਨੂੰ ਜਾਗਰੂਕ ਕਰਨਾ ਹੈ।

ਦੂਜੀ ਯਾਤਰਾ ਨੂੰ 19 ਸਤੰਬਰ ਨੂੰ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਹਰੀ ਝੰਡੀ ਦੇ ਕੇ ਰਵਾਨਾ ਕਰਨਗੇ। ਯਾਤਰਾ ਨੂੰ ਰਵਾਨਾ ਕਰਨ ਤੋਂ ਪਹਿਲਾਂ ਉਹ ਗੁਰਦੁਆਰਾ ਸ੍ਰੀ ਜੋਤੀ ਸਰੂਪ ਸ੍ਰੀ ਫ਼ਤਿਹਗੜ੍ਹ ਸਾਹਿਬ ਵਿਖੇ ਨਤਮਸਤਕ ਹੋਣਗੇ। ਤੀਜੀ ਯਾਤਰਾ 20 ਸਤੰਬਰ ਨੂੰ ਫ਼ਾਜ਼ਿਲਕਾ ਵਿਖੇ ਸਾਦਿਕੀ ਬਾਰਡਰ (ਆਸਫ਼ਵਾਲਾ 1971 ਜੰਗੀ ਯਾਦਗਾਰ) ਤੋਂ ਸ਼ੁਰੂ ਹੋਵੇਗੀ । ਇਸ ਯਾਤਰਾ ਨੂੰ ਕੇਂਦਰੀ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਕੇਂਦਰੀ ਹਰੀ ਝੰਡੀ ਦੇ ਕੇ ਰਵਾਨਾ ਕਰਨਗੇ। ਚੌਥੀ ਯਾਤਰਾ 21 ਸਤੰਬਰ ਨੂੰ ਤਲਵੰਡੀ ਸਾਬੋ ਸਥਿਤ ਗੁਰਦੁਆਰਾ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸ਼ੁਰੂ ਹੋਵੇਗੀ । ਇਨ੍ਹਾਂ ਚਾਰੇ ਯਾਤਰਾਵਾਂ ਦੀ 30 ਸਤੰਬਰ ਨੂੰ ਜਲੰਧਰ ਸਮਾਪਤੀ ਹੋਵੇਗੀ ਤੇ ਯਾਤਰਾਵਾਂ ਦੀ ਸਮਾਪਤੀ ਮੌਕੇ (ਬਾਕੀ ਸਫ਼ਾ 2 ’ਤੇ)

ਨਸ਼ਾ ਵਿਰੋਧੀ ਮੁਹਿੰਮ ਪੰਜਾਬ ਦੇ ਹਰ ਕੋਨੇ ਤੱਕ ਪਹੁੰਚਣੀ ਚਾਹੀਦੀ ਹੈ: ਨਿਤਿਨ ਨਬੀਨ



ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਪਠਾਨਕੋਟ ’ਚ ਨਸ਼ਾ ਮੁਕਤ ਪੰਜਾਬ ਹੈਲਪਲਾਈਨ ਨੰਬਰ 97149-02027 ਜਾਰੀ ਕੀਤਾ। ਇਸ ਦੌਰਾਨ ‘ਨਸ਼ਾ ਮੁਕਤ ਪੰਜਾਬ’ ਦਾ ਇੱਕ ਪੋਸਟਰ ਵੀ ਜਾਰੀ ਕੀਤਾ ਗਿਆ। ਨਬੀਨ ਨੇ ਕਿਹਾ ਕਿ ਪੰਜਾਬ ਹਰ ਖੇਤਰ ਵਿੱਚ ਮੋਹਰੀ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਅੱਜ ਇੱਥੇ ਇੱਕ ਅਜਿਹੇ ਮੁੱਦੇ ਨੂੰ ਹੱਲ ਕਰਨ ਲਈ ਆਏ ਹਨ ਜਿਸਦੀ ਆਵਾਜ਼ ਅਤੇ ਦਰਦ ਹਰ ਘਰ ਵਿੱਚ ਸੁਣਾਈ ਦੇ ਰਿਹਾ ਹੈ। ਉਨ੍ਹਾਂ ਕਿਹਾ ਇੱਕ ਮਾਂ ਨੇ ਆਪਣੇ ਪੰਜ ਪੁੱਤਰ ਗੁਆ ਦਿੱਤੇ। ਹੁਣ, ਅਸੀਂ ਨਸ਼ਾ ਮਾਫੀਆ ਨੂੰ ਖਤਮ ਕਰਾਂਗੇ। ਨਵੀਨ ਨੇ ਅੱਗੇ ਕਿਹਾ ਕਿ ਉਹ ਗੁਰੂ ਗੋਬਿੰਦ ਸਿੰਘ ਦੀ ਧਰਤੀ ਪਟਨਾ ਤੋਂ ਪੰਜਾਬ ਵਿੱਚ ਨਸ਼ਾ ਮੁਕਤੀ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਦਾ ਸੁਨੇਹਾ ਲੈ ਕੇ ਆਏ ਹਨ। ਨਿਤਿਨ ਨਬੀਨ ਨੇ ਕਿਹਾ ਕਿ ਉਹ ਪਠਾਨਕੋਟ ਸਿਰਫ਼ ਯਾਤਰਾ ਸ਼ੁਰੂ ਕਰਨ ਲਈ ਨਹੀਂ, ਸਗੋਂ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਇੱਕ ਨਵੀਂ ਲੜਾਈ ਸ਼ੁਰੂ ਕਰਨ ਲਈ ਇੱਕ ਸੰਕਲਪ ਨਾਲ ਆਏ ਹਨ। ਉਨ੍ਹਾਂ ਕਿਹਾ ਕਿ ਭਾਜਪਾ ਪ੍ਰਧਾਨ ਮੰਤਰੀ ਦੇ ਸੰਦੇਸ਼ (ਬਾਕੀ ਸਫ਼ਾ 2 ’ਤੇ)

ਬਟਾਲਾ ’ਚ ਬਿੱਟੂ ਦੇ ਕਾਫ਼ਲੇ ’ਤੇ ਹਮਲਾ



- ਅੰਡੇ ਅਤੇ ਟਮਾਟਰ ਸੁੱਟੇ ਗਏ; ਗੱਡੀ ਦੇ ਸ਼ੀਸ਼ੇ ਤੋੜੇ ਗਏ

ਬਟਾਲਾ: ਪੰਜਾਬ ਦੇ ਬਟਾਲਾ ਵਿੱਚ ਸਾਬਕਾ ਕੇਂਦਰੀ ਰਾਜ ਮੰਤਰੀ ਅਤੇ ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ਦੇ ਕਾਫ਼ਲੇ ’ਤੇ ਹਮਲਾ ਕੀਤਾ ਗਿਆ। ਕੁਝ ਵਿਅਕਤੀਆਂ ਨੇ ਉਨ੍ਹਾਂ ਦੇ ਕਾਫ਼ਲੇ ’ਤੇ ਅੰਡੇ ਅਤੇ ਟਮਾਟਰ ਸੁੱਟੇ। ਹਮਲੇ ਤੋਂ ਬਾਅਦ, ਬਿੱਟੂ ਨੇ ਆਮ ਆਦਮੀ ਪਾਰਟੀ (ਆਪ) ’ਤੇ ਗੰਭੀਰ ਦੋਸ਼ ਲਗਾਏ ਅਤੇ ਦਾਅਵਾ ਕੀਤਾ ਕਿ ਹਮਲਾਵਰਾਂ ਵਿੱਚੋਂ ਤਿੰਨ ਨੂੰ ਕਾਬੂ ਕਰ ਲਿਆ ਗਿਆ ਹੈ। ਰਵਨੀਤ ਸਿੰਘ ਬਿੱਟੂ ’ਤੇ ਇਹ ਹਮਲਾ ਬਟਾਲਾ ਦੇ ਘਸੀਟਪੁਰ ਪਿੰਡ ਨੇੜੇ ਹੋਇਆ। ਉਹ ਨਸ਼ਿਆਂ ਦੀ ਸਮੱਸਿਆ ਵਿਰੁੱਧ ਭਾਜਪਾ ਦੀ ਰੈਲੀ ਵਿੱਚ ਸ਼ਾਮਲ ਹੋਣ ਲਈ ਜਾ ਰਹੇ ਸਨ ਜਦੋਂ ਉਨ੍ਹਾਂ ਦੇ ਕਾਫ਼ਲੇ ’ਤੇ ਹਮਲਾ ਹੋਇਆ। ਕਈ ਲੋਕਾਂ ਨੇ ਅੰਡੇ ਅਤੇ ਟਮਾਟਰ ਸੁੱਟੇ ਅਤੇ ਨਾਅਰੇਬਾਜ਼ੀ ਕੀਤੀ। ਬਿੱਟੂ ਨੇ ਦਾਅਵਾ ਕੀਤਾ ਕਿ ਇਸ ਘਟਨਾ ਦੌਰਾਨ ਉਨ੍ਹਾਂ ਦੀ ਗੱਡੀ ਦੇ ਸ਼ੀਸ਼ੇ ਤੋੜ ਦਿੱਤੇ ਗਏ। ਘਟਨਾ ਵਾਲੀ ਥਾਂ ’ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਵਨੀਤ ਬਿੱਟੂ ਨੇ ਕਿਹਾ, ਅਸੀਂ ਅੱਜ ਨਸ਼ਿਆਂ ਵਿਰੁੱਧ ਰੈਲੀ ਕਰਨੀ ਸੀ ਕਿਉਂਕਿ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਨਸ਼ਾ ਤਸਕਰ ਆਪਸ ਵਿੱਚ ਮਿਲੇ ਹੋਏ ਹਨ; ਉਹ ਪਿਛਲੇ ਸਾਢੇ ਚਾਰ ਸਾਲਾਂ ਤੋਂ ਅਜਿਹਾ ਕਰ ਰਹੇ ਹਨ। ਉੱਥੇ ਕਰੀਬ 500 ਲੋਕ ਮੌਜੂਦ ਸਨ। ਮੈਂ ਆਪਣੀ ਗੱਡੀ (ਬਾਕੀ ਸਫ਼ਾ 2 ’ਤੇ)

ਹਵਾਈ ਸੈਨਾ ਦੇ ਪਾਇਲਟ ਦੇਸੀ ਜਹਾਜ਼ਾਂ ’ਤੇ ਸਿਖਲਾਈ ਲੈਣਗੇ: ਰੱਖਿਆ ਮੰਤਰੀ

- ਇਸ ਦੇ 57% ਪੁਰਜ਼ੇ ਭਾਰਤ ਵਿੱਚ ਬਣੇ ਹਨ; ਤੇਜਸ ਜਹਾਜ਼ ਵੀ ਸੌਂਪੇ ਗਏ; ਪਵਨ ਹੰਸ ਨੂੰ 4 ਧਰੁਵ ਹੈਲੀਕਾਪਟਰ ਮਿਲੇ

ਬੈਂਗਲੁਰੂ, 18 ਸਤੰਬਰ (ਪੈ.ਗਾਮ-ਏ-ਜਗਤ)

ਭਾਰਤੀ ਹਵਾਈ ਸੈਨਾ ਨੂੰ ਸ਼ੁੱਕਰਵਾਰ ਨੂੰ ਦੇਸੀ ਸਿਖਲਾਈ ਜਹਾਜ਼ (ਟ੍ਰੇਨਰ ਏਅਰਕ੍ਰਾਫਟ) ਐਚਟੀਟੀ-40 ਪ੍ਰਾਪਤ ਹੋਇਆ। ਇਸ ਦਾ ਨਾਂ ‘ਅੰਕੁਰ’ ਰੱਖਿਆ ਗਿਆ ਹੈ। ਇਹ ਜਹਾਜ਼ ਹਿੰਦੁਸਤਾਨ ਏਅਰੋਨਾਟਿਕਸ ਲਿਮਿਟੇਡ ਦੁਆਰਾ ਵਿਕਸਤ ਕੀਤਾ ਗਿਆ ਹੈ।



ਹਵਾਈ ਸੈਨਾ ਨੇ 2023 ਵਿੱਚ 70 ਐਚਟੀਟੀ-40 ਜਹਾਜ਼ਾਂ ਲਈ ਸਮਝੌਤਾ ਕੀਤਾ ਸੀ। ਸਮਝੌਤੇ ਅਨੁਸਾਰ, ਸਪੁਰਦਗੀ ਸਤੰਬਰ 2025 ਵਿੱਚ ਸ਼ੁਰੂ ਹੋਣੀ ਸੀ; ਹਾਲਾਂਕਿ, ਇਸ ਵਿੱਚ ਲਗਭਗ ਇੱਕ ਸਾਲ ਦੀ ਦੇਰੀ ਹੋਈ। ਇਸ ਤੋਂ ਇਲਾਵਾ, ਹਾਲ ਨੇ ਹਵਾਈ ਸੈਨਾ ਨੂੰ ਦੋ ਤੇਜਸ ਟ੍ਰੇਨਰ ਜਹਾਜ਼ ਸੌਂਪੇ। ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਸ਼ਹਿਰੀ ਹਵਾਬਾਜ਼ੀ ਮੰਤਰੀ ਕੇ. ਰਾਮਮੋਹਨ ਨਾਇਡੂ ਨੇ ਸ਼ੁੱਕਰਵਾਰ ਨੂੰ ਬੈਂਗਲੁਰੂ ਵਿੱਚ ਜਹਾਜ਼ ਸੌਂਪਣ ਦੀ ਰਸਮ ਵਿੱਚ ਸ਼ਿਰਕਤ ਕੀਤੀ। ਰੱਖਿਆ ਮੰਤਰੀ ਨੇ ਜਹਾਜ਼ ਲਈ ਪੂਜਾ ਕੀਤੀ। ਸਮਾਗਮ ਦੌਰਾਨ, ਹਾਲ ਨੇ ਪਵਨ ਹੰਸ ਲਿਮਿਟੇਡ ਨੂੰ ਚਾਰ ਨਵੇਂ ਧਰੁਵ ਹੈਲੀਕਾਪਟਰ ਸੌਂਪੇ। ਰਾਜਨਾਥ ਇੱਕ ਹੈਲੀਕਾਪਟਰ ਦੇ ਕਾਕਪਿਟ ਵਿੱਚ ਵੀ ਬੈਠੇ। ਹਾਲ ਨੇ ਭਾਰਤੀ ਹਵਾਈ ਸੈਨਾ ਨੂੰ ਐਚਟੀਟੀ-40 ਬੇਸਿਕ ਟ੍ਰੇਨਰ ਜਹਾਜ਼ ਸੌਂਪਿਆ। ਇਸ ਦਾ ਨਾਂ ‘ਅੰਕੁਰ’ ਰੱਖਿਆ ਗਿਆ ਸੀ। ਇਸ ਨੂੰ ਭਾਰਤੀ ਰੱਖਿਆ ਸੇਵਾਵਾਂ ਦੀਆਂ ਸ਼ੁਰੂਆਤੀ ਪਾਇਲਟ (ਬਾਕੀ ਸਫ਼ਾ 2 ’ਤੇ)

ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਨੂੰ ਮਿਲੇਗਾ 50 ਫ਼ੀਸਦੀ ਮਹਿੰਗਾਈ ਭੱਤਾ



ਚੰਡੀਗੜ੍ਹ/ਪੈ.ਗਾਮ-ਏ-ਜਗਤ (ਗੁਰਜੀਤ ਸਿੰਘ ਬਿੱਲਾ)

ਪੰਜਾਬ ਸਰਕਾਰ ਨੇ ਮੁਲਾਜ਼ਮਾਂ ਨਾਲ ਬਣੀ ਦਰਾੜ ਨੂੰ ਭਰਨ ਲਈ ਪਹਿਲੀ ਅਕਤੂਬਰ ਤੋਂ ਸਰਕਾਰੀ ਮੁਲਾਜ਼ਮਾਂ ਨੂੰ ਪੰਜਾਹ ਫ਼ੀਸਦੀ ਡੀ ਏ ਦੇਣ ਦਾ ਐਲਾਨ ਕੀਤਾ ਹੈ। ਅੱਜ ਮੁੱਖ ਮੰਤਰੀ ਅਤੇ ਸਾਂਝੀ ਤਾਲਮੇਲ ਕਮੇਟੀ ਵਿਚਾਲੇ ਮਹਿੰਗਾਈ ਭੱਤੇ ਨੂੰ ਲੈ ਕੇ ਸਹਿਮਤੀ ਬਣ ਗਈ ਹੈ। ਮੁੱਖ ਮੰਤਰੀ ਨਿਵਾਸ ’ਤੇ ਹੋਈ ਮੀਟਿੰਗ ’ਚ ਹੋਏ ਫ਼ੈਸਲਿਆਂ ਤੋਂ ਕੈਬਨਿਟ ਮੰਤਰੀ ਅਮਨ ਅਰੋੜਾ ਤੇ ਸਾਂਝੀ ਤਾਲਮੇਲ ਕਮੇਟੀ ਨੇ ਸਾਂਝੀ ਪ੍ਰੈੱਸ ਕਾਨਫ਼ਰੰਸ ਕਰਕੇ ਜਾਣੂ ਕਰਾਇਆ। ਸਰਕਾਰ ਨੇ ਸਤੰਬਰ ਦੀ ਤਨਖ਼ਾਹ ਦਾ ਡੀਏ ਅਕਤੂਬਰ ਦੀ ਤਨਖਾਹ ਨਾਲ ਦੋ ਕਿਸ਼ਤਾਂ ਵਿੱਚ ਦੇਣ ਦਾ ਫ਼ੈਸਲਾ ਕੀਤਾ ਹੈ। ਪੰਜਾਬ ਸਰਕਾਰ ਪਹਿਲੀ ਅਕਤੂਬਰ ਤੋਂ 50 ਫ਼ੀਸਦੀ ਮਹਿੰਗਾਈ ਭੱਤਾ ਦੇਵੇਗੀ। ਨਵੇਂ ਫ਼ੈਸਲੇ ਨਾਲ ਹੁਣ ਡੀ ਏ 42 ਫ਼ੀਸਦੀ ਤੋਂ ਵੱਧ ਕੇ 50 ਫ਼ੀਸਦੀ ਹੋ ਗਿਆ ਹੈ। ਪੰਜਾਬ ਸਰਕਾਰ ਦੇ (ਬਾਕੀ ਸਫ਼ਾ 2 ’ਤੇ)

ਮੁੱਖ ਮੰਤਰੀ ਅਤੇ ਮੁਲਾਜ਼ਮ ਧਿਰਾਂ ’ਚ ਬਣੀ ਸਹਿਮਤੀ

ਸਰਕਾਰ ਅਤੇ ਮੁਲਾਜ਼ਮਾਂ ਵਿਚਕਾਰ ਖ਼ਤਮ ਹੋਈ ਕੁੜੱਤਣ : ਅਮਨ ਅਰੋੜਾ



ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਅੱਜ ਦੀ ਮੀਟਿੰਗ ਨਾਲ ਟਕਰਾਅ ਤੇ ਕੁੜੱਤਣ ਖ਼ਤਮ ਹੋਈ ਹੈ ਤੇ ਮੁਲਾਜ਼ਮਾਂ ਦੇ ਬਾਕੀ ਮਸਲੇ ਵੀ ਹੱਲ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਮੁਲਾਜ਼ਮ ਪਰਿਵਾਰ ਦਾ ਹਿੱਸਾ ਹਨ ਅਤੇ ਡੀ ਏ ਨੂੰ ਲੈ ਕੇ ਅਦਾਲਤ ’ਚ ਚੱਲ ਰਹੇ ਕੇਸ ਬਾਰੇ ਵੀ ਅੱਜ ਮੀਟਿੰਗ ’ਚ ਚਰਚਾ ਹੋਈ ਹੈ। ਦੱਸਣਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਪਿਛਲੇ ਮਹੀਨੇ 27 ਅਗਸਤ ਨੂੰ ਮੁਲਾਜ਼ਮ ਆਗੂਆਂ ਨਾਲ ਗੱਲਬਾਤ ਕਰਨ ਤੋਂ ਨਾਂਹ ਕਰ ਦਿੱਤੀ ਸੀ ਜਿਸ ਦਿਨ ਪੰਜਾਬ ’ਚ ਮੁਲਾਜ਼ਮ ਸਮੂਹਿਕ ਛੁੱਟੀ ’ਤੇ ਚਲੇ ਗਏ ਸਨ। ਮੁੱਖ ਮੰਤਰੀ ਮਾਨ ਨੇ ਕਿਹਾ ਸੀ ਕਿ ਗੱਲਬਾਤ ਤੇ ਹੜਤਾਲ ਇਕੱਠੇ ਨਹੀਂ ਚੱਲ ਸਕਦੇ। ਉਸ ਮਗਰੋਂ ਦੋਵਾਂ ਧਿਰਾਂ ’ਚ ਜਮੂਦ (ਬਾਕੀ ਸਫ਼ਾ 2 ’ਤੇ)

ਪਾਕਿਸਤਾਨ ਦੀ ਇੱਕ ਮਸਜਿਦ ਵਿੱਚ ਆਤਮਘਾਤੀ ਧਮਾਕਾ; 16 ਲੋਕਾਂ ਦੀ ਮੌਤ

- 50 ਤੋਂ ਵੱਧ ਜ਼ਖਮੀਆਂ ਨੂੰ ਹਸਪਤਾਲ ਵਿੱਚ ਕਰਵਾਇਆ ਗਿਆ ਭਰਤੀ



ਪੇਸ਼ਾਵਰ, 18 ਸਤੰਬਰ (ਪੈ.ਗਾਮ-ਏ-ਜਗਤ)

ਪਾਕਿਸਤਾਨ ਦੇ ਕੋਹਾਟ ਜ਼ਿਲ੍ਹੇ ਵਿੱਚ ਪੁਲੀਸ ਲਾਈਨ ਨੇੜੇ ਸਥਿਤ ਇੱਕ ਮਸਜਿਦ ’ਚ ਸ਼ੁੱਕਰਵਾਰ (ਜੁਮੇ) ਦੀ ਨਮਾਜ਼ ਦੌਰਾਨ ਹੋਏ ਆਤਮਘਾਤੀ ਧਮਾਕੇ ਵਿੱਚ ਘੱਟੋ-ਘੱਟ 16 ਲੋਕਾਂ ਦੀ ਮੌਤ ਹੋ ਗਈ ਅਤੇ ਕਈ ਹੋਰ ਲੋਕ ਜ਼ਖ਼ਮੀ ਹੋ ਗਏ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਧਮਾਕਾ ਖ਼ੈਬਰ ਪਖ਼ਤੂਨਖ਼ਵਾ ਦੀ ਰਾਜਧਾਨੀ ਪੇਸ਼ਾਵਰ ਤੋਂ ਲਗਪਗ 60 ਕਿਲੋਮੀਟਰ ਦੱਖਣ-ਪੱਛਮ ਵੱਲ ਕੋਹਾਟ ਜ਼ਿਲ੍ਹੇ ਵਿੱਚ ਸਥਿਤ ਪੁਰਾਣੀ ਪੁਲੀਸ ਲਾਈਨ ਦੇ ਨੇੜੇ ਬਣੀ ਮਸਜਿਦ ਵਿੱਚ ਹੋਇਆ। ਸੂਬਾਈ ਪੁਲੀਸ ਮੁਖੀ ਜ਼ੁਲਫਿਕਾਰ ਹਮੀਦ ਨੇ ਕਿਹਾ ਕਿ ਖ਼ੈਬਰ ਪਖ਼ਤੂਨਖ਼ਵਾ ਸੂਬੇ ਵਿੱਚ ਕੋਹਾਟ ਪੁਲੀਸ ਲਾਈਨ ਦੀ ਮਸਜਿਦ ਵਿੱਚ ਜੁਮੇ ਦੀ ਨਮਾਜ਼ ਦੌਰਾਨ ਹੋਏ ਆਤਮਘਾਤੀ ਧਮਾਕੇ ਵਿੱਚ ਘੱਟੋ-ਘੱਟ (ਬਾਕੀ ਸਫ਼ਾ 2 ’ਤੇ)

ਅੰਮ੍ਰਿਤਸਰ ਵਿੱਚ ਇੱਕੋ ਰਾਤ ਦੋ ਕਤਲ

ਡਿਊਟੀ ’ਤੇ ਤਾਇਨਾਤ ਏ.ਐਸ.ਆਈ. ਅਤੇ ਇੱਕ ਨੌਜਵਾਨ ਦੀ ਗੋਲੀ ਮਾਰ ਕੇ ਹੱਤਿਆ

ਅੰਮ੍ਰਿਤਸਰ, 18 ਸਤੰਬਰ (ਪੈ.ਗਾਮ-ਏ-ਜਗਤ)

ਅੰਮ੍ਰਿਤਸਰ ਵਿੱਚ ਸ਼ੁੱਕਰਵਾਰ ਦੀ ਰਾਤ ਅਤੇ ਸਵੇਰ ਦੇ ਸ਼ੁਰੂਆਤੀ ਘੰਟੇ ਖ਼ੂਨ-ਖ਼ਰਾਬੇ ਨਾਲ ਕਲੰਕਿਤ ਹੋ ਗਏ। ਸ਼ਹਿਰ ਦੇ ਵੱਖ-ਵੱਖ ਥਾਣਾ ਖੇਤਰਾਂ ਵਿੱਚ ਵਾਪਰੀਆਂ ਵੱਖ-ਵੱਖ ਘਟਨਾਵਾਂ ਦੌਰਾਨ ਦੋ ਵਿਅਕਤੀਆਂ, ਜਿਨ੍ਹਾਂ ਵਿੱਚ ਡਿਊਟੀ ’ਤੇ ਤਾਇਨਾਤ ਇੱਕ ਸਹਾਇਕ ਸਬ-ਇੰਸਪੈਕਟਰ ਵੀ ਸ਼ਾਮਲ ਸੀ, ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਭਗਤਾਂਵਾਲਾ ਅਨਾਜ ਮੰਡੀ ਵਿਖੇ ਪੀ.ਸੀ.ਆਰ. ਯੂਨਿਟ ਨਾਲ ਤਾਇਨਾਤ ਏ.ਐਸ.ਆਈ. ਹਰਜੀਤ ਸਿੰਘ ਨੂੰ ਮੋਟਰਸਾਈਕਲ ਸਵਾਰ ਹਮਲਾਵਰਾਂ ਨੇ ਨਿਸ਼ਾਨਾ ਬਣਾਇਆ, ਜਦਕਿ ਸਾਹਿਲਪ੍ਰੀਤ ਸਿੰਘ ਨੂੰ ਸੁਰਤਾ ਸਿੰਘ ਰੋਡ ’ਤੇ ਰਾਤ ਦੇ ਖਾਣੇ ਤੋਂ ਬਾਅਦ ਸੈਰ ਕਰਦੇ ਸਮੇਂ ਐਕਟਿਵਾ ਸਕੂਟਰ ਸਵਾਰ ਨੌਜਵਾਨਾਂ ਨੇ ਗੋਲੀ ਮਾਰ ਦਿੱਤੀ। ਪੁਲਿਸ ਦੋਵਾਂ ਮਾਮਲਿਆਂ ਵਿੱਚ ਦੋਸ਼ੀਆਂ ਦੀ ਭਾਲ ਕਰ ਰਹੀ ਹੈ।



ਸ਼ੁੱਕਰਵਾਰ ਸਵੇਰੇ ਅੰਮ੍ਰਿਤਸਰ ਵਿੱਚ ਡਿਊਟੀ ਦੌਰਾਨ ਏ.ਐਸ.ਆਈ. ਹਰਜੀਤ ਸਿੰਘ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਗੇਟ ਹਕੀਮਾ ਥਾਣਾ ਖੇਤਰ ਅਧੀਨ ਆਉਂਦੀ ਭਗਤਾਂਵਾਲਾ ਅਨਾਜ ਮੰਡੀ ਨੇੜੇ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਨੇ ਕਥਿਤ ਤੌਰ ’ਤੇ ਉਨ੍ਹਾਂ ’ਤੇ ਗੋਲੀਆਂ ਚਲਾਈਆਂ। ਹਮਲੇ ਦੌਰਾਨ ਤਿੰਨ ਗੋਲੀਆਂ ਲੱਗਣ ਤੋਂ ਬਾਅਦ ਉਨ੍ਹਾਂ ਨੂੰ ਤੁਰੰਤ ਇੱਕ ਨਿੱਜੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। (ਬਾਕੀ ਸਫ਼ਾ 2 ’ਤੇ)

ਪੇਪਰ ਲੀਕ ਰੋਕਣ ਦੇ ਪ੍ਰਬੰਧਾਂ ਦੀ ਜਾਂਚ ਕਰੇਗਾ ਸੁਪਰੀਮ ਕੋਰਟ

ਨਵੀਂ ਦਿੱਲੀ, 18 ਸਤੰਬਰ (ਪੈ.ਗਾਮ-ਏ-ਜਗਤ)

ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਲੋੜ ਪੈਣ ’ਤੇ ਨੀਟ ਪ੍ਰੀਖਿਆ ਸਿਸਟਮ ਦੀ ਜਾਂਚ ਲਈ ਜੱਜ ਰਾਸ਼ਟਰੀ ਪ੍ਰੀਖਿਆ ਏਜੰਸੀ (ਐੱਨ. ਟੀ. ਏ.) ਦੇ ਦਫ਼ਤਰ ਦਾ ਦੌਰਾ ਕਰਨਗੇ। ਉਹ ਦੇਖਣਗੇ ਕਿ ਪ੍ਰੀਖਿਆ ਨੂੰ ਸੁਰੱਖਿਅਤ ਅਤੇ ਪਾਰਦਰਸ਼ੀ ਤਰੀਕੇ ਨਾਲ ਕਰਵਾਉਣ ਦੇ ਪ੍ਰਬੰਧ ਅਸਲ ਵਿਚ ਕੰਮ ਕਰ ਰਹੇ ਹਨ ਜਾਂ ਨਹੀਂ। ਐੱਨ. ਟੀ. ਏ., ‘ਨੀਟ-ਯੂ. ਜੀ.’ ਆਯੋਜਿਤ ਕਰਵਾਉਂਦਾ ਹੈ ਅਤੇ ਵਾਰ-ਵਾਰ ਪ੍ਰਸ਼ਨ ਪੱਤਰ ਲੀਕ ਹੋਣ ਕਰ ਕੇ ਆਲੋਚਨਾਵਾਂ ਦਾ ਸਾਹਮਣਾ ਕਰ ਰਿਹਾ ਹੈ।



ਐੱਨ. ਟੀ. ਏ. ਨੇ ਜਸਟਿਸ ਪੀ. ਐੱਸ. ਨਰਸਿਮ੍ਹਾ ਅਤੇ ਜਸਟਿਸ ਆਲੋਕ ਅਰਾਧੇ ਦੀ ਬੈਂਚ ਨੂੰ ਦੱਸਿਆ ਕਿ ਉਸ ਨੇ ਪ੍ਰਣਾਲੀ ਨੂੰ ਪੂਰੀ ਤਰ੍ਹਾਂ ਸੁਰੱਖਿਅਤ ਬਣਾਉਣ ਲਈ ਆਪਣੇ ਪੂਰੇ ਤੰਤਰ ਵਿਚ ਬਦਲਾਅ ਕੀਤਾ ਹੈ ਜਿਸ ਵਿਚ ਪ੍ਰਸ਼ਾਸਨਿਕ ਢਾਂਚੇ ਤੋਂ ਲੈ ਕੇ ਬੁਨਿਆਦੀ ਢਾਂਚੇ ਤੱਕ, ਸਭ ਕੁਝ ਸ਼ਾਮਲ ਹੈ। ਜਸਟਿਸ ਨਰਸਿਮ੍ਹਾ ਨੇ ਕੇਂਦਰ ਵੱਲੋਂ ਪੇਸ਼ ਹੋਏ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੂੰ ਕਿਹਾ ਕਿ ਉਹ ਅਤੇ ਜਸਟਿਸ ਅਰਾਧੇ, ਪ੍ਰਣਾਲੀ ਦੀ ਜਾਂਚ ਕਰਨ ਲਈ ਐੱਨ. ਟੀ. ਏ. ਦੀ ਨਵੀਂ ਵਿਵਸਥਾ ਵਾਲੀ ਜਗ੍ਹਾ ਦਾ ਦੌਰਾ ਕਰਨਾ ਚਾਹੁਣਗੇ। ਬੈਂਚ ਨੇ ਮਹਿਤਾ ਨੂੰ ਕਿਹਾ ਕਿ ਵਾਰ-ਵਾਰ ਹੋਣ ਵਾਲੇ ਪ੍ਰਸ਼ਨ ਪੱਤਰ ਲੀਕ ਨੂੰ ਰੋਕਣ ਲਈ ਐੱਨ. ਟੀ. ਏ. ਦੀ ਪ੍ਰਣਾਲੀ ਨੂੰ ਸੰਸਥਾਗਤ ਤੌਰ ’ਤੇ ਮਜ਼ਬੂਤ ਕਰਨਾ ਬਹੁਤ ਜ਼ਰੂਰੀ ਹੈ। ਸਿਰਫ਼ ਫੌਰੀ ਜਾਂ ਆਰਜ਼ੀ (ਬਾਕੀ ਸਫ਼ਾ 2 ’ਤੇ)

ਏਅਰ ਇੰਡੀਆ ਐਕਸਪ੍ਰੈਸ ਦੇ 8 ਕਰੂ ਮੈਂਬਰ ਮੁਅੱਤਲ, ਜਿਨ੍ਹਾਂ ਵਿੱਚ 4 ਪਾਇਲਟ ਸ਼ਾਮਲ

- ਨਿਰਧਾਰਤ ਸਮੇਂ ਦੇ ਅੰਦਰ ਅਲਕੋਹਲ ਟੈਸਟ ਨਾ ਕਰਵਾਉਣਾ; ਦੁਬਈ-ਅੰਮ੍ਰਿਤਸਰ ਉਡਾਣ ਨਾਲ ਜੁੜੀ ਘਟਨਾ



ਨਵੀਂ ਦਿੱਲੀ, 18 ਸਤੰਬਰ (ਪੈ.ਗਾਮ-ਏ-ਜਗਤ)

ਏਅਰ ਇੰਡੀਆ ਐਕਸਪ੍ਰੈਸ ਨੇ ਦੁਬਈ-ਅੰਮ੍ਰਿਤਸਰ ਉਡਾਣ ਦੇ ਅੱਠ ਕਰੂ ਮੈਂਬਰਾਂ (ਅਮਲੇ ਦੇ ਮੈਂਬਰਾਂ) - ਜਿਨ੍ਹਾਂ ਵਿੱਚ ਚਾਰ ਪਾਇਲਟ ਸ਼ਾਮਲ ਹਨ ਨੂੰ ਤਿੰਨ ਮਹੀਨਿਆਂ ਲਈ ਮੁਅੱਤਲ ਕਰ ਦਿੱਤਾ ਹੈ। ਇਹ ਕਾਰਵਾਈ ਉਡਾਣ ਤੋਂ ਬਾਅਦ ਲਾਜ਼ਮੀ ‘ਬ੍ਰੈਥ ਐਨਾਲਾਈਜ਼ਰ’ (ਅਲਕੋਹਲ) ਟੈਸਟ ਵਿੱਚ ਦੇਰੀ ਕਾਰਨ ਕੀਤੀ ਗਈ ਹੈ।

ਇਹ ਘਟਨਾ 2 ਅਗਸਤ ਦੀ ਦੁਬਈ-ਅੰਮ੍ਰਿਤਸਰ ਉਡਾਣ ਨਾਲ ਸਬੰਧਤ ਹੈ। ਅਮਲੇ ਲਈ ਅੰਮ੍ਰਿਤਸਰ ਸਥਿਤ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ’ਤੇ ਉਤਰਨ ਤੋਂ ਦੋ ਘੰਟਿਆਂ ਦੇ ਅੰਦਰ-ਅੰਦਰ ਬ੍ਰੈਥ ਐਨਾਲਾਈਜ਼ਰ ਟੈਸਟ ਕਰਵਾਉਣਾ ਲਾਜ਼ਮੀ ਸੀ। ਮੀਡੀਆ ਰਿਪੋਰਟਾਂ ਅਨੁਸਾਰ, ਅਮਲੇ ਦੇ ਮੈਂਬਰ ਪਹਿਲਾਂ ਆਪਣੇ ਹੋਟਲ ਚਲੇ ਗਏ ਸਨ। ਉਹ ਬਾਅਦ ਵਿੱਚ ਹਵਾਈ ਅੱਡੇ ’ਤੇ ਵਾਪਸ ਆਏ ਅਤੇ ਦੋ ਘੰਟੇ ਪੈਂਤੀ ਮਿੰਟ ਬਾਅਦ ਟੈਸਟ ਕਰਵਾਇਆ। ਅੱਠਾਂ ਮੈਂਬਰਾਂ ਦੀ ਰਿਪੋਰਟ ਨੈਗੇਟਿਵ ਆਈ, ਭਾਵ ਉਨ੍ਹਾਂ ਦੇ ਸਰੀਰ ਵਿੱਚ ਕੋਈ ਅਲਕੋਹਲ ਨਹੀਂ ਪਾਈ ਗਈ। ਇਸ ਦੇ ਬਾਵਜੂਦ, ਨਿਰਧਾਰਤ ਸਮੇਂ ਦੇ ਅੰਦਰ ਟੈਸਟ ਨਾ ਕਰਵਾਉਣ ਨੂੰ ਨਿਯਮਾਂ ਦੀ (ਬਾਕੀ ਸਫ਼ਾ 2 ’ਤੇ)

ਪੰਜਾਬ ਕੋਲ ਕਿਸੇ ਹੋਰ ਸੂਬੇ ਨੂੰ ਦੇਣ ਲਈ ਵਾਧੂ ਪਾਣੀ ਨਹੀਂ : ਸੀਐਮ ਮਾਨ

ਲੁਧਿਆਣਾ, 18 ਸਤੰਬਰ (ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ੁੱਕਰਵਾਰ ਨੂੰ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਕੋਲ ਕਿਸੇ ਹੋਰ ਸੂਬੇ ਨੂੰ ਦੇਣ ਲਈ ਵਾਧੂ ਪਾਣੀ ਨਹੀਂ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਿਸੇ ਨਾਲ ਪਾਣੀ ਦੀ ਇੱਕ ਬੂੰਦ ਵੀ ਸਾਂਝੀ ਕਰਨ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਮਾਨ ਨੇ ਇਹ ਗੱਲਾਂ ਲੁਧਿਆਣਾ ਸਥਿਤ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.) ਵਿਖੇ ਦੋ-ਰੋਜ਼ਾ ਕਿਸਾਨ ਮੇਲੇ ਦਾ ਉਦਘਾਟਨ ਕਰਦਿਆਂ ਕਹੀਆਂ।

ਸੰਬੋਧਨ ਦੌਰਾਨ ਸੀ ਐੱਮ ਮਾਨ ਨੇ ਇਸ ਮੇਲੇ ਨਾਲ ਆਪਣੇ ਪੁਰਾਣੇ ਰਿਸ਼ਤੇ ਦਾ ਜ਼ਿਕਰ ਕਰਦਿਆਂ ਯਾਦ ਕੀਤਾ ਕਿ ਕਿਵੇਂ ਉਹ ਇੱਕ ਕਲਾਕਾਰ ਵਜੋਂ ਆਪਣੇ ਸਮੇਂ ਦੌਰਾਨ ਵੀ ਇਸ ਮੇਲੇ ਵਿੱਚ ਸ਼ਿਰਕਤ ਕਰਦੇ ਰਹੇ ਸਨ।

ਮਾਨ ਨੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕਰਨ ਅਤੇ ਖੇਤੀਬਾੜੀ ਨੂੰ ਇੱਕ ਆਧੁਨਿਕ ਤੇ ਲਾਹੇਵੰਦ ਧੰਦਾ ਬਣਾਉਣ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ, ਨਾਲ ਹੀ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਪੰਜਾਬ ਦੇ ਅਨਮੋਲ ਜਲ ਸਰੋਤਾਂ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ, ਪੰਜਾਬ ਕੋਲ ਕਿਸੇ ਹੋਰ ਸੂਬੇ ਨਾਲ ਸਾਂਝਾ ਕਰਨ ਲਈ ਕੋਈ ਵਾਧੂ ਪਾਣੀ ਨਹੀਂ ਹੈ। ਇੱਕ ਬੂੰਦ ਵੀ ਦੇਣ ਦਾ ਸਵਾਲ ਹੀ ਨਹੀਂ ਉੱਠਦਾ। ਪੁਰਾਣੇ ਹਾਕਮਾਂ ਨੇ ਆਪਣੇ ਨਿੱਜੀ ਸੁਆਰਥਾਂ ਲਈ ਸੂਬੇ ਦਾ ਵਾਧੂ ਦਰਿਆਈ ਪਾਣੀ ਦੇ ਕੇ ਪੰਜਾਬ ਦੇ ਹਿੱਤਾਂ ਨੂੰ ਖ਼ਤਰੇ ਵਿੱਚ ਪਾਇਆ। ਸਾਡੀ ਸਰਕਾਰ ਨੇ ਯਕੀਨੀ ਬਣਾਇਆ ਹੈ ਕਿ ਪੰਜਾਬ ਦੇ ਹਿੱਤਾਂ ਨਾਲ ਅਜਿਹੇ ਸਮਝੌਤੇ ਦੁਬਾਰਾ ਨਾ ਦੁਹਰਾਏ ਜਾਣ।

ਮਾਨ ਨੇ ਨਹਿਰੀ ਸਿੰਚਾਈ ਹੇਠ ਰਕਬਾ 88 ਫੀਸਦੀ ਤੱਕ ਵਧਾਉਣ, 14,000 ਕਿਲੋਮੀਟਰ ਅੰਡਰਗ੍ਰਾਊਂਡ ਪਾਈਪਲਾਈਨਾਂ ਵਿਛਾਉਣ (ਸਾਲ ਦੇ ਅੰਤ ਤੱਕ ਹੋਰ 7,000 ਕਿਲੋਮੀਟਰ ਦਾ ਟੀਚਾ) ਅਤੇ ਇਸ ਦੇ ਨਤੀਜੇ ਵਜੋਂ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਹੋਏ ਸੁਧਾਰ ਬਾਰੇ ਚਾਨਣਾ ਪਾਇਆ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਪੀ ਏ ਯੂ ਦੀ ਬੀਜ ਖੋਜ ਨੂੰ ਮਜ਼ਬੂਤ ਕਰ ਰਹੀ ਹੈ, ਬਾਗ਼ਬਾਨੀ ਵਿੱਚ 1,300 ਕਰੋੜ ਰੁਪਏ ਦਾ ਨਿਵੇਸ਼ ਕਰ ਰਹੀ ਹੈ ਅਤੇ ਦੇਸ਼ ਵਿੱਚ ਸਭ ਤੋਂ ਵੱਧ ਗੰਨੇ ਦਾ ਭਾਅ 416 ਰੁਪਏ ਪ੍ਰਤੀ ਕੁਇੰਟਲ ਯਕੀਨੀ ਬਣਾ ਰਹੀ ਹੈ। ਉਨ੍ਹਾਂ ਨੇ ਕੇਂਦਰ ਸਰਕਾਰ ਨੂੰ ਬਦਲਵੀਆਂ ਫ਼ਸਲਾਂ (ਬਾਕੀ ਸਫ਼ਾ 2 ’ਤੇ)

- ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਕੀਤਾ ਦੋ-ਰੋਜ਼ਾ ਕਿਸਾਨ ਮੇਲੇ ਦਾ ਉਦਘਾਟਨ



ਬੈਨਰਜੀ ਦੀ ਪਾਰਟੀ ਦਾ ਨਾਮ ‘ਮਮਤਾ ਟੀਐਮਸੀ’ ਰੱਖਿਆ

ਕੋਲਕਾਤਾ: ਬੰਗਾਲ ਵਿੱਚ ਵਿਧਾਨ ਸਭਾ ਦੀਆਂ ਦੋ ਸੀਟਾਂ ਲਈ ਹੋਣ ਵਾਲੀਆਂ ਜ਼ਿਮਨੀ ਚੋਣਾਂ ਤੋਂ ਅਠਾਰਾਂ ਦਿਨ ਪਹਿਲਾਂ, ਚੋਣ ਕਮਿਸ਼ਨ ਨੇ ਟੀਐਮਸੀ ਦੇ ਦੋਵਾਂ ਧੜਿਆਂ ਨੂੰ ਵੱਖੋ-ਵੱਖਰੇ ਨਾਮ ਅਤੇ ਚੋਣ ਨਿਸ਼ਾਨ ਅਲਾਟ ਕੀਤੇ ਹਨ। ਮਮਤਾ ਬੈਨਰਜੀ ਦੇ ਧੜੇ ਨੂੰ ‘ਮਮਤਾ ਆਲ ਇੰਡੀਆ ਤ੍ਰਿਣਮੂਲ ਕਾਂਗਰਸ’ ਨਾਮ ਅਤੇ ‘ਫੁੱਟਬਾਲ ਖਿਡਾਰੀ’ ਦਾ ਚੋਣ ਨਿਸ਼ਾਨ ਦਿੱਤਾ ਗਿਆ ਹੈ, ਜਦਕਿ ਦੂਜੇ ਧੜੇ ਨੂੰ ‘ਡੈਮੋਕ੍ਰੇਟਿਕ ਤ੍ਰਿਣਮੂਲ ਕਾਂਗਰਸ’ ਨਾਮ ਅਤੇ ‘ਲਿਫ਼ਾਫ਼ਾ’ ਚੋਣ ਨਿਸ਼ਾਨ ਅਲਾਟ ਕੀਤਾ ਗਿਆ ਹੈ।



ਇਸ ਤੋਂ ਇੱਕ ਦਿਨ ਪਹਿਲਾਂ, ਕਮਿਸ਼ਨ ਨੇ ਦੋਵਾਂ ਧੜਿਆਂ ਨੂੰ ‘ਆਲ ਇੰਡੀਆ ਤ੍ਰਿਣਮੂਲ ਕਾਂਗਰਸ’ ਨਾਮ ਅਤੇ ਅਸਲ ‘ਫੁੱਲ ਅਤੇ ਘਾਹ’ ਵਾਲੇ ਚੋਣ ਨਿਸ਼ਾਨ ਦੀ ਵਰਤੋਂ ਕਰਨ ਤੋਂ ਰੋਕ ਦਿੱਤਾ ਸੀ। ਇਹ ਇੱਕ ਅਸਥਾਈ ਪ੍ਰਬੰਧ ਹੈ; ਅਸਲ ਨਾਮ ਅਤੇ ਚੋਣ ਨਿਸ਼ਾਨ ਬਾਰੇ (ਬਾਕੀ ਸਫ਼ਾ 2 ’ਤੇ)

ਨਿਠਾਰੀ ਕੇਸ ਦੇ ਮੁਲਜ਼ਮ ਸੁਰਿੰਦਰ ਕੋਲੀ ਦੀ ਲਾਸ਼ ਫਾਹੇ ਨਾਲ ਲਟਕਦੀ ਮਿਲੀ

ਹਰਿਦੁਆਰ, 18 ਸਤੰਬਰ (ਪੈ.ਗਾਮ-ਏ-ਜਗਤ)

ਨਿਠਾਰੀ ਕੇਸ ਦੇ ਮੁਲਜ਼ਮ ਸੁਰਿੰਦਰ ਕੋਲੀ ਦੀ ਲਾਸ਼ ਸ਼ੁੱਕਰਵਾਰ ਨੂੰ ਹਰਿਦੁਆਰ ਦੇ ਭੂਪਤਵਾਲਾ ਇਲਾਕੇ ਵਿੱਚ ਸਥਿਤ ਉਸ ਦੀ ਚਾਹ ਦੀ ਦੁਕਾਨ ਵਿੱਚ ਫਾਹੇ ਨਾਲ ਲਟਕਦੀ ਮਿਲੀ। ਉਹ ਪਿਛਲੇ ਕੁਝ ਮਹੀਨਿਆਂ ਤੋਂ ਆਪਣੀ ਅਸਲ ਪਛਾਣ ਲੁਕਾ ਕੇ ਹਰਿਦੁਆਰ ਵਿੱਚ ਰਹਿ ਰਿਹਾ ਸੀ। ਮੁੱਢਲੀਆਂ ਰਿਪੋਰਟਾਂ ਮੁਤਾਬਕ ਉਸ ਨੇ ਕਥਿਤ ਤੌਰ ’ਤੇ ਖ਼ੁਦਕੁਸ਼ੀ ਕੀਤੀ ਹੈ, ਹਾਲਾਂਕਿ ਪੁਲਿਸ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ।

ਲਗਭਗ 19 ਸਾਲ ਜੇਲ੍ਹ ਵਿੱਚ ਕੱਟਣ ਤੋਂ ਬਾਅਦ, ਸੁਪਰੀਮ ਕੋਰਟ ਵੱਲੋਂ ਆਪਣੇ ਖਿਲਾਫ ਚੱਲ ਰਹੇ ਆਖਰੀ ਕੇਸ ਵਿੱਚ ਬਰੀ ਕੀਤੇ ਜਾਣ ’ਤੇ ਉਹ ਨਵੰਬਰ 2025 ਵਿੱਚ ਜੇਲ੍ਹ ਤੋਂ ਰਿਹਾਅ ਹੋਇਆ ਸੀ। ਉਸ ਦਾ ਨਾਂ 2005-06 ਦੌਰਾਨ ਨੋਇਡਾ ਦੇ ਨਿਠਾਰੀ ਇਲਾਕੇ ਵਿੱਚ ਔਰਤਾਂ ਅਤੇ ਬੱਚਿਆਂ ਦੇ ਲਾਪਤਾ ਹੋਣ ਤੋਂ ਬਾਅਦ ਸਾਹਮਣੇ ਆਇਆ ਸੀ।



29 ਦਸੰਬਰ 2006 ਨੂੰ ਮੋਨਿੰਦਰ ਸਿੰਘ ਪੰਧੇਰ ਦੇ ਬੰਗਲੇ ਦੇ ਪਿੱਛੇ ਬਣੇ ਨਾਲੇ ਵਿੱਚੋਂ ਮਨੁੱਖੀ ਅਵਸ਼ੇਸ਼ ਮਿਲਣ ਤੋਂ ਬਾਅਦ ਦੇਸ਼ ਭਰ ਵਿੱਚ ਸਨਸਨੀ ਫੈਲ ਗਈ ਸੀ। ਇਸ ਤੋਂ ਬਾਅਦ ਸੀਬੀਆਈ ਨੇ ਮਾਮਲੇ ਦੀ ਜਾਂਚ ਕੀਤੀ ਅਤੇ ਕੋਲੀ ਖਿਲਾਫ ਕਈ (ਬਾਕੀ ਸਫ਼ਾ 2 ’ਤੇ)



ਪੰਜਾਬੀ ਸਿੱਖ ਟਰੱਕ ਡਰਾਈਵਰ ’ਤੇ ਅਮਰੀਕਾ ’ਚ ਚਾਕੂ ਨਾਲ 17 ਵਾਰ ਹਮਲਾ

ਚੰਡੀਗੜ੍ਹ, 18 ਸਤੰਬਰ (ਪੈ.ਗਾਮ-ਏ-ਜਗਤ)

ਇੱਕ ਘਟਨਾ ਸਾਹਮਣੇ ਆਈ ਹੈ ਜਿਸ ਵਿੱਚ ਅਮਰੀਕਾ ਦੇ ਵਾਇਓਮਿੰਗ ਵਿੱਚ ਇੱਕ 28 ਸਾਲਾ ਪੰਜਾਬੀ ਸਿੱਖ ਟਰੱਕ ਡਰਾਈਵਰ ’ਤੇ ਚਾਕੂ ਨਾਲ 17 ਵਾਰ ਹਮਲਾ ਕੀਤਾ ਗਿਆ। ਸੈਕਰਾਮੈਂਟੋ, ਕੈਲੀਫੋਰਨੀਆ ਦੇ ਰਹਿਣ ਵਾਲੇ ਇਸ ਡਰਾਈਵਰ ਨੇ ਦੱਸਿਆ ਕਿ ਉਹ ਪੈਨਸਿਲਵੇਨੀਆ ਜਾ ਰਿਹਾ ਸੀ ਅਤੇ ਐਤਵਾਰ ਸਵੇਰੇ ਇੰਟਰਸਟੇਟ-80 ’ਤੇ ਸਥਿਤ ‘ਬਿਟਰ ਕ੍ਰੀਕ ਰੈਸਟ ਏਰੀਆ’ ’ਤੇ ਰੁਕਿਆ ਸੀ। ਉੱਥੇ, ਇੱਕ ਵਿਅਕਤੀ ਉਸ ਦੇ ਪਿੱਛੇ ਰੈਸਟਰੂਮ (ਪਖਾਨੇ) ਵਿੱਚ ਗਿਆ ਅਤੇ ਅਚਾਨਕ ਚਾਕੂ ਨਾਲ ਉਸ ’ਤੇ ਹਮਲਾ ਕਰ ਦਿੱਤਾ।

ਐਨ.ਪੀ.ਆਰ. ਨਾਲ ਗੱਲਬਾਤ ਕਰਦਿਆਂ, ਪੀੜਤ ਨੇ ਆਪਣੀ ਪਛਾਣ ਸਿਰਫ਼ ‘ਸਿੰਘ’ ਉਪਨਾਮ ਵਜੋਂ ਦੱਸੀ। ਹਮਲੇ ਦੌਰਾਨ ਉਸ ਦੀ ਗਰਦਨ, ਛਾਤੀ, ਹੱਥਾਂ ਅਤੇ ਪਸਲੀਆਂ ’ਤੇ ਸੱਟਾਂ ਲੱਗੀਆਂ। ਕਈ ਵਾਰ ਚਾਕੂ ਵੱਜਣ ਦੇ ਬਾਵਜੂਦ, ਉਹ ਰੈਸਟਰੂਮ ਤੋਂ ਬਾਹਰ ਨਿਕਲਣ ਵਿੱਚ ਕਾਮਯਾਬ ਹੋ ਗਿਆ ਪਰ ਬਾਹਰ ਡਿੱਗ ਪਿਆ ਅਤੇ ਮਦਦ ਲਈ ਆਵਾਜ਼ ਦਿੱਤੀ।

ਰੈਸਟ ਏਰੀਆ ਵਿੱਚ ਮੌਜੂਦ ਇੱਕ ਪਰਿਵਾਰ ਨੇ ਰੌਲਾ-ਰੱਪਾ ਅਤੇ ਚੀਕਾਂ ਸੁਣੀਆਂ ਅਤੇ ਜ਼ਖਮੀ ਟਰੱਕ ਡਰਾਈਵਰ, ਗੁਰਵਿੰਦਰ ਸਿੰਘ ਦੀ ਮਦਦ ਲਈ ਦੌੜਿਆ। ਮੁੱਢਲੀ ਸਹਾਇਤਾ ਦੇਣ ਤੋਂ ਬਾਅਦ, ਪਰਿਵਾਰਕ ਮੈਂਬਰਾਂ ਨੇ ਪੁਲਿਸ ਨੂੰ ਸੂਚਿਤ ਕੀਤਾ, ਜਿਸ ਨਾਲ ਸ਼ੱਕੀ ਵਿਅਕਤੀ ਨੂੰ ਫੜਨ ਵਿੱਚ ਮਦਦ ਮਿਲੀ। ਸ਼ੱਕੀ ਵਿਅਕਤੀ, ਐਂਡਰਿਊ ਕ੍ਰਿਸ ਬਾਜਡੈਕ ਨੂੰ ਰੌਲਿਨਜ਼ ਨੇੜੇ ਗ੍ਰਿਫਤਾਰ ਕੀਤਾ ਗਿਆ। ਉਸ ’ਤੇ ਕਤਲ ਦੀ ਕੋਸ਼ਿਸ਼ (ਬਾਕੀ ਸਫ਼ਾ 2 ’ਤੇ)



ਪਨਬੱਸ/ਪੀ.ਆਰ.ਟੀ.ਸੀ. ਮੁਲਾਜ਼ਮ 22 ਸਤੰਬਰ ਤੋਂ ਅਣਮਿੱਥੇ ਸਮੇਂ ਲਈ ਸ਼ੁਰੂ ਕਰਨਗੇ ਹੜਤਾਲ

ਚੰਡੀਗੜ੍ਹ, 18 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਰੋਡਵੇਜ਼, ਪਨਬੱਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ (ਪੰਜਾਬ 25/11) ਨੇ ਆਪਣੀਆਂ ਮੰਗਾਂ ਮਨਵਾਉਣ ਅਤੇ ਸਰਕਾਰ ਦੇ ਰਵੱਈਏ ਨੂੰ ਚੁਣੌਤੀ ਦੇਣ ਲਈ 22 ਸਤੰਬਰ, 2026 ਤੋਂ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ।

ਯੂਨੀਅਨ ਨੇ ਕਿਹਾ ਕਿ ਸਰਕਾਰ ਨਾਲ ਵਾਰ-ਵਾਰ ਮੀਟਿੰਗਾਂ ਕਰਨ ਦੇ ਬਾਵਜੂਦ ਮੁਲਾਜ਼ਮਾਂ ਦੀਆਂ ਮੰਗਾਂ ਬਾਰੇ ਕੋਈ ਠੋਸ ਫੈਸਲਾ ਨਹੀਂ ਲਿਆ ਗਿਆ ਹੈ। ਉਨ੍ਹਾਂ ਨੇ ਸੰਘਰਸ਼ ਦੌਰਾਨ ਪੰਜਾਬ ਦੇ ਟਰਾਂਸਪੋਰਟ ਮੰਤਰੀ ਅਤੇ ਮੁੱਖ ਮੰਤਰੀ ਦੀਆਂ ਰਿਹਾਇਸ਼ਾਂ ਦੇ ਬਾਹਰ ਰੋਸ ਪ੍ਰਦਰਸ਼ਨ ਕਰਨ ਦੀ ਚੇਤਾਵਨੀ ਵੀ ਦਿੱਤੀ ਹੈ।

ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਨੇ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਸਰਕਾਰ ਨੇ ਕੰਟਰੈਕਟ ਮੁਲਾਜ਼ਮਾਂ ਨੂੰ ਪੱਕਾ ਕਰਨ, ਠੇਕੇਦਾਰੀ ਪ੍ਰਣਾਲੀ ਖਤਮ ਕਰਨ ਅਤੇ ਪੂਰੀਆਂ ਤਨਖਾਹਾਂ ਤੇ ਸੇਵਾ ਲਾਭ ਦੇਣ ਦਾ ਵਾਅਦਾ ਕੀਤਾ ਸੀ। ਉਨ੍ਹਾਂ ਅਨੁਸਾਰ, ਹੁਣ ਤੱਕ ਸਰਕਾਰ ਨਾਲ ਲਗਭਗ 60 ਤੋਂ 65 ਮੀਟਿੰਗਾਂ ਹੋ ਚੁੱਕੀਆਂ ਹਨ, ਪਰ ਮੰਗਾਂ ਅਜੇ ਵੀ ਅਣਸੁਲਝੀਆਂ ਪਈਆਂ ਹਨ।

ਗਿੱਲ ਨੇ ਦੋਸ਼ ਲਾਇਆ ਕਿ ਸਰਕਾਰ ਕਮੇਟੀਆਂ ਬਣਾ ਕੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਮਾਮਲੇ ਨੂੰ ਲਟਕਾ ਰਹੀ ਹੈ। ਸਾਢੇ ਚਾਰ ਸਾਲ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ, ਟਰਾਂਸਪੋਰਟ ਵਿਭਾਗ ਦੇ ਇੱਕ ਵੀ ਮੁਲਾਜ਼ਮ ਨੂੰ ਪੱਕਾ ਨਹੀਂ ਕੀਤਾ ਗਿਆ ਹੈ। ਉਨ੍ਹਾਂ ਨੇ ਠੇਕੇਦਾਰਾਂ ਵੱਲੋਂ ਈ.ਪੀ.ਐੱਫ. ਅਤੇ ਈ.ਐੱਸ.ਆਈ. ਯੋਗਦਾਨ ਦੇ ਨਾਂ ’ਤੇ ਮੁਲਾਜ਼ਮਾਂ ਦੀਆਂ ਤਨਖਾਹਾਂ ਵਿੱਚੋਂ ਕਰੋੜਾਂ ਰੁਪਏ ਦੀ ਹੇਰਾਫੇਰੀ ਕਰਨ ਦਾ ਦੋਸ਼ ਵੀ ਲਾਇਆ।

ਯੂਨੀਅਨ ਦੇ ਸੂਬਾ ਜਨਰਲ ਸਕੱਤਰ ਸ਼ਮਸ਼ੇਰ ਸਿੰਘ ਢਿੱਲੋਂ ਨੇ ਕਿਹਾ ਕਿ ਸਰਕਾਰ ਆਪਣੇ ਬੱਸਾਂ ਦੇ ਬੇੜੇ ਨੂੰ ਵਧਾਉਣ ਦੀ ਬਜਾਏ ‘ਕਿਲੋਮੀਟਰ ਸਕੀਮ’ ਤਹਿਤ ਨਿੱਜੀ ਬੱਸਾਂ ’ਤੇ ਨਿਰਭਰਤਾ ਵਧਾ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਇਸ ਨਾਲ ਨਾ ਸਿਰਫ਼ ਜਨਤਕ ਆਵਾਜਾਈ ਪ੍ਰਣਾਲੀ ’ਤੇ ਮਾੜਾ ਅਸਰ ਪੈ ਰਿਹਾ ਹੈ, ਸਗੋਂ ਪੰਜਾਬ ਦੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਵੀ ਘਟ ਰਹੇ ਹਨ। (ਬਾਕੀ ਸਫ਼ਾ 2 ’ਤੇ)

- ਸਰਕਾਰ ’ਤੇ ਵਾਅਦੇ ਤੋੜਨ ਦੇ ਦੋਸ਼



ਅੰਮ੍ਰਿਤਸਰ ਤੋਂ ਜਾਮਨਗਰ ਦਾ ਸਫ਼ਰ ਹੁਣ 13 ਘੰਟਿਆਂ ਵਿੱਚ ਹੋਵੇਗਾ ਪੂਰਾ

- 1,316 ਕਿਲੋਮੀਟਰ ਲੰਬਾ ਗਲਿਆਰਾ ਚਾਰ ਰਾਜਾਂ ਨੂੰ ਜੋੜੇਗਾ

ਨਵੀਂ ਦਿੱਲੀ, 18 ਸਤੰਬਰ (ਪੈ.ਗਾਮ-ਏ-ਜਗਤ)

ਅੰਮ੍ਰਿਤਸਰ ਤੋਂ ਜਾਮਨਗਰ ਵਿਚਕਾਰ ਸਫ਼ਰ ਹੁਣ ਪਹਿਲਾਂ ਨਾਲੋਂ ਬਹੁਤ ਤੇਜ਼ ਹੋਣ ਜਾ ਰਿਹਾ ਹੈ। 1,316 ਕਿਲੋਮੀਟਰ ਲੰਬਾ ਅੰਮ੍ਰਿਤਸਰ-ਜਾਮਨਗਰ ਐਕਸਪ੍ਰੈੱਸਵੇਅ ਪੰਜਾਬ, ਹਰਿਆਣਾ, ਰਾਜਸਥਾਨ ਅਤੇ ਗੁਜਰਾਤ ਨੂੰ ਸਿੱਧਾ ਜੋੜੇਗਾ। ਛੇ-ਲੇਨ ਵਾਲੇ ਇਸ ਐਕਸਪ੍ਰੈੱਸਵੇਅ ਦੇ ਪੂਰੀ ਤਰ੍ਹਾਂ ਸ਼ੁਰੂ ਹੋਣ ’ਤੇ ਅੰਮ੍ਰਿਤਸਰ ਤੋਂ ਜਾਮਨਗਰ ਦਾ ਸਫ਼ਰ ਲਗਭਗ 13 ਘੰਟਿਆਂ ਵਿੱਚ ਪੂਰਾ ਹੋਣ ਦੀ ਉਮੀਦ ਹੈ, ਜਦੋਂ ਕਿ ਹੁਣ ਵਾਲੇ ਰਸਤੇ ਤੋਂ ਲਗਭਗ 26 ਘੰਟੇ ਲੱਗਦੇ ਹਨ।

ਇਸ ਆਰਥਿਕ ਲਾਂਘੇ ਨਾਲ ਪੰਜਾਬ ਦੇ ਅੰਮ੍ਰਿਤਸਰ, ਕਪੂਰਥਲਾ, ਮੋਗਾ, ਫਰੀਦਕੋਟ ਅਤੇ ਬਠਿੰਡਾ ਸਮੇਤ ਕਈ ਸ਼ਹਿਰਾਂ ਨੂੰ ਵਧੀਆ ਕਨੈਕਟੀਵਿਟੀ ਮਿਲੇਗੀ। ਇਸ ਤੋਂ ਬਾਅਦ ਇਹ ਰਸਤਾ ਹਰਿਆਣਾ ਤੋਂ ਹੁੰਦਾ ਹੋਇਆ ਰਾਜਸਥਾਨ ਦੇ ਹਨੂਮਾਨਗੜ੍ਹ, ਸੂਰਤਗੜ੍ਹ, ਬੀਕਾਨੇਰ, ਨਾਗੌਰ, ਜੋਧਪੁਰ, ਬਾੜਮੇਰ ਅਤੇ ਜਾਲੋਰ ਅਤੇ ਗੁਜਰਾਤ ਦੇ ਸੰਤਲਪੁਰ, ਰਾਧਨਪੁਰ, ਸਮਖਿਆਲੀ, ਮਾਲੀਆ ਅਤੇ ਜਾਮਨਗਰ ਤੱਕ ਪਹੁੰਚੇਗਾ। (ਬਾਕੀ ਸਫ਼ਾ 2 ’ਤੇ)

ਐਮ ਐਲ ਏ ਕੁਲਵੰਤ ਸਿੰਘ ਵੱਲੋਂ 2.31 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਯੂ.ਜੀ.ਐਸ.ਆਰ. ਇੰਡਸਟਰੀ ਏਰੀਆ ਦੇ ਲੋਕਾਂ ਨੂੰ ਸਮਰਪਿਤ

- 5.40 ਲੱਖ ਗੈਲਨ ਸਮਰੱਥਾ ਵਾਲੇ ਪ੍ਰੋਜੈਕਟ ਨਾਲ ਫੇਜ਼-8 ਅਤੇ 8-ਬੀ ਵਿੱਚ ਨਹਿਰੀ ਪਾਣੀ ਦੀ ਸਪਲਾਈ ਹੋਵੇਗੀ ਯਕੀਨੀ: ਕੁਲਵੰਤ ਸਿੰਘ



ਸਾਹਿਬਜ਼ਾਦਾ ਅਜੀਤ ਸਿੰਘ ਨਗਰ, 18 ਸਤੰਬਰ (ਪੈ.ਗਾਮ-ਏ-ਜਗਤ)

ਐਸ ਏ ਐਸ ਨਗਰ (ਮੋਹਾਲੀ) ਦੇ ਵਿਧਾਇਕ ਸ. ਕੁਲਵੰਤ ਸਿੰਘ ਨੇ ਅੱਜ ਇੰਡਸਟਰੀਅਲ ਏਰੀਆ ਫੇਜ਼-8, ਮੋਹਾਲੀ ਵਿਖੇ 2 ਕਰੋੜ 31 ਲੱਖ 16 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਅੰਡਰਗਰਾਊਂਡ ਸਰਵਿਸ ਰਿਜ਼ਰਵਾਇਰ (ਯੂ.ਜੀ.ਐਸ.ਆਰ.) ਦਾ ਉਦਘਾਟਨ ਕਰਦਿਆਂ ਇਸਨੂੰ ਇਲਾਕੇ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ ਦੇ ਸਥਾਈ ਹੱਲ ਵੱਲ ਅਹਿਮ ਕਦਮ ਦੱਸਿਆ। ਇਸ ਪ੍ਰੋਜੈਕਟ ਦਾ ਨੀਂਹ ਪੱਥਰ ਵੀ ਸ. ਕੁਲਵੰਤ ਸਿੰਘ ਵੱਲੋਂ 28 ਫਰਵਰੀ, 2024 ਨੂੰ ਰੱਖਿਆ ਗਿਆ ਸੀ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਨੇ ਦੱਸਿਆ ਕਿ 5.40 ਲੱਖ ਗੈਲਨ ਸਮਰੱਥਾ ਵਾਲੇ ਇਸ ਯੂ.ਜੀ.ਐਸ.ਆਰ. ਦੇ ਚਾਲੂ ਹੋਣ ਨਾਲ ਇੰਡਸਟਰੀਅਲ ਏਰੀਆ ਫੇਜ਼-8 ਅਤੇ 8-ਬੀ ਵਿੱਚ ਨਹਿਰੀ ਪਾਣੀ ਦੀ ਸਪਲਾਈ ਉਪਲਬਧ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਯੂ.ਜੀ.ਐਸ.ਆਰ. ਨੂੰ ਪਿੰਡ ਸ਼ੇਰਪੁਰ ਵਿਖੇ ਸਥਿਤ ਵਾਟਰ ਟ੍ਰੀਟਮੈਂਟ ਪਲਾਂਟ ਤੋਂ ਰੋਜ਼ਾਨਾ 1.121 ਐਮ.ਜੀ.ਡੀ. ਨਹਿਰੀ ਪਾਣੀ ਦੀ ਸਪਲਾਈ ਮਿਲੇਗੀ।

ਸ. ਕੁਲਵੰਤ ਸਿੰਘ ਨੇ ਕਿਹਾ ਕਿ ਨਹਿਰੀ ਪਾਣੀ ਦੀ ਸਪਲਾਈ ਸ਼ੁਰੂ ਹੋਣ ਨਾਲ ਟਿਊਬਵੈੱਲਾਂ 'ਤੇ ਨਿਰਭਰਤਾ ਘਟੇਗੀ ਅਤੇ ਧਰਤੀ ਹੇਠਲੇ ਪਾਣੀ ਦੀ ਬੱਚਤ ਵਿੱਚ ਮਦਦ ਮਿਲੇਗੀ। ਉਨ੍ਹਾਂ ਲੋਕਾਂ ਨੂੰ ਪਾਣੀ ਦੀ ਸੰਭਾਲ ਅਤੇ ਸੁਚੱਜੀ ਵਰਤੋਂ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਪਾਣੀ ਕੁਦਰਤ ਦੀ ਅਨਮੋਲ ਦਾਤ ਹੈ, ਇਸ ਲਈ ਇਸਦੀ ਬਿਨਾਂ ਵਜ੍ਹਾ ਬਰਬਾਦੀ ਤੋਂ ਬਚਣਾ ਚਾਹੀਦਾ ਹੈ।

ਵਿਧਾਇਕ ਨੇ ਕਿਹਾ ਕਿ ਪ੍ਰੋਜੈਕਟ ਨੂੰ ਲਗਭਗ ਇੱਕ ਸਾਲ ਦੇ ਸਮੇਂ ਵਿੱਚ ਮੁਕੰਮਲ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ। ਉਨ੍ਹਾਂ ਇਸ ਪ੍ਰੋਜੈਕਟ ਨੂੰ ਸਮੇਂ ਸਿਰ ਮੁਕੰਮਲ ਕਰਨ ਲਈ ਮੋਹਾਲੀ ਨਗਰ ਨਿਗਮ ਦੇ ਮੇਅਰ ਸ. ਸਰਬਜੀਤ ਸਿੰਘ ਸਮਾਣਾ, ਸੀਨੀਅਰ ਡਿਪਟੀ ਮੇਅਰ ਰਜਿੰਦਰ ਪ੍ਰਸਾਦ ਸ਼ਰਮਾ, ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਨਗਰ ਨਿਗਮ ਕਮਿਸ਼ਨਰ ਸੰਦੀਪ ਸਿੰਘ ਗਾੜ੍ਹਾ ਅਤੇ ਸਮੁੱਚੀ ਅਧਿਕਾਰੀਆਂ ਦੀ ਟੀਮ ਦਾ ਧੰਨਵਾਦ ਕਰਦਿਆਂ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਮੋਹਾਲੀ ਵਿੱਚ ਪੀਣ ਵਾਲੇ ਪਾਣੀ ਦੀ ਉਪਲਬਧਤਾ ਨੂੰ ਹੋਰ ਮਜ਼ਬੂਤ ਕਰਨ ਲਈ ਕਜੌਲੀ ਤੋਂ 20 ਐਮ.ਜੀ.ਡੀ. ਪਾਣੀ ਦੀ ਉਪਲਬਧਤਾ ਵੀ ਹੋਣ ਜਾ ਰਹੀ ਹੈ, ਜਿਸ ਨਾਲ ਸ਼ਹਿਰ ਵਿੱਚ ਪੀਣ ਵਾਲੇ ਪਾਣੀ ਦੀ ਉਪਲਬਧਤਾ ਹੋਰ ਵਧੇਗੀ। ਇਸ ਮੌਕੇ ਮੇਅਰ ਸ. ਸਰਬਜੀਤ ਸਿੰਘ ਸਮਾਣਾ, ਸੀਨੀਅਰ ਡਿਪਟੀ ਮੇਅਰ ਆਰ.ਪੀ. ਸ਼ਰਮਾ, ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਨਗਰ ਨਿਗਮ ਕਮਿਸ਼ਨਰ ਸ. ਸੰਦੀਪ ਸਿੰਘ ਗਾੜ੍ਹਾ, ਚੀਫ ਇੰਜੀਨੀਅਰ ਨਰੇਸ਼ ਕੁਮਾਰ ਬੱਤਾ, ਕੌਂਸਲਰ ਸ. ਹਰਪਾਲ ਸਿੰਘ ਬਰਾੜ, ਤਰਲੋਚਨ ਸਿੰਘ ਮਟੌਰ, ਜਸਪਾਲ ਸਿੰਘ ਮਟੌਰ, ਗੁਰਪ੍ਰੀਤ ਸਿੰਘ ਬਰਿਆਲੀ, ਗੁਰਜਿੰਦਰ ਸਿੰਘ ਬੱਲੋਮਾਜਰਾ, ਜਸਵੀਰ ਸਿੰਘ ਐਡਵੋਕੇਟ, ਐਮ.ਆਈ.ਏ. ਦੇ ਪ੍ਰਧਾਨ ਅਸ਼ੋਕ ਗੁਪਤਾ, ਸਾਬਕਾ ਪ੍ਰਧਾਨ ਬਲਜੀਤ ਸਿੰਘ, ਹਰਿੰਦਰਪਾਲ ਸਿੰਘ ਬਿੱਲਾ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਓ.ਐਸ.ਡੀ. ਸੁਖਵੀਰ ਸਿੰਘ ਨੇ ਮੁਫ਼ਤ ਹੋਮਿਓਪੈਥਿਕ ਤੇ ਆਯੂਰਵੈਦਿਕ ਕੈਂਪ ਦਾ ਕੀਤਾ ਉਦਘਾਟਨ

- ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਿਹਤ ਸੰਭਾਲ ਲਈ ਹਰ ਜ਼ਿਲ੍ਹੇ 'ਚ ਲਗਾਏ ਜਾ ਰਹੇ ਹਨ 24 ਮੈਡੀਕਲ ਕੈਂਪ : ਸੁਖਵੀਰ ਸਿੰਘ




ਧੂਰੀ, 18 ਸਤੰਬਰ (ਪੈ.ਗਾਮ-ਏ-ਜਗਤ)

ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਦੇ ਉਪਰਾਲੇ ਤਹਿਤ ਅੱਜ ਧੂਰੀ ਵਿਖੇ ਆਯੂਸ਼ ਕੈਂਪ ਲਗਾਇਆ ਗਿਆ। ਇਸ ਮੁਫ਼ਤ ਹੋਮਿਓਪੈਥਿਕ ਅਤੇ ਆਯੂਰਵੈਦਿਕ ਕੈਂਪ ਦਾ ਉਦਘਾਟਨ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਕੀਤਾ ਗਿਆ।

ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਅਤੇ ਸਿਹਤ ਸੰਭਾਲ ਸੇਵਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਲੋਕਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਵੱਲੋਂ ਇਸ ਸਾਲ ਹਰੇਕ ਜ਼ਿਲ੍ਹੇ ਵਿੱਚ 24 ਮੈਡੀਕਲ ਕੈਂਪ ਲਗਾਏ ਜਾ ਰਹੇ ਹਨ, ਜਦਕਿ ਪਿਛਲੇ ਸਾਲ ਹਰੇਕ ਜ਼ਿਲ੍ਹੇ ਵਿੱਚ 15 ਕੈਂਪ ਲਗਾਏ ਗਏ ਸਨ। ਕੈਂਪ ਦੌਰਾਨ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦੀ ਮੁਫ਼ਤ ਡਾਕਟਰੀ ਜਾਂਚ ਕੀਤੀ ਗਈ ਅਤੇ ਲੋੜ ਅਨੁਸਾਰ ਆਯੂਰਵੈਦਿਕ ਤੇ ਹੋਮਿਓਪੈਥਿਕ ਦਵਾਈਆਂ ਮੁਫ਼ਤ ਵੰਡੀਆਂ ਗਈਆਂ।

ਸੰਤ ਨਿਰੰਕਾਰੀ ਸਤਿਸੰਗ ਭਵਨ, ਵਿਖੇ ਲੱਗੇ ਇਸ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਮਰੀਜ਼ਾਂ ਨੇ ਸ਼ਿਰਕਤ ਕਰਦਿਆਂ ਸਿਹਤ ਸੇਵਾਵਾਂ ਦਾ ਲਾਭ ਲਿਆ। ਇਹ ਕੈਂਪ ਡਾਇਰੈਕਟਰ ਹੋਮਿਓਪੈਥਿਕ ਵਿਭਾਗ ਪੰਜਾਬ, ਡਾਇਰੈਕਟੋਰੇਟ ਆਫ਼ ਆਯੂਰਵੈਦਾ ਪੰਜਾਬ ਅਤੇ ਜ਼ਿਲ੍ਹਾ ਹੋਮਿਓਪੈਥਿਕ ਤੇ ਆਯੁਰਵੈਦਿਕ/ਯੂਨਾਨੀ ਅਫ਼ਸਰ ਸੰਗਰੂਰ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਉਪਰਾਲੇ ਨੂੰ ਸਫ਼ਲ ਬਣਾਉਣ ਵਿੱਚ ਸੰਤ ਨਿਰੰਕਾਰੀ ਮਿਸ਼ਨ ਅਤੇ ਸਥਾਨਕ ਕਮੇਟੀ ਵੱਲੋਂ ਵੀ ਪੂਰਨ ਸਹਿਯੋਗ ਦਿੱਤਾ ਗਿਆ। ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਲੱਖਾ, ਮੈਂਬਰ ਵਕਫ ਬੋਰਡ ਡਾ. ਅਨਵਰ ਭਸੌੜ, ਨਗਰ ਕੌਂਸਲ ਧੂਰੀ ਦੇ ਪ੍ਰਧਾਨ ਅਮਰਜੋਤ ਕੌਰ, ਗਗਨ ਜਵੰਧਾ, ਰੂਬਲ ਬਾਜਵਾ, ਡਾ. ਰਾਜੀਵ, ਵਿਨੋਦ ਕੁਮਾਰ ਸਮੇਤ ਵੱਡੀ ਗਿਣਤੀ ਇਲਾਕਾ ਨਿਵਾਸੀ ਮੌਜੂਦ ਸਨ।

ਐਮਡਬਲਿਊਬੀ ਨੇ ਵਿਛੋੜਾ ਦੇ ਗਏ ਪੱਤਰਕਾਰ ਰਾਜੇਸ਼ ਜੈਨ ਦੇ ਬੇਟੇ ਨੂੰ 10 ਲੱਖ ਅਤੇ ਪੱਤਰਕਾਰ ਗੁਲਾਬ ਸਿੰਘ ਨੂੰ 40 ਹਜ਼ਾਰ ਦੀ ਸਹਾਇਤਾ



ਅੰਬਾਲਾ ਕੈਂਟ, 18 ਸਤੰਬਰ (ਪੈ.ਗਾਮ-ਏ-ਜਗਤ)

ਹਰਿਆਣਾ ਦੇ ਊਰਜਾ, ਟਰਾਂਸਪੋਰਟ ਅਤੇ ਕਿਰਤ ਮੰਤਰੀ ਅਨਿਲ ਵਿਜ ਨੇ ਪੱਤਰਕਾਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਮੀਡੀਆ ਵੈੱਲਬੀਇੰਗ ਐਸੋਸੀਏਸ਼ਨ (ਐਮਡਬਲਿਊਬੀ) ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਵਿਜ ਨੇ ਚੰਡੀਗੜ੍ਹ ਦੇ ਵਿਛੋੜਾ ਦੇ ਗਏ ਪੱਤਰਕਾਰ ਰਾਜੇਸ਼ ਜੈਨ ਦੇ ਬੇਟੇ ਅੰਕੁਸ਼ ਜੈਨ ਨੂੰ 10 ਲੱਖ ਰੁਪਏ ਅਤੇ ਯਮੁਨਾਨਗਰ ਦੇ ਪੱਤਰਕਾਰ ਗੁਲਾਬ ਸਿੰਘ ਨੂੰ 40 ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਦੇ ਚੈੱਕ ਪ੍ਰਦਾਨ ਕੀਤੇ।

ਇਸ ਮੌਕੇ ਸੰਸਥਾ ਦੇ ਖਜ਼ਾਨਚੀ ਤਰੁਣ ਕਪੂਰ, ਸੰਗਠਨ ਸਕੱਤਰ ਮੇਵਾ ਸਿੰਘ ਰਾਣਾ, ਆਈਟੀ ਸੈੱਲ ਦੇ ਉਪ ਪ੍ਰਧਾਨ ਪੀਯੂਸ਼ ਜੈਨ, ਸਲਾਹਕਾਰ ਬੋਰਡ ਦੇ ਉਪ ਪ੍ਰਧਾਨ ਸੁਮਨ ਭਟਨਾਗਰ, ਬਲਰਾਮ ਸੈਣੀ ਅਤੇ ਜ਼ਿਲ੍ਹਾ ਅੰਬਾਲਾ ਪ੍ਰਧਾਨ ਰਾਜੀਵ ਰਿਸ਼ੀ ਮੌਜੂਦ ਰਹੇ।

ਅਨਿਲ ਵਿਜ ਨੇ ਕਿਹਾ ਕਿ ਪੱਤਰਕਾਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਅਚਾਨਕ ਹਾਲਾਤਾਂ ਵਿੱਚ ਆਰਥਿਕ ਸਹਾਰਾ ਦੇਣਾ ਮਹੱਤਵਪੂਰਨ ਹੈ। ਉਨ੍ਹਾਂ ਨੇ ਐਮਡਬਲਿਊਬੀ ਵੱਲੋਂ ਪੱਤਰਕਾਰਾਂ ਨੂੰ ਬੀਮਾ, ਸਿਹਤ ਸੁਰੱਖਿਆ ਅਤੇ ਲੋੜ ਦੇ ਸਮੇਂ ਆਰਥਿਕ ਸਹਾਇਤਾ ਉਪਲਬਧ ਕਰਵਾਉਣ ਦੀ ਪਹਿਲ ਨੂੰ ਲਾਹੇਵੰਦ ਦੱਸਿਆ।

10 ਲੱਖ ਰੁਪਏ ਦਾ ਦੁਰਘਟਨਾ ਅਤੇ ਟਰਮ ਇੰਸ਼ੋਰੈਂਸ

ਐਮਡਬਲਿਊਬੀ ਪ੍ਰਧਾਨ ਚੰਦਰਸ਼ੇਖਰ ਧਰਨੀ ਨੇ ਦੱਸਿਆ ਕਿ ਸੰਸਥਾ ਪੱਤਰਕਾਰਾਂ ਤੋਂ ਮੈਂਬਰਸ਼ਿਪ ਫੀਸ ਲਏ ਬਿਨਾਂ ਪਿਛਲੇ ਪੰਜ ਸਾਲਾਂ ਤੋਂ 10-10 ਲੱਖ ਰੁਪਏ ਦੀ ਦੁਰਘਟਨਾ ਬੀਮਾ ਅਤੇ 10-10 ਲੱਖ ਰੁਪਏ ਦੀ ਟਰਮ ਇੰਸ਼ੋਰੈਂਸ ਪਾਲਿਸੀ ਮੁਫਤ ਉਪਲਬਧ ਕਰਵਾ ਰਹੀ ਹੈ। ਇਨ੍ਹਾਂ ਦਾ ਹਰ ਸਾਲ ਮੁਫਤ ਨਵੀਨੀਕਰਨ ਵੀ ਕੀਤਾ ਜਾਂਦਾ ਹੈ। ਪੱਤਰਕਾਰਾਂ ਲਈ ਕੈਸ਼ਲੈਸ ਹੈਲਥ ਇੰਸ਼ੋਰੈਂਸ ਦੀ ਸਹੂਲਤ ਵੀ ਉਪਲਬਧ ਹੈ। ਧਰਨੀ ਦੇ ਅਨੁਸਾਰ, ਸੰਸਥਾ ਹੁਣ ਤੱਕ ਪੱਤਰਕਾਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਹਾਇਤਾ 'ਤੇ ਕਰੀਬ 48 ਲੱਖ ਰੁਪਏ ਖਰਚ ਕਰ ਚੁੱਕੀ ਹੈ। ਬਿਮਾਰੀ ਨਾਲ ਜੂਝ ਰਹੇ ਪੱਤਰਕਾਰਾਂ ਅਤੇ ਵਿਛੋੜਾ ਦੇ ਗਏ ਪੱਤਰਕਾਰਾਂ ਦੇ ਪਰਿਵਾਰਾਂ ਨੂੰ ਆਰਥਿਕ ਮਦਦ ਦੇਣ ਤੋਂ ਇਲਾਵਾ ਸਰਕਾਰੀ ਸਹਾਇਤਾ ਦਿਵਾਉਣ ਦੇ ਯਤਨ ਵੀ ਕੀਤੇ ਗਏ ਹਨ।

ਕੈਮਰਾਮੈਨ ਵੀ ਬੀਮਾ ਸੁਰੱਖਿਆ ਵਿੱਚ ਸ਼ਾਮਲ

ਐਮਡਬਲਿਊਬੀ ਨੇ ਫੀਲਡ ਵਿੱਚ ਪੱਤਰਕਾਰਾਂ ਦੇ ਨਾਲ ਕੰਮ ਕਰਨ ਵਾਲੇ ਕੈਮਰਾਮੈਨਾਂ ਨੂੰ ਵੀ ਸੁਰੱਖਿਆ ਘੇਰੇ ਵਿੱਚ ਸ਼ਾਮਲ ਕੀਤਾ ਹੈ। ਚੰਡੀਗੜ੍ਹ ਵਿੱਚ ਕੰਮ ਕਰ ਰਹੇ ਕੈਮਰਾਮੈਨਾਂ ਨੂੰ 10-10 ਲੱਖ ਰੁਪਏ ਦੀ ਦੁਰਘਟਨਾ ਬੀਮਾ ਪਾਲਿਸੀ ਉਪਲਬਧ ਕਰਵਾਉਣ ਦੀ ਪਹਿਲ ਕੀਤੀ ਗਈ ਹੈ। ਸੀਨੀਅਰ ਪੱਤਰਕਾਰ ਸੰਜੇ ਸਿੰਘ ਨੂੰ ਕੈਮਰਾਮੈਨ ਕਮੇਟੀ ਦਾ ਕਨਵੀਨਰ ਬਣਾਇਆ ਗਿਆ ਹੈ।

ਸੰਸਥਾ ਵੱਲੋਂ ਪੱਤਰਕਾਰਤਾ ਵਿੱਚ ਜ਼ਿਕਰਯੋਗ ਯੋਗਦਾਨ ਦੇਣ ਵਾਲੇ ਪੱਤਰਕਾਰਾਂ ਨੂੰ ਅਮਰ ਸ਼ਹੀਦ ਲਾਲਾ ਜਗਤ ਨਰਾਇਣ ਅਵਾਰਡ, ਪੱਤਰਕਾਰਤਾ ਰਤਨ ਅਵਾਰਡ ਅਤੇ ਪੱਤਰਕਾਰਤਾ ਅਲੰਕਾਰ ਅਵਾਰਡ ਸਮੇਤ ਵੱਖ-ਵੱਖ ਸਨਮਾਨਾਂ ਦੇ ਨਾਲ ਆਰਥਿਕ ਰਾਸ਼ੀ ਵੀ ਪ੍ਰਦਾਨ ਕੀਤੀ ਜਾਂਦੀ ਹੈ। ਵਿਛੋੜਾ ਦੇ ਗਏ ਪੱਤਰਕਾਰਾਂ ਗਿਆਨੇਂਦਰ ਭਰਤਰੀਆ, ਰਮੇਸ਼ ਸ਼ਰਮਾ ਅਤੇ ਜੋਤੀ ਸੰਗ ਦੀ ਯਾਦ ਵਿੱਚ ਵੀ ਇਨਾਮ ਦਿੱਤੇ ਜਾਂਦੇ ਹਨ। ਧਰਨੀ ਨੇ ਸੰਸਥਾ ਦੇ ਗਠਨ ਅਤੇ ਵਿਸਥਾਰ ਵਿੱਚ ਅਨਿਲ ਵਿਜ, ਕੇਂਦਰੀ ਮੰਤਰੀ ਅਤੇ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਮਨੋਹਰ ਲਾਲ ਸਮੇਤ ਹੋਰ ਜਨ ਪ੍ਰਤੀਨਿਧੀਆਂ ਦੇ ਸਹਿਯੋਗ ਨੂੰ ਮਹੱਤਵਪੂਰਨ ਦੱਸਿਆ। ਸੰਸਥਾ ਸਿੱਖਿਆ, ਖੇਡਾਂ, ਸਮਾਜ ਸੇਵਾ, ਕਲਾ ਅਤੇ ਸੱਭਿਆਚਾਰ ਦੇ ਖੇਤਰ ਵਿੱਚ ਯੋਗਦਾਨ ਦੇਣ ਵਾਲੀਆਂ ਹਰਿਆਣਾ ਦੀਆਂ ਪ੍ਰਤਿਭਾਵਾਂ ਨੂੰ ਹਰਿਆਣਾ ਗੌਰਵ ਅਵਾਰਡ ਨਾਲ ਵੀ ਸਨਮਾਨਿਤ ਕਰਦੀ ਹੈ।

ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ 19 ਲੋੜਵੰਦ ਪਰਿਵਾਰਾਂ ਨੂੰ ਮਾਲੀ ਸਹਾਇਤਾ ਦੇ ਚੈੱਕ ਤਕਸੀਮ

- ਆਂਗਣਵਾੜੀ ਹੈਲਪਰਾਂ ਨੂੰ ਸੌਂਪੇ ਨਿਯੁਕਤੀ ਪੱਤਰ
- ਧੂਰੀ ਹਲਕੇ ਦੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਨ ਲਈ 35 ਕਰੋੜ ਰੁਪਏ ਦੀ ਹੋਰ ਗ੍ਰਾਂਟ ਕੀਤੀ ਜਾ ਰਹੀ ਹੈ ਜਾਰੀ : ਓ.ਐਸ.ਡੀ. ਸੁਖਵੀਰ ਸਿੰਘ



ਧੂਰੀ, 18 ਸਤੰਬਰ (ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਧੂਰੀ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਦੇ ਨਾਲ-ਨਾਲ ਲੋੜਵੰਦ ਪਰਿਵਾਰਾਂ ਨੂੰ ਮਾਲੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ। ਇਸੇ ਲੜੀ ਤਹਿਤ ਅੱਜ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ 19 ਲੋੜਵੰਦ ਪਰਿਵਾਰਾਂ ਨੂੰ ਮੁੱਖ ਮੰਤਰੀ ਰਾਹਤ ਫੰਡ ਵਿੱਚੋਂ ਕੁੱਲ 6 ਲੱਖ 65 ਹਜ਼ਾਰ ਰੁਪਏ ਦੀ ਮਾਲੀ ਸਹਾਇਤਾ ਦੇ ਚੈੱਕ ਤਕਸੀਮ ਕੀਤੇ ਗਏ ਅਤੇ ਆਂਗਣਵਾੜੀ ਹੈਲਪਰਾਂ ਨੂੰ ਨਿਯੁਕਤੀ ਪੱਤਰ ਵੀ ਸੌਂਪੇ ਗਏ। ਇਸ ਮੌਕੇ ਉਨ੍ਹਾਂ ਦੱਸਿਆ ਕਿ ਗੰਭੀਰ ਬਿਮਾਰੀਆਂ ਦੇ ਇਲਾਜ ਅਤੇ ਘਰਾਂ ਦੇ ਨੁਕਸਾਨ ਸਬੰਧੀ ਪ੍ਰਾਪਤ ਹੋਈਆਂ ਅਰਜ਼ੀਆਂ ਵਿੱਚੋਂ 19 ਅਰਜ਼ੀਆਂ ਨੂੰ ਪ੍ਰਵਾਨਗੀ ਮਿਲਣ ਉਪਰੰਤ ਸਬੰਧਤ ਲਾਭਪਾਤਰੀ ਪਰਿਵਾਰਾਂ ਨੂੰ ਇਹ ਸਹਾਇਤਾ ਰਾਸ਼ੀ ਮੁਹੱਈਆ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਲੋੜਵੰਦ ਪਰਿਵਾਰਾਂ ਨੂੰ ਸਮੇਂ ਸਿਰ ਸਹਾਇਤਾ ਪਹੁੰਚਾਉਣਾ ਸਰਕਾਰ ਦੀ ਤਰਜੀਹ ਹੈ।

ਓ.ਐਸ.ਡੀ. ਸੁਖਵੀਰ ਸਿੰਘ ਨੇ ਦੱਸਿਆ ਕਿ ਧੂਰੀ ਹਲਕੇ ਦੇ ਵਿਕਾਸ ਕਾਰਜਾਂ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਲਗਭਗ 35 ਕਰੋੜ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਜਾ ਰਹੀ ਹੈ, ਜਿਸ ਨਾਲ ਪਿੰਡਾਂ ਵਿੱਚ ਰਹਿੰਦੇ ਵਿਕਾਸ ਕਾਰਜਾਂ ਨੂੰ ਜਲਦੀ ਪੂਰਾ ਕਰਨ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਪੰਚਾਇਤਾਂ ਅਤੇ ਸਰਪੰਚਾਂ ਨਾਲ ਲਗਾਤਾਰ ਤਾਲਮੇਲ ਕਰਕੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਜਾ ਰਿਹਾ ਹੈ, ਤਾਂ ਜੋ ਲੋਕਾਂ ਦੀਆਂ ਲੋੜਾਂ ਅਤੇ ਮੰਗਾਂ ਅਨੁਸਾਰ ਕੰਮ ਪਾਰਦਰਸ਼ੀ ਢੰਗ ਨਾਲ ਅਤੇ ਸਮੇਂ ਸਿਰ ਮੁਕੰਮਲ ਕੀਤੇ ਜਾ ਸਕਣ।

ਉਨ੍ਹਾਂ ਦੱਸਿਆ ਕਿ ਪਿਛਲੇ ਦਸ ਦਿਨਾਂ ਤੋਂ ਧੂਰੀ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਸਿੱਧੇ ਤੌਰ 'ਤੇ ਸੁਣੀਆਂ ਜਾ ਰਹੀਆਂ ਹਨ। ਇਸ ਨਾਲ ਵਿਕਾਸ ਕਾਰਜਾਂ ਦੀ ਤਰਜੀਹ ਤੈਅ ਕਰਨ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਉਪਰਾਲੇ ਕਰਨ ਵਿੱਚ ਮਦਦ ਮਿਲ ਰਹੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹੋਰਨਾਂ ਪਿੰਡਾਂ ਲਈ ਵੀ ਵਿਕਾਸ ਫੰਡਾਂ ਅਤੇ ਗ੍ਰਾਂਟਾਂ ਦੀਆਂ ਅਗਲੀਆਂ ਕਿਸ਼ਤਾਂ ਦੇ ਚੈੱਕ ਜਲਦੀ ਜਾਰੀ ਕੀਤੇ ਜਾਣਗੇ, ਤਾਂ ਜੋ ਹਲਕੇ ਵਿੱਚ ਸਰਬਪੱਖੀ ਵਿਕਾਸ ਦੀ ਰਫ਼ਤਾਰ ਨੂੰ ਹੋਰ ਤੇਜ਼ ਕੀਤਾ ਜਾ ਸਕੇ।

ਇਸ ਮੌਕੇ ਐਸ.ਡੀ.ਐਮ ਧੂਰੀ ਡਾ. ਇਸਮਤ ਵਿਜੈ ਸਿੰਘ, ਮੁੱਖ ਮੰਤਰੀ ਫੀਲਡ ਅਫਸਰ ਅਰਵਿੰਦ ਕੁਮਾਰ, ਵਕਫ ਬੋਰਡ ਤੇ ਮੈਂਬਰ ਡਾ. ਅਨਵਰ ਭਸੌੜ, ਪ੍ਰਧਾਨ ਨਗਰ ਕੌਂਸਲ ਧੂਰੀ ਅਮਰਜੋਤ ਕੌਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਗਗਨ ਜਵੰਧਾ, ਰੂਬਲ ਬਾਜਵਾ ਸਮੇਤ ਵੱਡੀ ਗਿਣਤੀ ਲਾਭਪਾਤਰੀ ਅਤੇ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੇ ਨੌਜਵਾਨ ਮੌਜੂਦ ਸਨ।

ਪੰਜਾਬੀ ਸ਼ਾਰਟਹੈਂਡ ਦੀ ਮੁੱਢਲੀ ਸਿਖਲਾਈ ਲਈ ਖਾਲੀ ਸੀਟਾਂ ਵਾਸਤੇ ਦਾਖਲਾ 05 ਅਕਤੂਬਰ ਤੱਕ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 18 ਸਤੰਬਰ (ਪੈ.ਗਾਮ-ਏ-ਜਗਤ)

ਸਹਾਇਕ ਡਾਇਰੈਕਟਰ, ਭਾਸ਼ਾ ਵਿਭਾਗ ਪੰਜਾਬ, ਪੰਜਾਬੀ ਸੈੱਲ, ਚੰਡੀਗੜ੍ਹ, ਜੋ ਕਿ ਸਰਕਾਰੀ ਕਾਲਜ ਫੇਜ਼-06 ਮੋਹਾਲੀ ਵਿਖੇ ਚੱਲ ਰਿਹਾ ਹੈ, ਵੱਲੋਂ ਸੈਸ਼ਨ 2026-27 ਦੇ ਲਈ ਪੰਜਾਬੀ ਸ਼ਾਰਟਹੈਂਡ ਦੀ ਮੁਢਲੀ ਸਿਖਲਾਈ, ਦੀਆਂ ਕਲਾਸਾਂ ਲਈ ਨਵਾਂ ਦਾਖਲਾ ਕੀਤਾ ਗਿਆ ਹੈ। ਪ੍ਰੰਤੂ ਇਨ੍ਹਾਂ ਕਲਾਸਾਂ ਲਈ ਕੁਝ ਸੀਟਾਂ ਖਾਲੀ ਰਹਿ ਗਈਆਂ ਹਨ। ਇਸ ਲਈ ਪੰਜਾਬੀ ਸ਼ਾਰਟਹੈਂਡ ਸਿੱਖਣ ਦੇ ਚਾਹਵਾਨ ਚੰਡੀਗੜ੍ਹ ਅਤੇ ਚੰਡੀਗੜ੍ਹ ਦੇ ਨੇੜਲੇ ਇਲਾਕਿਆਂ ਦੇ ਉਮੀਦਵਾਰ ਜੋ ਇਨ੍ਹਾਂ ਕਲਾਸਾਂ ਵਿਚ ਦਾਖਲਾ ਲੈਣਾ ਚਾਹੁੰਦੇ ਹਨ, ਉਨ੍ਹਾਂ ਨੂੰ ਦੱਸਿਆ ਜਾਂਦਾ ਹੈ ਕਿ ਦਾਖਲੇ ਲਈ ਵਿੱਦਿਅਕ ਯੋਗਤਾ ਗ੍ਰੈਜੂਏਸ਼ਨ ਰੱਖੀ ਗਈ ਹੈ। ਇਨ੍ਹਾਂ ਕਲਾਸਾਂ ਲਈ ਫਾਰਮ ਭਰਨ ਦੀ ਆਖਰੀ ਮਿਤੀ 05 ਅਕਤੂਬਰ, 2026 ਹੋਵੇਗੀ। ਖਾਲੀ ਸੀਟਾਂ ਭਰਨ ਲਈ ਉਮੀਦਵਾਰਾਂ ਦੀ ਚੋਣ ਮੈਰਿਟ ਦੇ ਆਧਾਰ ਤੇ ਕੀਤੀ ਜਾਵੇਗੀ। ਵਧੇਰੇ ਜਾਣਕਾਰੀ ਲਈ ਉਮੀਦਵਾਰ ਮਿਤੀ 05 ਅਕਤੂਬਰ 2026 ਤੱਕ ਕਿਸੇ ਵੀ ਕੰਮ-ਕਾਜ ਵਾਲੇ ਦਿਨ ਦਫਤਰੀ ਸਮੇਂ (ਸੋਮਵਾਰ ਤੋਂ ਸ਼ੁੱਕਰਵਾਰ) ਦਫਤਰ ਸਹਾਇਕ ਡਾਇਰੈਕਟਰ, ਪੰਜਾਬੀ ਸੈੱਲ, ਸਰਕਾਰੀ ਕਾਲਜ, ਫੇਜ਼-6 (ਸਾਹਮਣੇ ਸਰਕਾਰੀ ਹਸਪਤਾਲ) ਮੋਹਾਲੀ ਵਿਖੇ ਸੰਪਰਕ ਕਰ ਸਕਦੇ ਹਨ। ਵਧੇਰੇ ਜਾਣਕਾਰੀ ਲਈ 7740077401 ਤੇ ਸੰਪਰਕ ਕੀਤਾ ਜਾ ਸਕਦਾ ਹੈ।

ਸੀਨੀਅਰ ਸਿਟੀਜ਼ਨਜ਼ ਲਈ ਰਾਜ ਪ੍ਰੀਸ਼ਦ ਦਾ ਪੁਨਰਗਠਨ; ਬ੍ਰਿਗੇਡੀਅਰ ਜੇ.ਐਸ. ਜਗਦੇਵ ਵਿਸ਼ੇਸ਼ ਮੈਂਬਰ ਨਾਮਜ਼ਦ

ਪੈ.ਗਾਮ-ਏ-ਜਗਤ

ਮੋਹਾਲੀ, 18 ਸਤੰਬਰ, (ਹਰਮਿੰਦਰ ਸਿੰਘ ਨਾਗਪਾਲ)



ਪੰਜਾਬ ਸਰਕਾਰ ਨੇ 2012 ਦੇ ਨਿਯਮਾਂ ਦੇ ਨਿਯਮ 24 ਤਹਿਤ ਰਾਜ ਪ੍ਰੀਸ਼ਦ ਦਾ ਮੁੜ ਗਠਨ ਕੀਤਾ। ਬ੍ਰਿਗੇਡੀਅਰ ਜੇ.ਐਸ. ਜਗਦੇਵ ਪ੍ਰਧਾਨ ਮੋਹਾਲੀ ਸੀਨੀਅਰ ਸਿਟੀਜ਼ਨ ਐਸੋਸੀਏਸ਼ਨ (ਐਸ.ਏ.ਐਸ. ਨਗਰ) ਨੂੰ ਤਿੰਨ ਵਿਸ਼ੇਸ਼ ਮੈਂਬਰਾਂ ਵਿੱਚ ਸ਼ਾਮਲ ਕੀਤਾ ਗਿਆ ਹੈ। ਪ੍ਰੀਸ਼ਦ ਦਾ ਗਠਨ: ਚੇਅਰਮੈਨ-ਸਮਾਜਿਕ ਸੁਰੱਖਿਆ ਮੰਤਰੀ। ਪਦ-ਕਾਰਣੀ ਮੈਂਬਰਾਂ ਵਿੱਚ ਪ੍ਰਮੁੱਖ ਸਕੱਤਰ, ਡੀ.ਜੀ.ਪੀ. ਅਤੇ ਡਾਇਰੈਕਟਰ ਸਮਾਜਿਕ ਸੁਰੱਖਿਆ ਸ਼ਾਮਲ। ਵਿਸ਼ੇਸ਼ ਮੈਂਬਰ: ਹਰਪਾਲ ਸਿੰਘ ਖੁਰਮੀ, ਬੂਟਾ ਰਾਮ ਕਾਮਰਾ ਤੇ ਬ੍ਰਿਗੇਡੀਅਰ ਜੇ.ਐਸ. ਜਗਦੇਵ। ਸਮਾਜ ਸੇਵੀ ਮੈਂਬਰ: ਭਾਵਨਾ ਸਾਹਨੀ, ਸੰਤ ਜਗਰਾਜ ਸਿੰਘ ਤੇ ਕਰਨਲ ਕਰਮਿੰਦਰ ਸਿੰਘ। ਇਹਨਾਂ ਦਾ ਕਾਰਜਕਾਲ 2 ਸਾਲ ਹੋਵੇਗਾ। ਹਰ 6 ਮਹੀਨੇ ਵਿੱਚ ਘੱਟੋ-ਘੱਟ ਇੱਕ ਬੈਠਕ ਕਰਨਗੇ।

ਜਿਲ੍ਹਾ ਪੱਧਰੀ ਅੰਤਰਰਾਸ਼ਟਰੀ ਸਨੇਕ ਬਾਈਟ ਜਾਗਰੂਕਤਾ ਦਿਵਸ ਅਯੋਜਿਤ

ਸੱਪ ਦੇ ਡੰਗਣ ਦੀ ਸੂਰਤ ਵਿੱਚ ਘਬਰਾਉਣ ਦੀ ਲੋੜ ਨਹੀਂ, ਇਲਾਜ ਸੰਭਵ ਹੈ : ਸਿਵਲ ਸਰਜਨ ਡਾ. ਤਪਿੰਦਰਜੋਤ



ਬਠਿੰਡਾ, 18 ਸਤੰਬਰ (ਪੈ.ਗਾਮ-ਏ-ਜਗਤ)

ਸਿਵਲ ਸਰਜਨ ਬਠਿੰਡਾ ਡਾ ਤਪਿੰਦਰਜੋਤ ਦੇ ਦਿਸ਼ਾ ਨਿਰਦੇਸ਼ਾ ਅਤੇ ਜਿਲ੍ਹਾ ਸਿਹਤ ਅਫ਼ਸਰ ਡਾ ਊਸ਼ਾ ਗੋਇਲ ਦੀ ਅਗਵਾਈ ਹੇਠ ਜਿਲ੍ਹਾ ਪੱਧਰੀ ਅੰਤਰਰਾਸ਼ਟਰੀ ਸਨੇਕ ਬਾਈਟ ਜਾਗਰੂਕਤਾ ਦਿਵਸ ਅਯੋਜਿਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ ਤਪਿੰਦਰਜੋਤ ਨੇ ਦੱਸਿਆ ਕਿ ਬਰਸਾਤ ਦੇ ਮੌਸਮ ਦੌਰਾਨ ਸੱਪਾਂ ਦੇ ਡੰਗਣ ਦੇ ਮਾਮਲੇ ਆਮ ਹਨ । ਜ਼ਿਲ੍ਹਾ ਸਿਹਤ ਵਿਭਾਗ ਸੱਪਾਂ ਦੇ ਡੰਗਣ ਦੀਆਂ ਘਟਨਾਵਾਂ ਨਾਲ ਨਜਿੱਠਣ ਲਈ ਐਮਰਜੈਂਸੀ ਮੈਡੀਕਲ ਸੇਵਾ ਉਪਲਬੱਧ ਕਰਵਾਉਣ ਲਈ ਪੂਰੀ ਤਰ੍ਹਾਂ ਚੌਕਸ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ ਸਾਰੀਆਂ ਸੀ.ਐਚ.ਸੀ ਅਤੇ ਜਿਲ੍ਹੇ ਦੇ ਸਰਕਾਰੀ ਹਸਪਤਾਲਾਂ ਵਿੱਚ ਐਂਟੀ ਸੱਪ ਜ਼ਹਿਰ ਦੇ ਟੀਕੇ ਉਪਲਬੱਧ ਹਨ ਅਤੇ ਮਰੀਜ਼ਾਂ ਨੂੰ ਬਿਨਾਂ ਕਿਸੇ ਦੇਰੀ ਦੇ ਟੀਕੇ ਲਗਾਉਣੇ ਚਾਹੀਦੇ ਹਨ।

ਜਿਲ੍ਹਾ ਸਿਹਤ ਅਫ਼ਸਰ ਡਾ ਊਸ਼ਾ ਗੋਇਲ ਨੇ ਕਿਹਾ ਕਿ ਸੱਪ ਦੇ ਡੰਗਣ ਤੋਂ ਬਾਅਦ ਪੀੜਤ ਨੂੰ ਗੈਰ-ਸਿੱਖਿਅਤ ਲੋਕਾਂ ਕੋਲ ਜਾਣ ਦੀ ਬਜਾਏ ਸਰਕਾਰੀ ਹਸਪਤਾਲ ਜਾਣਾ ਚਾਹੀਦਾ ਹੈ। ਕਿਸੇ ਵੀ ਡਾਕਟਰੀ ਜਾਣਕਾਰੀ ਲਈ ਸਿਹਤ ਵਿਭਾਗ ਦੀ ਹੈਲਪਲਾਈਨ ਨੰਬਰ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਸੱਪਾਂ ਦੇ ਡੰਗਣ ਦੀ ਸਥਿਤੀ ਵਿੱਚ ਕੀ ਕਰਨਾ ਚਾਹੀਦਾ ਹੈ ਅਤੇ ਕੀ ਨਹੀਂ ਕਰਨਾ ਚਾਹੀਦਾ ਹੈ, ਇਸ ਲਈ ਹਰ ਨਾਗਰਿਕ ਨੂੰ ਜਾਗਰੂਕ ਹੋਣਾ ਚਾਹੀਦਾ ਹੈ। ਸੱਪ ਦੇ ਡੰਗਣ ਦੀ ਸੂਰਤ ਵਿੱਚ ਤੁਰੰਤ ਐਂਬੂਲੈਂਸ ਨੂੰ ਬੁਲਾ ਕੇ ਪੀੜਤ ਨੂੰ ਹਸਪਤਾਲ ਲੈ ਜਾਓ ਅਤੇ ਮਾਹਰ ਡਾਕਟਰ ਕੋਲੋਂ ਹੀ ਇਲਾਜ ਕਰਵਾਓ। ਪੀੜਤ ਨੂੰ ਹੌਸਲਾ ਦਿੰਦੇ ਰਹੋ ਅਤੇ ਸਪਲਿੰਟ ਦੀ ਮਦਦ ਨਾਲ ਅੰਗ ਨੂੰ ਸਥਿਰ ਰੱਖੋ। ਉਨ੍ਹਾਂ ਅੱਗੇ ਕਿਹਾ ਕਿ ਸੱਪ ਦੇ ਡੰਗਣ ਦੀ ਸੂਰਤ ਵਿੱਚ ਘਬਰਾਉਣ ਦੀ ਲੋੜ ਨਹੀਂ, ਕਿਉਂਕਿ ਸੱਪ ਦੇ ਡੰਗੇ ਦਾ ਇਲਾਜ ਸੰਭਵ ਹੈ।

ਡਿਪਟੀ ਮਾਸ ਮੀਡੀਆ ਅਫ਼ਸਰ ਰੋਹਿਤ ਜਿੰਦਲ ਨੇ ਦੱਸਿਆ ਕਿ ਜਿਸ ਥਾਂ 'ਤੇ ਸੱਪ ਨੇ ਡੰਗ ਮਾਰਿਆ ਹੈ, ਉਸ ਥਾਂ ਨੂੰ ਨਾ ਤਾਂ ਕੱਟੋ ਤੇ ਨਾ ਹੀ ਮੂੰਹ ਨਾਲ ਜ਼ਹਿਰ ਕੱਢਣ ਦੀ ਕੋਸ਼ਿਸ਼ ਕਰੋ। ਡੰਗ ਵਾਲੀ ਥਾਂ 'ਤੇ ਨਾ ਤਾਂ ਬਰਫ਼ ਲਗਾਓ ਤੇ ਨਾ ਹੀ ਮਾਲਿਸ਼ ਕਰੋ। ਆਪਣੇ-ਆਪ ਕੋਈ ਦਵਾਈ ਨਾ ਲਓ ਅਤੇ ਨਾ ਹੀ ਡੰਗ ਵਾਲੀ ਥਾਂ 'ਤੇ ਕੋਈ ਜੜ੍ਹੀ ਬੂਟੀ ਲਗਾਓ। ਬਾਹਰ ਜਾਣ ਵੇਲੇ ਬੰਦ ਜੁੱਤੀਆਂ ਜਾਂ ਲੰਬੇ ਬੂਟ ਪਾਏ ਜਾਣ। ਰਾਤ ਦੇ ਸਮੇਂ ਹਮੇਸ਼ਾ ਟਾਰਚ ਦੀ ਵਰਤੋਂ ਕੀਤੀ ਜਾਵੇ। ਆਪਣੇ ਘਰ ਅਤੇ ਆਲੇ ਦੁਆਲੇ ਨੂੰ ਸਾਫ-ਸੁਥਰਾ ਰੱਖੋ। ਜੁੱਤੇ ਪਹਿਨਣ ਤੋਂ ਪਹਿਲਾਂ ਜੁੱਤਿਆਂ ਨੂੰ ਚੰਗੀ ਤਰ੍ਹਾਂ ਝਾੜ ਲਉ। ਇਸ ਮੌਕੇ ਡਿਪਟੀ ਮਾਸ ਮੀਡੀਆ ਅਫ਼ਸਰ ਕੇਵਲ ਸਿੰਘ, ਬੀ.ਈ.ਈ ਮਾਲਵਿੰਦਰ ਸਿੰਘ ਤਿਉਣਾ ਅਤੇ ਹੈਲਥ ਸੁਪਰਵਾਇਜਰ ਬੂਟਾ ਸਿੰਘ ਹਾਜ਼ਰ ਸਨ।

ਸ.ਫ਼ਾ 1 ਦਾ ਬਾਕੀ...

ਪਠਾਨਕੋਟ ਤੋਂ ਭਾਜਪਾ...

ਭਾਜਪਾ ਵੱਲੋਂ ਜਲੰਧਰ 'ਚ ਜਨਤਕ ਰੈਲੀ ਕੀਤੀ ਜਾਵੇਗੀ, ਜਿਸ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਸੰਬੋਧਨ ਕਰਨਗੇ। ਦੱਸ ਦੇਈਏ ਕਿ ਇਹ ਭਾਜਪਾ ਯਾਤਰਾ 13 ਦਿਨਾਂ ਵਿੱਚ 4,000 ਕਿਲੋਮੀਟਰ ਦੀ ਦੂਰੀ ਤੈਅ ਕਰਕੇ ਪੰਜਾਬ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ ਨੂੰ ਕਵਰ ਕਰੇਗੀ। ਇਹ ਰੈਲੀ 30 ਸਤੰਬਰ ਨੂੰ ਜਲੰਧਰ ਵਿੱਚ ਸਮਾਪਤ ਹੋਵੇਗੀ, ਜਿੱਥੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਰੈਲੀ ਨੂੰ ਸੰਬੋਧਨ ਕਰਨਗੇ। ਪਠਾਨਕੋਟ ਤੋਂ ਬਾਅਦ, ਇਸੇ ਤਰ੍ਹਾਂ ਦੀਆਂ ਰੱਥ ਯਾਤਰਾਵਾਂ 19 ਸਤੰਬਰ ਨੂੰ ਫਤਿਹਗੜ੍ਹ ਸਾਹਿਬ, 20 ਸਤੰਬਰ ਨੂੰ ਫਾਜ਼ਿਲਕਾ ਅਤੇ 21 ਸਤੰਬਰ ਨੂੰ ਤਲਵੰਡੀ ਸਾਬੋ ਤੋਂ ਸ਼ੁਰੂ ਹੋਣਗੀਆਂ।

ਨਸ਼ਾ ਵਿਰੋਧੀ ਮੁਹਿੰਮ...

ਨਾਲ ਪੰਜਾਬ ਦੇ ਲੋਕਾਂ ਤੱਕ ਪਹੁੰਚ ਕਰ ਰਹੀ ਹੈ। ਨਿਤਿਨ ਨਬੀਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ 2 ਅਗਸਤ ਨੂੰ ਨਸ਼ਿਆਂ ਵਿਰੁੱਧ ਇੱਕ ਮੁਹਿੰਮ ਸ਼ੁਰੂ ਕੀਤੀ, ਜਿਸ ਵਿੱਚ ਲੋਕਾਂ ਨੂੰ ਨਸ਼ੇ ਛੱਡਣ ਅਤੇ ਅੱਗੇ ਵਧਣ ਦੀ ਅਪੀਲ ਕੀਤੀ ਗਈ। ਉਨ੍ਹਾਂ ਕਿਹਾ ਕਿ ਇਹ ਲੜਾਈ ਪੰਜਾਬ ਵਿੱਚ ਸ਼ੁਰੂ ਹੋਣੀ ਚਾਹੀਦੀ ਹੈ, ਕਿਉਂਕਿ ਪੰਜਾਬ ਦੇ ਨੌਜਵਾਨ ਅਤੇ ਭਵਿੱਖ ਖ਼ਤਰੇ ਵਿੱਚ ਹਨ। ਉਨ੍ਹਾਂ ਕਿਹਾ ਕਿ ਉਹ ਪਠਾਨਕੋਟ ਸਿਰਫ਼ ਯਾਤਰਾ ਸ਼ੁਰੂ ਕਰਨ ਲਈ ਨਹੀਂ, ਸਗੋਂ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਇੱਕ ਨਵੀਂ ਲੜਾਈ ਸ਼ੁਰੂ ਕਰਨ ਲਈ ਇੱਕ ਸੰਕਲਪ ਨਾਲ ਆਏ ਹਨ। ਉਨ੍ਹਾਂ ਕਿਹਾ ਕਿ ਭਾਜਪਾ ਪ੍ਰਧਾਨ ਮੰਤਰੀ ਦੇ ਸੰਦੇਸ਼ ਨਾਲ ਪੰਜਾਬ ਦੇ ਲੋਕਾਂ ਤੱਕ ਪਹੁੰਚ ਕਰ ਰਹੀ ਹੈ। ਨਿਤਿਨ ਨਬੀਨ ਨੇ ਕਿਹਾ ਕਿ ਜਿੱਥੇ ਸਾਡੇ ਸਿਪਾਹੀ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਕਰ ਰਹੇ ਹਨ, ਉੱਥੇ ਘਰ ਦੇ ਅੰਦਰ ਨੌਜਵਾਨਾਂ ਨੂੰ ਨਸ਼ਿਆਂ ਦੀ ਦੁਰਵਰਤੋਂ ਤੋਂ ਬਚਾਉਣ ਦੀ ਜ਼ਿੰਮੇਵਾਰੀ ਸਮਾਜ ਅਤੇ ਪੰਜਾਬ ਦੇ ਲੋਕਾਂ ਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਲੜਾਈ ਨੂੰ ਹਰ ਘਰ ਤੱਕ ਲਿਜਾਣਾ ਜ਼ਰੂਰੀ ਹੈ।

ਬਟਾਲਾ 'ਚ ਬਿੱਟੂ...

ਭੀੜ ਦੇ ਵਿਚਕਾਰੋਂ ਕੱਢ ਕੇ ਲੈ ਗਿਆ। ਮੇਰੇ ਕੋਲ Z-ਪਲੱਸ ਸੁਰੱਖਿਆ ਹੈ ਅਤੇ ਮੇਰੇ ਨਾਲ ਕਰੀਬ 100 ਸੁਰੱਖਿਆ ਕਰਮਚਾਰੀ ਹੁੰਦੇ ਹਨ। ਸੁਰੱਖਿਆ ਲਈ ਸਥਾਨਕ ਪੁਲਿਸ ਅਧਿਕਾਰੀ, ਜਿਨ੍ਹਾਂ ਵਿੱਚ ਡੀਐਸਪੀ ਅਤੇ ਐਸਪੀ ਸ਼ਾਮਲ ਸਨ, ਵੀ ਮੌਜੂਦ ਸਨ। ਇਹ ਦਾਅਵਾ ਕਰਦਿਆਂ ਕਿ ਤਿੰਨ ਵਿਅਕਤੀਆਂ ਨੂੰ ਫੜ ਲਿਆ ਗਿਆ ਹੈ, ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਫੋਨ ਜ਼ਬਤ ਕਰ ਲਏ ਗਏ ਹਨ। ਉਨ੍ਹਾਂ ਦੇ ਫੋਨ ਚਾਲੂ ਸਨ ਅਤੇ ਲਗਾਤਾਰ ਹਦਾਇਤਾਂ ਦਿੱਤੀਆਂ ਜਾ ਰਹੀਆਂ ਸਨ ਕਿ 'ਉਨ੍ਹਾਂ ਨੂੰ ਘੇਰੋ, ਕੁੱਟੋ ਅਤੇ ਮਾਰ ਦਿਓ।' ਉਨ੍ਹਾਂ ਨੇ ਗੱਡੀਆਂ 'ਤੇ ਹਮਲਾ ਕੀਤਾ ਅਤੇ ਸ਼ੀਸ਼ੇ ਤੋੜ ਦਿੱਤੇ। ਅੰਡੇ ਅਤੇ ਟਮਾਟਰ ਤਾਂ ਮਾਮੂਲੀ ਗੱਲ ਹੈ; ਉਨ੍ਹਾਂ ਵਿੱਚੋਂ ਕੁਝ ਕੋਲ ਹਥਿਆਰ ਵੀ ਸਨ।

ਹਵਾਈ ਸੈਨਾ ਦੇ...

ਸਿਖਲਾਈ ਲੋੜਾਂ ਨੂੰ ਪੂਰਾ ਕਰਨ ਲਈ ਦੇਸੀ ਤੌਰ 'ਤੇ ਵਿਕਸਤ ਕੀਤਾ ਗਿਆ ਹੈ। ਰੱਖਿਆ ਮੰਤਰਾਲੇ ਨੇ 70 ਐਚਟੀਟੀ-40 ਜਹਾਜ਼ਾਂ ਲਈ ਸਮਝੌਤਾ ਦਿੱਤਾ ਹੈ। ਮੌਜੂਦਾ ਸਪੁਰਦਗੀ ਇਸ ਸਮਝੌਤੇ ਦੇ ਤਹਿਤ ਸਪੁਰਦਗੀ ਦੀ ਸ਼ੁਰੂਆਤ ਨੂੰ ਦਰਸਾਉਂਦੀ ਹੈ। ਹਾਲਾਂਕਿ, ਇਹ ਪਹਿਲਾ ਦੇਸੀ ਜਹਾਜ਼ ਨਹੀਂ ਹੈ ਜਿਸ 'ਤੇ ਭਾਰਤੀ ਪਾਇਲਟ ਸਿਖਲਾਈ ਲੈਣਗੇ; ਭਾਰਤੀ ਹਵਾਈ ਸੈਨਾ ਨੇ ਪਹਿਲਾਂ ਵੀ ਹਾਲ ਐਚ.ਪੀ.ਟੀ.-32 'ਦੀਪਕ' ਵਰਗੇ ਦੇਸੀ ਟ੍ਰੇਨਰ ਜਹਾਜ਼ਾਂ ਦੀ ਵਰਤੋਂ ਕੀਤੀ ਹੈ। ਹਾਲ ਨੇ ਚਾਰ ਐਲ.ਸੀ.ਏ. ਤੇਜਸ ਟ੍ਰੇਨਰਾਂ ਦੀ ਸਪੁਰਦਗੀ ਪੂਰੀ ਕੀਤੀ ਹਾਲ ਨੇ ਭਾਰਤੀ ਹਵਾਈ ਸੈਨਾ ਨੂੰ ਦੋ ਐਲ.ਸੀ.ਏ. ਐਫ.ਓ.ਸੀ. ਟ੍ਰੇਨਰ ਜਹਾਜ਼ ਸੌਂਪੇ। ਇਸ ਦੇ ਨਾਲ, ਐਫ.ਓ.ਸੀ. ਸਮਝੌਤੇ ਦੇ ਤਹਿਤ ਚਾਰ ਟਵਿਨ-ਸੀਟਰ (ਦੋ ਸੀਟਾਂ ਵਾਲੇ) ਜਹਾਜ਼ਾਂ ਦੀ ਸਪੁਰਦਗੀ ਪੂਰੀ ਹੋ ਗਈ ਹੈ। ਇਨ੍ਹਾਂ ਜਹਾਜ਼ਾਂ ਵਿੱਚ ਬਿਹਤਰ ਰਾਡਾਰ, ਆਟੋਪਾਇਲਟ, ਈਂਧਨ ਪ੍ਰਣਾਲੀਆਂ, ਸੁਰੱਖਿਅਤ ਸੰਚਾਰ ਲਈ ਸਾਫਟਵੇਅਰ-ਡਿਫਾਈਨਡ ਰੇਡੀਓ ਅਤੇ ਹਵਾ ਵਿੱਚ ਈਂਧਨ ਭਰਨ ਵਾਲੀਆਂ ਪ੍ਰੋਬਸ ਵਰਗੀਆਂ ਸਮਰੱਥਾਵਾਂ ਸ਼ਾਮਲ ਹਨ।

ਪੰਜਾਬ ਦੇ ਸਰਕਾਰੀ...

ਮੁਲਾਜ਼ਮਾਂ ਵੱਲੋਂ 60 ਫ਼ੀਸਦੀ ਡੀ ਏ ਦੀ ਮੰਗ ਕੀਤੀ ਜਾ ਰਹੀ ਸੀ ਪ੍ਰੰਤੂ ਮੀਟਿੰਗ 'ਚ ਮੁਲਾਜ਼ਮ ਆਗੂਆਂ ਨੇ ਪੰਜਾਬ ਸਰਕਾਰ ਦੀ ਪੇਸ਼ਕਸ਼ ਨੂੰ ਸਵੀਕਾਰ ਕਰ ਲਿਆ। ਸਾਂਝੀ ਮੀਟਿੰਗ 'ਚ ਮੁਲਾਜ਼ਮਾਂ ਆਗੂਆਂ ਨੇ ਬਾਕੀ ਮੰਗਾਂ ਬਾਰੇ ਵੀ ਆਪਣਾ ਪੱਖ ਰੱਖਿਆ ਜਿਨ੍ਹਾਂ 'ਤੇ ਵਿਚਾਰ ਕਰਨ ਦਾ ਮੁੱਖ ਮੰਤਰੀ ਭਗਵੰਤ ਮਾਨ ਨੇ ਭਰੋਸਾ ਦਿੱਤਾ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਡੀ ਏ 'ਚ ਅੱਠ ਫ਼ੀਸਦੀ ਵਾਧੇ ਨਾਲ ਪੰਜਾਬ ਸਰਕਾਰ 'ਤੇ ਕਰੀਬ 250 ਕਰੋੜ ਦਾ ਵਿੱਤੀ ਬੋਝ ਪਵੇਗਾ। ਮੁੱਖ ਮੰਤਰੀ ਵੱਲੋਂ ਬਾਕੀ ਮੁਲਾਜ਼ਮਾਂ ਮੰਗਾਂ ਬਾਰੇ ਮੀਟਿੰਗ ਦੋ ਹਫ਼ਤੇ ਬਾਅਦ ਕੀਤੀ ਜਾਵੇਗੀ। ਮੀਟਿੰਗ 'ਚ ਸਹਿਮਤੀ ਬਣਨ ਮਗਰੋਂ ਮੁਲਾਜ਼ਮ ਆਗੂਆਂ ਤੇ ਮੁੱਖ ਮੰਤਰੀ ਨੇ ਇੱਕ ਦੂਜੇ ਦਾ ਮੂੰਹ ਮਿੱਠਾ ਕਰਾਇਆ।

ਸਰਕਾਰ ਅਤੇ ਮੁਲਾਜ਼ਮਾਂ...

ਬਣ ਗਿਆ ਸੀ। ਲੰਘੇ ਕੱਲ੍ਹ ਮੁੱਖ ਮੰਤਰੀ ਨੇ ਮੁਲਾਜ਼ਮ ਜਥੇਬੰਦੀਆਂ ਨੂੰ ਗੱਲਬਾਤ ਦਾ ਸੱਦਾ ਦਿੱਤਾ ਸੀ। ਸੂਬਾ ਸਰਕਾਰ ਅੱਜ ਨਰਮ ਰੌਂਅ 'ਚ ਨਜ਼ਰ ਆ ਰਹੀ ਸੀ। ਚੇਤੇ ਰਹੇ ਕਿ ਕਰੀਬ ਤਿੰਨ ਹਫ਼ਤੇ ਤੋਂ ਪੰਜਾਬ ਸਰਕਾਰ ਅਤੇ ਮੁਲਾਜ਼ਮ ਜਥੇਬੰਦੀਆਂ ਦਰਮਿਆਨ ਕਾਫ਼ੀ ਤਲਖ਼ੀ ਬਣੀ ਹੋਈ ਸੀ। ਅੱਜ ਦੀ ਮੀਟਿੰਗ 'ਤੇ ਪੰਜਾਬ ਦੇ ਕਰੀਬ 4 ਲੱਖ ਮੁਲਾਜ਼ਮਾਂ ਅਤੇ 3.50 ਲੱਖ ਪੈਨਸ਼ਨਰਾਂ ਦੀਆਂ ਨਜ਼ਰਾਂ ਲੱਗੀਆਂ ਹੋਈਆਂ ਸਨ। ਹੜਤਾਲ ਕਾਰਨ ਪੰਜਾਬ 'ਚ ਦਫ਼ਤਰੀ ਕੰਮ ਵੀ ਪ੍ਰਭਾਵਿਤ ਹੋ ਰਿਹਾ ਸੀ।

ਪਾਕਿਸਤਾਨ ਦੀ ਇੱਕ...

16 ਲੋਕਾਂ ਦੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਹਮਲੇ ਵਿੱਚ ਮਾਰੇ ਗਏ ਲੋਕਾਂ ਵਿੱਚ ਪੰਜ ਪੁਲੀਸ ਮੁਲਾਜ਼ਮ ਅਤੇ 11 ਆਮ ਨਾਗਰਿਕ ਸ਼ਾਮਲ ਹਨ।

ਨਿਊਜ਼ ਚੈਨਲ 'ਜੀਓ ਨਿਊਜ਼' ਨੇ ਜ਼ਿਲ੍ਹਾ ਹੈੱਡਕੁਆਰਟਰ ਹਸਪਤਾਲ ਦੇ ਐੱਮ ਐਸ ਤਾਹਿਰ ਅਲੀ ਸ਼ਾਹ ਦੇ ਹਵਾਲੇ ਨਾਲ ਆਪਣੀ ਖ਼ਬਰ ਵਿੱਚ ਦੱਸਿਆ ਕਿ ਧਮਾਕੇ ਤੋਂ ਬਾਅਦ ਹਸਪਤਾਲ ਵਿੱਚ 15 ਲਾਸ਼ਾਂ ਲਿਆਂਦੀਆਂ ਗਈਆਂ, ਜਦਕਿ 50 ਤੋਂ ਵੱਧ ਜ਼ਖ਼ਮੀਆਂ ਨੂੰ ਦਾਖ਼ਲ ਕਰਵਾਇਆ ਗਿਆ। ਪੁਲੀਸ ਨੇ ਦੱਸਿਆ ਕਿ ਜ਼ਖ਼ਮੀਆਂ ਵਿੱਚੋਂ ਜ਼ਿਆਦਾਤਰ ਨਮਾਜ਼ੀ ਸਨ। ਉਨ੍ਹਾਂ ਦੱਸਿਆ ਕਿ ਧਮਾਕੇ ਕਾਰਨ ਮਸਜਿਦ ਦੇ ਬਾਹਰ ਟੋਆ ਪੈ ਗਿਆ।

ਡਿਊਟੀ 'ਤੇ ਤਾਇਨਾਤ...

ਹਰਜੀਤ ਸਿੰਘ ਤਰਨਤਾਰਨ ਦੇ ਰਹਿਣ ਵਾਲੇ ਸਨ ਅਤੇ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਦੀ ਪੀ.ਸੀ.ਆਰ. ਯੂਨਿਟ ਵਿੱਚ ਤਾਇਨਾਤ ਸਨ। ਪੁਲਿਸ ਅਨੁਸਾਰ, ਉਹ ਸ਼ੁੱਕਰਵਾਰ ਨੂੰ ਤੜਕੇ 2:30 ਤੋਂ 3:00 ਵਜੇ ਦੇ ਵਿਚਕਾਰ ਅਨਾਜ ਮੰਡੀ ਵਿੱਚ ਆਪਣੀ ਡਿਊਟੀ ਨਿਭਾ ਰਹੇ ਸਨ ਜਦੋਂ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਨੇ ਉਨ੍ਹਾਂ 'ਤੇ ਗੋਲੀਆਂ ਚਲਾਈਆਂ। ਇਸ ਦੌਰਾਨ, ਦੇਰ ਰਾਤ ਐਕਟਿਵਾ ਸਕੂਟਰ ਸਵਾਰ ਦੋ ਅਣਪਛਾਤੇ ਹਮਲਾਵਰਾਂ ਨੇ ਇੱਕ ਹੋਰ ਨੌਜਵਾਨ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਇਹ ਘਟਨਾ ਇਸਲਾਮਾਬਾਦ ਥਾਣਾ ਖੇਤਰ ਅਧੀਨ ਆਉਂਦੇ ਸੁਰਤਾ ਸਿੰਘ ਇਲਾਕੇ ਵਿੱਚ ਵਾਪਰੀ। ਮ੍ਰਿਤਕ ਦੀ ਪਛਾਣ ਸਾਹਿਲਪ੍ਰੀਤ ਸਿੰਘ ਵਜੋਂ ਹੋਈ ਹੈ, ਜੋ ਮੋਹਿਨੀ ਪਾਰਕ ਨੇੜੇ ਹਰਕ੍ਰਿਸ਼ਨ ਨਗਰ ਦਾ ਰ ਘਟਨਾ ਬਾਰੇ ਸੂਚਨਾ ਮਿਲਣ 'ਤੇ ਪੁਲਿਸ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕੀਤੀ। ਪੁਲਿਸ ਨੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ।

ਪੇਪਰ ਲੀਕ ਰੋਕਣ..

ਉਪਾਅ ਕਾਫ਼ੀ ਨਹੀਂ ਹੋਣਗੇ। ਤੁਹਾਨੂੰ ਪਤਾ ਹੋਣਾ ਚਾਹੀਦਾ ਹੈ ਕਿ ਪੂਰੀ ਪ੍ਰਣਾਲੀ ਦਾ ਸਥਾਈ ਹੋਣਾ ਹੀ ਸਭ ਤੋਂ ਜ਼ਰੂਰੀ ਹੈ। ਸੁਣਵਾਈ ਦੀ ਸ਼ੁਰੂਆਤ ਵਿਚ, ਕੇਂਦਰ ਨੇ ਅਦਾਲਤ ਨੂੰ ਦੱਸਿਆ ਕਿ ਨੀਟ ਵਿਚ ਰਚਨਾਤਮਕ ਸੁਧਾਰਾਂ ਦਾ ਸੁਝਾਅ ਦੇਣ ਲਈ ਗਠਿਤ ਨੰਦਨ ਨੀਲੇਕਣੀ ਦੀ ਅਗਵਾਈ ਵਾਲੀ ਉੱਚ-ਪੱਧਰੀ ਕਮੇਟੀ ਨੇ ਵਿਆਪਕ ਵਿਚਾਰ-ਵਟਾਂਦਰਾ ਕੀਤਾ ਹੈ ਅਤੇ ਉਹ ਸੰਭਵ ਤੌਰ 'ਤੇ ਇਸ ਮਹੀਨੇ ਦੇ ਅਖੀਰ ਤੱਕ ਆਪਣੀ ਪਹਿਲੀ ਅੰਤਰਿਮ ਰਿਪੋਰਟ ਸੌਂਪ ਦੇਵੇਗੀ।

ਏਅਰ ਇੰਡੀਆ ਐਕਸਪ੍ਰੈਸ...

ਉਲੰਘਣਾ ਮੰਨਿਆ ਗਿਆ। ਏਅਰਲਾਈਨ ਨੇ ਇਸ ਮਾਮਲੇ ਬਾਰੇ ਹਵਾਬਾਜ਼ੀ ਸੁਰੱਖਿਆ ਰੈਗੂਲੇਟਰ, ਡਾਇਰੈਕਟੋਰੇਟ ਜਨਰਲ ਆਫ਼ ਸਿਵਲ ਏਵੀਏਸ਼ਨ ਨੂੰ ਸੂਚਿਤ ਕੀਤਾ ਅਤੇ ਅੱਠਾਂ ਮੈਂਬਰਾਂ ਨੂੰ ਡਿਊਟੀ ਤੋਂ ਹਟਾ ਦਿੱਤਾ।

ਪੰਜਾਬ ਕੋਲ ਕਿਸੇ...

ਲਈ ਲਾਹੇਵੰਦ ਐੱਮ ਐੱਸ ਪੀ ਦੇਣ ਅਤੇ ਪਰਾਲੀ ਸਾੜਨ ਨੂੰ ਰੋਕਣ ਲਈ ਕਿਸਾਨਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਦੀ ਅਪੀਲ ਕੀਤੀ। ਮਾਨ ਨੇ ਇਹ ਭਰੋਸਾ ਵੀ ਦਿੱਤਾ ਕਿ ਆਉਣ ਵਾਲੇ ਸਾਉਣੀ ਮੰਡੀਕਰਨ ਸੀਜ਼ਨ ਦੌਰਾਨ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖ਼ਰੀਦਿਆ ਅਤੇ ਸਮੇਂ ਸਿਰ ਚੁੱਕਿਆ ਜਾਵੇਗਾ। ਕਿਸਾਨਾਂ ਨੂੰ ਸਿਰਫ਼ ਪੀ ਏ ਯੂ ਵੱਲੋਂ ਸਿਫ਼ਾਰਸ਼ ਕੀਤੀਆਂ ਕੀਟਨਾਸ਼ਕਾਂ ਦੀ ਵਰਤੋਂ ਕਰਨ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵਧੀਆ ਝਾੜ ਯਕੀਨੀ ਬਣਾਉਣ ਅਤੇ ਕਿਸਾਨਾਂ ਨੂੰ ਬੇਲੋੜੇ ਨੁਕਸਾਨ ਤੋਂ ਬਚਣ ਲਈ ਬਿਜਾਈ ਤੋਂ ਪਹਿਲਾਂ ਬੀਜਾਂ ਦੀ ਜਾਂਚ ਵੀ ਕੀਤੀ ਜਾਣੀ ਚਾਹੀਦੀ ਹੈ।

ਬੈਨਰਜੀ ਦੀ ਪਾਰਟੀ ...

ਅੰਤਿਮ ਫੈਸਲਾ ਲਿਆ ਜਾਣਾ ਅਜੇ ਬਾਕੀ ਹੈ। ਹੁਣ, ਦੋਵੇਂ ਧੜੇ ਆਪਣੀਆਂ ਨਵੀਆਂ ਪਾਰਟੀ ਦੇ ਨਾਵਾਂ ਅਤੇ ਚੋਣ ਨਿਸ਼ਾਨਾਂ ਹੇਠ ਜ਼ਿਮਨੀ ਚੋਣਾਂ ਲੜਨਗੇ। ਨੰਦੀਗ੍ਰਾਮ ਅਤੇ ਰੇਜੀਨਗਰ ਸੀਟਾਂ ਲਈ ਵੋਟਿੰਗ 6 ਅਕਤੂਬਰ ਨੂੰ ਹੋਣੀ ਹੈ ਅਤੇ ਨਤੀਜੇ 9 ਅਕਤੂਬਰ ਨੂੰ ਐਲਾਨੇ ਜਾਣਗੇ।

ਨਿਠਾਰੀ ਕੇਸ ਦੇ...

ਕੇਸ ਚਲਾਏ ਗਏ। ਕੋਲੀ ਨੂੰ ਨਿਠਾਰੀ ਘਟਨਾ ਨਾਲ ਸਬੰਧਤ 13 ਕੇਸਾਂ ਵਿੱਚ ਮੌਤ ਦੀ ਸਜ਼ਾ ਸੁਣਾਈ ਗਈ ਸੀ। ਹਾਲਾਂਕਿ, 2023 ਵਿੱਚ ਇਲਾਹਾਬਾਦ ਹਾਈ ਕੋਰਟ ਨੇ ਉਸ ਨੂੰ ਇਨ੍ਹਾਂ ਵਿੱਚੋਂ 12 ਕੇਸਾਂ ਵਿੱਚ ਬਰੀ ਕਰ ਦਿੱਤਾ ਸੀ। ਬਾਅਦ ਵਿੱਚ, ਨਵੰਬਰ 2025 ਵਿੱਚ, ਸੁਪਰੀਮ ਕੋਰਟ ਨੇ ਬਾਕੀ ਬਚੇ ਆਖਰੀ ਕੇਸ ਵਿੱਚ ਵੀ ਉਸ ਦੀ ਸਜ਼ਾ ਨੂੰ ਰੱਦ ਕਰ ਦਿੱਤਾ ਸੀ।

ਪੰਜਾਬੀ ਸਿੱਖ ਟਰੱਕ...

ਦਾ ਦੋਸ਼ ਲਗਾਇਆ ਗਿਆ ਹੈ; ਹਾਲਾਂਕਿ, ਅਧਿਕਾਰੀਆਂ ਨੇ ਅਜੇ ਤੱਕ ਹਮਲੇ ਦੇ ਕਾਰਨ ਦੀ ਪੁਸ਼ਟੀ ਨਹੀਂ ਕੀਤੀ ਹੈ।

ਪਨਬੱਸ/ਪੀ.ਆਰ.ਟੀ.ਸੀ. ਮੁਲਾਜ਼ਮ...

ਉਨ੍ਹਾਂ ਦਾਅਵਾ ਕੀਤਾ ਕਿ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਲਗਭਗ 800 ਬੱਸਾਂ ਨੂੰ ਨਕਾਰਾ (ਕੰਡਮ) ਐਲਾਨ ਦਿੱਤਾ ਗਿਆ ਹੈ, ਜਦਕਿ ਸਿਰਫ਼ 696 ਨਵੀਆਂ ਬੱਸਾਂ ਹੀ ਖਰੀਦੀਆਂ ਜਾ ਰਹੀਆਂ ਹਨ।

ਅੰਮ੍ਰਿਤਸਰ ਤੋਂ ਜਾਮਨਗਰ ...

NHAI ਦੇ ਅਨੁਸਾਰ ਅੰਮ੍ਰਿਤਸਰ-ਬਠਿੰਡਾ-ਜਾਮਨਗਰ ਆਰਥਿਕ ਲਾਂਘਾ ਉੱਤਰੀ ਭਾਰਤ ਨੂੰ ਗੁਜਰਾਤ ਦੀਆਂ ਮਹੱਤਵਪੂਰਨ ਬੰਦਰਗਾਹਾਂ ਨਾਲ ਜੋੜਨ ਵਾਲੀ ਖ਼ਾਸ ਕੜੀ ਹੈ। ਇਸ ਪ੍ਰੋਜੈਕਟ ਨਾਲ ਸਫ਼ਰ ਦੀ ਦੂਰੀ ਅਤੇ ਸਮਾਂ ਦੋਵੇਂ ਘਟਣ ਦੇ ਨਾਲ-ਨਾਲ ਮਾਲ ਦੀ ਢੋਆ-ਢੁਆਈ ਨੂੰ ਵੀ ਤੇਜ਼ੀ ਮਿਲਣ ਦੀ ਉਮੀਦ ਹੈ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

5 ਸਾਲਾਂ ਬੱਚੇ ਹਰਵੀਰ ਨਾਲ ਕੁਕਰਮ ਕਰਕੇ ਹੱਤਿਆ ਕਰਨ ਵਾਲੇ ਨਾਨਕੇ ਯਾਦਵ ਨੂੰ ਹੋਈ ਫਾਂਸੀ ਦੀ ਸਜ਼ਾ

• ਫਾਸਟ ਟਰੈਕ ਕੋਰਟ ਦੇ ਐਡੀਸ਼ਨਲ ਸੈਸ਼ਨ ਜੱਜ ਮੈਡਮ ਮਨਪ੍ਰੀਤ ਕੌਰ ਜੀ ਵਲੋਂ ਸੁਣਾਇਆ ਗਿਆ ਫੈਸਲਾ



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਹੁਸ਼ਿਆਰਪੁਰ ਸ਼ਹਿਰ ਦੇ ਵਿੱਚ 9/92025 ਨੂੰ ਇਕ ਪ੍ਰਵਾਸੀ ਨਾਨਕੇ ਯਾਦਵ ਵਲੋਂ 5 ਸਾਲ ਦੇ ਬੱਚੇ ਨੂੰ ਚੁੱਕ ਕੇ ਅਗਿਆਤ ਥਾਂ ਲਿਜਾ ਕੇ ਉਸ ਨਾਲ ਕੁਕਰਮ ਕੀਤਾ ਤੇ ਬਾਅਦ ਵਿੱਚ ਉਸਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਇਸ ਘਟਨਾ ਦੇ ਨਾਲ ਜਿੱਥੇ ਪੂਰੇ ਸ਼ਹਿਰ ਦਾ ਮਾਹੌਲ ਗ਼ਮਗੀਨ ਹੋਇਆ ਉਥੇ ਹਰ ਪਾਸੇ ਤੋਂ ਇਸ ਘਟਨਾ ਦੀ ਨਿਖੇਦੀ ਵੀ ਹੋਈ। ਉਸ ਸਮੇਂ ਪੁਲਸ ਦੋਸ਼ੀ ਨੂੰ ਗ੍ਰਿਫਤਾਰ ਕਰਕੇ ਕਾਨੂੰਨੀ ਕਾਰਵਾਈ ਕਰਕੇ ਮਾਮਲਾ ਦਰਜ਼ ਕਰ ਦਿੱਤਾ।

ਇਸੇ ਦੌਰਾਨ ਇਸ ਦੁੱਖਦਾਈ ਘਟਨਾ ਦਾ ਪਤਾ ਜਿਉਂ ਹੀ ਸ਼ਹਿਰ ਦੇ ਪ੍ਰਮੁੱਖ ਵਕੀਲ ਅਸ਼ਵਨੀ ਕੁਮਾਰ ਵਰਮਾ ਹੋਰਾਂ ਨੂੰ ਪਤਾ ਲੱਗਾ ਉਨ੍ਹਾਂ ਤੁਰੰਤ ਪੀੜਤ ਪਰਿਵਾਰ ਦੇ ਨਾਲ ਰਾਬਤਾ ਕਰਕੇ ਉਨ੍ਹਾਂ ਨਾਲ ਦੁੱਖ ਦਾ ਇਜ਼ਹਾਰ ਕੀਤਾ ਤੇ ਨਾਲ ਹੀ ਪੀੜਤ ਪਰਿਵਾਰ ਨੂੰ ਇਨਸਾਫ ਦਿਵਾਉਣ ਦਾ ਭਰੋਸਾ ਦੇ ਕੇ ਇਸ ਮਾਮਲੇ ਦੀ ਪੈਰਵੀ ਸ਼ੁਰੂ ਕਰ ਦਿੱਤੀ ਵਕੀਲ ਸਾਹਿਬ ਮੁਤਾਬਕ ਬੇਸ਼ੱਕ ਉਨ੍ਹਾਂ ਨੂੰ ਇਸ ਮਾਮਲੇ ਵਿੱਚ ਕਈ ਤਰ੍ਹਾਂ ਦੀਆਂ ਔਕੜਾਂ ਵੀ ਆਈਆਂ ਪਰ ਉਨ੍ਹਾਂ ਨੇ ਇਸ ਮਾਮਲੇ ਨੂੰ ਹਰ ਪਹਿਲੂ ਤੋਂ ਦੇਖਦਿਆਂ ਕੇਸ ਦੀ ਪੈਰਵੀ ਕੀਤੀ ਪਰਮਾਤਮਾ ਦੀ ਕਿਰਪਾ ਤੇ ਉਨ੍ਹਾਂ ਦੀ ਮਿਹਨਤ ਨਾਲ ਅੱਜ 18/9/2026 ਨੂੰ ਇਸ ਮਾਮਲੇ ਵਿਚ ਦੋਸ਼ੀ ਨਾਨਕੇ ਯਾਦਵ ਨੂੰ ਮਾਣਯੋਗ ਅਦਾਲਤ ਵਲੋਂ ਫਾਂਸੀ ਦੀ ਸਜ਼ਾ ਸੁਣਾਈ ਗਈ। ਮਾਣਯੋਗ ਅਦਾਲਤ ਦੇ ਇਸ ਫੈਸਲੇ ਪੂਰੇ ਸ਼ਹਿਰ ਵਿੱਚ ਖੁਸ਼ੀ ਦਾ ਮਾਹੌਲ ਹੈ ਤੇ ਲੋਕਾਂ ਦਾ ਕਹਿਣਾ ਕਿ ਅਦਾਲਤ ਦੇ ਇਸ ਫੈਸਲੇ ਨਾਲ ਇਹ ਜਿੱਥੇ ਪਰਿਵਾਰ ਨੂੰ ਇਨਸਾਫ ਮਿਲਿਆ ਹੈ ਉਥੇ ਲੋਕਾਂ ਵਿਚ ਕਾਨੂੰਨ ਪ੍ਰਤੀ ਵਿਸ਼ਵਾਸ ਵੀ ਦ੍ਰਿੜ ਹੋਇਆ ਹੈ।

ਝੋਨੇ ਦੀ ਖਰੀਦ ਬਾਰੇ ਨੂੰ ਲੈ ਕੇ ਮੰਡੀ 'ਚ ਪ੍ਰਬੰਧਾਂ ਦੀ ਸਮੀਖਿਆ

• ਹੁਸ਼ਿਆਰਪੁਰ ਦੀ ਦਾਣਾ ਮੰਡੀ 'ਚ ਐਸ ਡੀ ਐਮ ਵੱਲੋਂ ਆੜਤੀਆਂ ਨਾਲ ਮੀਟਿੰਗ, ਜ਼ਿਲ੍ਹੇ 'ਚ 4.15 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਣ ਦੀ ਸੰਭਾਵਨਾ



ਪੈ.ਗਾਮ-ਏ-ਜਗਤ/ਹੁਸ਼ਿਆਰਪੁਰ
(ਦਲਜੀਤ ਅਜਨੋਹਾ)

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ 'ਤੇ ਅੱਜ ਐਸ ਡੀ ਐਮ ਪਰਮਪ੍ਰੀਤ ਸਿੰਘ ਨੇ ਝੋਨੇ ਦੀ ਖ਼ਰੀਦ ਸੰਬੰਧੀ ਸਥਾਨਕ ਦਾਣਾ ਮੰਡੀ ਵਿਖੇ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ ਆੜਤੀਆਂ ਅਤੇ ਖ਼ੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ।

ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿਚ 1 ਅਕਤੂਬਰ ਤੋਂ ਸ਼ੁਰੂ ਹੋਣ ਜਾ ਰਹੀ ਝੋਨੇ ਦੀ ਖਰੀਦ ਸਬੰਧੀ ਕੀਤੇ ਪ੍ਰਬੰਧਾਂ ਬਾਰੇ ਗੱਲਬਾਤ ਕਰਦਿਆਂ ਐਸ ਡੀ ਐਮ ਪਰਮਪ੍ਰੀਤ ਸਿੰਘ ਨੇ ਦੱਸਿਆ ਕਿ ਜ਼ਿਲਾ ਪ੍ਰਸ਼ਾਸਨ ਵੱਲੋਂ ਸਮੁੱਚੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਅਤੇ ਫ਼ਸਲ ਦੀ ਖ਼ਰੀਦ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹੀ ਜਾਵੇਗੀ। ਉਨ੍ਹਾਂ ਕਿਹਾ ਕਿ ਜਿਲੇ ਵਿੱਚ 65 ਰੈਗੂਲਰ ਮੰਡੀਆਂ ਵਿਚ ਹਰ ਲੋੜੀਂਦਾ ਪ੍ਰਬੰਧ ਉਪਲਬਧੀਆਂ ਹੈ ਤਾਂ ਜੋ ਕਿਸਾਨਾਂ, ਆੜ੍ਹਤੀਆਂ ਅਤੇ ਕਾਮਿਆਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ । ਉਨ੍ਹਾਂ ਨੇ ਕਿਸਾਨਾਂ ਨੂੰ ਮੰਡੀਆਂ ਵਿਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕਰਦਿਆਂ ਕਿਹਾ ਕਿ ਨਿਰਧਾਰਤ ਨਮੀ ਵਾਲੀ ਫ਼ਸਲ ਲਿਆਉਣ ਨਾਲ ਉਨ੍ਹਾਂ ਦੇ ਝੋਨੇ ਦੀ ਨਾਲੋ-ਨਾਲ ਖਰੀਦ ਯਕੀਨੀ ਬਣਾਈ ਜਾਵੇਗੀ ਅਤੇ ਉਹ ਬਿਨ੍ਹਾਂ ਕਿਸੇ ਦੇਰੀ ਜਾਂ ਰੁਕਾਵਟ ਦੇ ਆਪਣੀ ਫ਼ਸਲ ਵੇਚ ਸਕਣਗੇ। ਐਸ ਡੀ ਐਮ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਲਗਭਗ 4.15 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਣ ਦੀ ਸੰਭਾਵਨਾ ਹੈ ਜਿਸ ਦੇ ਮੱਦੇਨਜ਼ਰ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਖਰੀਦ ਏਜੰਸੀਆਂ ਵਿਚ ਮਾਰਕਫੈਡ, ਪਨਗ੍ਰੇਨ, ਪਨਸਪ, ਪੰਜਾਬ ਵੇਅਰਹਾਊਸ ਅਤੇ ਐਫ.ਸੀ.ਆਈ. ਸ਼ਾਮਲ ਹਨ ਜੋ ਕਿਸਾਨਾਂ ਦੀ ਫ਼ਸਲ ਨੂੰ ਖਰੀਦਣਗੀਆਂ । ਜ਼ਿਕਰਯੋਗ ਹੈ ਕਿ ਇਸ ਸੀਜਨ ਦੌਰਾਨ ਝੋਨੇ ਦਾ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 2,461 ਰੁਪਏ ਪ੍ਰਤੀ ਕੁਇੰਟਲ ਤੈਅ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਦੀ ਫ਼ਸਲ ਖਰੀਦ ਹੋਣ ਦੇ 24 ਘੰਟਿਆਂ ਦੇ ਅੰਦਰ-ਅੰਦਰ ਬਣਦੀ ਅਦਾਇਗੀ ਕਰਨ ਦੇ ਨਾਲ-ਨਾਲ ਫੌਰੀ ਲਿਫਟਿੰਗ ਨੂੰ ਯਕੀਨੀ ਬਣਾਇਆ ਜਾਵੇਗਾ।

ਖ਼ਾਲਸਾ ਕਾਲਜ ਵਿਖੇ 'ਇਤਿਹਾਸ ਵਿਚ ਖੋਜ ਦੇ ਤਰੀਕੇ' ਵਿਸ਼ੇ 'ਤੇ ਲੈਕਚਰ ਕਰਵਾਇਆ



ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਦੀ ਅਗਵਾਈ ਹੇਠ ਇਤਿਹਾਸ ਵਿਭਾਗ ਵਲੋਂ 'ਇਤਿਹਾਸ ਵਿਚ ਖੋਜ ਦੇ ਤਰੀਕੇ' (ਰਿਸਰਚ ਮੈਥਡੋਲੋਜੀ ਇਨ ਹਿਸਟਰੀ) ਵਿਸ਼ੇ 'ਤੇ ਲੈਕਚਰ ਕਰਵਾਇਆ ਗਿਆ ਜਿਸ ਵਿਚ ਮੁੱਖ ਬੁਲਾਰੇ ਡਾ. ਰਾਕੇਸ਼ ਬਾਵਾ ਐਸੋਸੀਏਟ ਪ੍ਰੋਫੈਸਰ ਗੁਰੂ ਨਾਨਕ ਖ਼ਾਲਸਾ ਕਾਲਜ ਡਰੋਲੀ ਕਲਾਂ ਪਹੁੰਚੇ। ਇਸ ਮੌਕੇ ਪਿ?ਰੰਸੀਪਲ ਡਾ. ਅਮਨਦੀਪ ਹੀਰਾ ਨੇ ਰਿਸੋਰਸ ਪਰਸਨ ਡਾ. ਰਾਕੇਸ਼ ਬਾਵਾ ਦਾ ਸਵਾਗਤ ਕਰਦਿਆਂ ਇਤਿਹਾਸ ਵਿਭਾਗ ਦੇ ਅਕਾਦਮਿਕ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਉੱਚ ਸਿੱਖਿਆ ਵਿਚ ਵਿਦਿਆਰਥੀਆਂ ਨੂੰ ਖੋਜਮੁਖੀ ਸਿੱਖਿਆ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਮੁੱਖ ਬੁਲਾਰੇ ਡਾ. ਰਾਕੇਸ਼ ਬਾਵਾ ਨੇ ਆਪਣੇ ਲੈਕਚਰ ਦੌਰਾਨ ਇਤਿਹਾਸਕ ਖੋਜ ਦੀ ਮਹੱਤਤਾ, ਖੋਜ ਦੇ ਵੱਖ-ਵੱਖ ਪੜਾਵਾਂ, ਪ੍ਰਮਾਣਿਕ ਇਤਿਹਾਸਕ ਸਰੋਤਾਂ ਦੀ ਵਰਤੋਂ, ਤੱਥਾਂ ਦੀ ਆਲੋਚਨਾਤਮਕ ਜਾਂਚ, ਸਹੀ ਵਿਆਖਿਆ ਅਤੇ ਇਤਿਹਾਸਕ ਜਾਣਕਾਰੀ ਨੂੰ ਵਿਵਸਥਿਤ ਢੰਗ ਨਾਲ ਪੇਸ਼ ਕਰਨ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਸਮਝਾਇਆ ਕਿ ਇਕ ਸਫ਼ਲ ਇਤਿਹਾਸਕ ਖੋਜ ਲਈ ਪ੍ਰਮਾਣਿਕ ਸਰੋਤਾਂ ਦੀ ਪਛਾਣ ਅਤੇ ਉਨ੍ਹਾਂ ਦਾ ਨਿਰਪੱਖ ਤੇ ਆਲੋਚਨਾਤਮਕ ਵਿਸ਼ਲੇਸ਼ਣ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦਿੰਦਿਆ ਉਨ੍ਹਾਂ ਨੂੰ ਖੋਜ ਦੇ ਖੇਤਰ ਵਿਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਵਿਭਾਗ ਮੁੱਖੀ ਪ੍ਰੋ. ਲਖਵਿੰਦਰਜੀਤ ਕੌਰ ਨੇ ਰਸਮੀ ਧੰਨਵਾਦ ਕੀਤਾ। ਇਸ ਮੌਕੇ ਡਾ. ਅਰਵਿੰਦਰ ਕੌਰ, ਪ੍ਰੋ. ਰਿਤੂ ਸਿੰਘ, ਪ੍ਰੋ. ਹਰਜੀਤ ਕੌਰ, ਪ੍ਰੋ. ਕੰਵਲਜੀਤ ਕੌਰ, ਪ੍ਰੋ. ਸੌਰਵ ਦਾਦਰੀ ਸਮੇਤ ਕਾਲਜ ਵਿਦਿਆਰਥੀ ਹਾਜ਼ਰ ਹੋਏ। ਸਟੇਜ ਦਾ ਸੰਚਾਲਨ ਡਾ. ਹਰਵਿੰਦਰ ਕੌਰ ਵਲੋਂ ਕੀਤਾ ਗਿਆ।

ਭਾਖੜਾ ਬਿਆਸ ਪ੍ਰਬੰਧਨ ਬੋਰਡ, ਤਲਵਾੜਾ : ਹਿੰਦੀ ਪੰਦਰਵਾੜੇ ਤਹਿਤ 'ਨੋਟਿੰਗ ਅਤੇ ਡਰਾਫਟਿੰਗ' ਵਿਸ਼ੇ 'ਤੇ ਮੁਕਾਬਲਾ ਆਯੋਜਿਤ




ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀਬੀਐਮਬੀ), ਤਲਵਾੜਾ ਵਿੱਚ ਹਿੰਦੀ ਪੰਦਰਵਾੜੇ ਦੇ ਸਬੰਧ ਵਿੱਚ ਮੁੱਖ ਇੰਜੀਨੀਅਰ ਰਾਕੇਸ਼ ਗੁਪਤਾ ਦੇ ਨਿਰਦੇਸ਼ਾਂ ਅਨੁਸਾਰ ਬੋਰਡ ਦੇ ਕਰਮਚਾਰੀਆਂ ਲਈ 'ਹਿੰਦੀ ਨੋਟਿੰਗ ਅਤੇ ਡਰਾਫਟਿੰਗ' ਵਿਸ਼ੇ 'ਤੇ ਮੁਕਾਬਲਾ ਆਯੋਜਿਤ ਕੀਤਾ ਗਿਆ। ਇਸ ਮੁਕਾਬਲੇ ਵਿੱਚ ਬਿਆਸ ਡੈਮ ਪ੍ਰੋਜੈਕਟ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

ਇਸ ਮੌਕੇ ਮੁੱਖ ਇੰਜੀਨੀਅਰ ਰਾਕੇਸ਼ ਗੁਪਤਾ ਨੇ ਕਿਹਾ ਕਿ ਹਿੰਦੀ ਪੰਦਰਵਾੜਾ ਸਰਕਾਰੀ ਕੰਮਕਾਜ ਵਿੱਚ ਰਾਜਭਾਸ਼ਾ ਹਿੰਦੀ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਕਰਮਚਾਰੀਆਂ ਨੂੰ ਹਿੰਦੀ ਵਿੱਚ ਸਰਲ, ਪ੍ਰਭਾਵਸ਼ਾਲੀ ਅਤੇ ਸੁਵਿਵਸਥਿਤ ਢੰਗ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਨ ਦਾ ਇੱਕ ਮਹੱਤਵਪੂਰਨ ਮਾਧਿਅਮ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲਿਆਂ ਦੇ ਆਯੋਜਨ ਦਾ ਉਦੇਸ਼ ਕਰਮਚਾਰੀਆਂ ਵਿੱਚ ਹਿੰਦੀ ਪ੍ਰਤੀ ਰੁਚੀ ਪੈਦਾ ਕਰਨਾ ਅਤੇ ਦਫਤਰੀ ਕੰਮਾਂ ਵਿੱਚ ਹਿੰਦੀ ਦੀ ਵੱਧ ਤੋਂ ਵੱਧ ਵਰਤੋਂ ਨੂੰ ਵਧਾਵਾ ਦੇਣਾ ਹੈ। ਉਨ੍ਹਾਂ ਸਾਰੇ ਕਰਮਚਾਰੀਆਂ ਨੂੰ ਹਿੰਦੀ ਪੰਦਰਵਾੜੇ ਦੌਰਾਨ ਆਯੋਜਿਤ ਕੀਤੀਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਉਪ ਮੁੱਖ ਇੰਜੀਨੀਅਰ ਵਿਮਲ ਕੁਮਾਰ ਮੀਨਾ ਨੇ ਮੁਕਾਬਲੇ ਦਾ ਸ਼ੁਭਾਰੰਭ ਕਰਦਿਆਂ ਦੱਸਿਆ ਕਿ ਮੁਕਾਬਲੇ ਦੌਰਾਨ ਭਾਗੀਦਾਰਾਂ ਨੇ ਦਿੱਤੇ ਗਏ ਵਿਸ਼ਿਆਂ 'ਤੇ ਹਿੰਦੀ ਵਿੱਚ ਨੋਟਿੰਗ ਅਤੇ ਡਰਾਫਟਿੰਗ ਤਿਆਰ ਕੀਤੀ। ਮੁਕਾਬਲੇ ਦਾ ਉਦੇਸ਼ ਸਰਕਾਰੀ ਪੱਤਰ ਵਿਹਾਰ ਵਿੱਚ ਹਿੰਦੀ ਦੇ ਵਿਹਾਰਕ ਪ੍ਰਯੋਗ ਨੂੰ ਵਧੇਰੇ ਪ੍ਰਭਾਵਸ਼ਾਲੀ ਬਣਾਉਣਾ ਅਤੇ ਕਰਮਚਾਰੀਆਂ ਦੀ ਭਾਸ਼ਾਈ ਦਕਸ਼ਤਾ ਨੂੰ ਉਤਸ਼ਾਹਿਤ ਕਰਨਾ ਸੀ। ਇਸ ਮੁਕਾਬਲੇ ਦੇ ਆਯੋਜਨ ਵਿੱਚ ਐਸਡੀਓ ਗਿਆਨ ਇੰਦਰ ਅਤੇ ਤਰਨਦੀਪ ਸਿੰਘ ਅਤੇ ਸਟਾਫ ਦੀ ਮਹੱਤਵਪੂਰਨ ਭੂਮਿਕਾ ਰਹੀ। ਮੁਕਾਬਲੇ ਦੇ ਜੇਤੂਆਂ ਨੂੰ ਗਣਤੰਤਰ ਦਿਵਸ ਦੇ ਮੌਕੇ 'ਤੇ ਸਨਮਾਨਿਤ ਕੀਤਾ ਜਾਵੇਗਾ।

ਪ੍ਰਭਾਵਸ਼ਾਲੀ ਰਿਹਾ 'ਹਮਾਰੇ ਰਾਮ' ਨਾਟਕ ਦਾ ਮੰਚਨ, ਰਾਜ ਵਿੱਚ 41 ਸ਼ੋਅ ਹੋਣਗੇ ਬਿਲਕੁਲ ਮੁਫ਼ਤ





ਪੈ.ਗਾਮ-ਏ-ਜਗਤ/ਪਟਿਆਲਾ
18 ਸਤੰਬਰ (ਪਰਮਜੀਤ ਸਿੰਘ ਪਰਵਾਨਾ)

ਪੰਜਾਬ ਸਰਕਾਰ ਵੱਲੋਂ ਭਗਵਾਨ ਸ੍ਰੀ ਰਾਮ ਦੇ ਸਦੀਵੀ ਉਪਦੇਸ਼ਾਂ ਨੂੰ ਲੋਕਾਂ ਤਕ ਪਹੁੰਚਾਉਣ ਦੇ ਉਦੇਸ਼ ਨਾਲ ਕਰਵਾਏ ਜਾ ਰਹੇ ਨਾਟਕ 'ਹਮਾਰੇ ਰਾਮ' ਦੇ ਪਟਿਆਲਾ ਵਿਖੇ ਪਹਿਲੇ ਦਿਨ ਮੰਚਨ ਮੌਕੇ ਵਿਲੱਖਣ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਕੀਲ ਕੇ ਰੱਖ ਦਿੱਤਾ। ਇਸ ਨਾਟਕ ਵਿੱਚ ਮਸ਼ਹੂਰ ਅਦਾਕਾਰ ਆਸ਼ੂਤੋਸ਼ ਰਾਣਾ ਨੇ ਮੁੱਖ ਭੂਮਿਕਾ ਵਿੱਚ ਦਮਦਾਰ ਅਦਾਕਾਰੀ ਕੀਤੀ। ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ ਲਾਅ ਵਿਖੇ ਵੱਡੀ ਗਿਣਤੀ ਪੁੱਜੇ ਦਰਸ਼ਕਾਂ ਨਾਲ ਸ਼ਾਮਲ ਹੋਏ। ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਓਐਸਡੀ ਸ਼ਹਿਰੀ ਵਿਕਾਸ ਮੁਕਿਲਨ ਆਰ, ਏਡੀਸੀ ਦਮਨਜੀਤ ਸਿੰਘ ਮਾਨ, ਕਰਨਲ ਜੇ.ਵੀ., ਜਸਬੀਰ ਸਿੰਘ ਗਾਂਧੀ ਸਮੇਤ ਵੱਡੀ ਗਿਣਤੀ ਦਰਸ਼ਕ ਹਾਜ਼ਰ ਸਨ। ਸਿਹਤ ਮੰਤਰੀ ਨੇ ਦੱਸਿਆ ਕਿ ਇਹ ਸ਼ੋਅ ਪੰਜਾਬ ਸਰਕਾਰ ਵੱਲੋਂ ਰਾਜ ਭਰ ਵਿੱਚ ਲੋਕਾਂ ਲਈ ਮੁਫ਼ਤ ਕਰਵਾਏ ਜਾ ਰਹੇ 41 ਥੀਏਟਰ ਸ਼ੋਅ ਦੀ ਸੂਬਾ ਪੱਧਰੀ ਸੱਭਿਆਚਾਰਕ ਮੁਹਿੰਮ ਦਾ ਹਿੱਸਾ ਹੈ, ਤਾਂ ਜੋ ਸਮਾਜ ਦੇ ਹਰ ਵਰਗ ਦੇ ਲੋਕ ਭਗਵਾਨ ਸ੍ਰੀ ਰਾਮ ਦੇ ਜੀਵਨ ਅਤੇ ਆਦਰਸ਼ਾਂ ਤੋਂ ਪ੍ਰੇਰਨਾ ਲੈ ਸਕਣ। ਉਨ੍ਹਾਂ ਦੱਸਿਆ ਕਿ 19 ਸਤੰਬਰ ਨੂੰ ਵੀ ਇੱਥੇ ਦੋ ਸ਼ੋਅ ਹੋਰ ਕਰਵਾਏ ਜਾਣਗੇ। ਸਿਹਤ ਮੰਤਰੀ ਨੇ ਦੱਸਿਆ ਕਿ ਇਸ ਨਾਟਕ ਦੀ ਖਾਸ ਗੱਲ ਇਹ ਹੈ ਕਿ ਕੌਮਾਂਤਰੀ ਪੱਧਰ 'ਤੇ ਮਸ਼ਹੂਰ ਅਦਾਕਾਰ ਆਸ਼ੂਤੋਸ਼ ਰਾਣਾ ਇਸ ਸ਼ੋਅ ਦਾ ਮੁੱਖ ਆਕਰਸ਼ਨ ਹਨ, ਜਿਨ੍ਹਾਂ ਦੀ ਦਮਦਾਰ ਅਦਾਕਾਰੀ ਇਸ ਸ਼ੋਅ ਦੀ ਖਿੱਚ ਨੂੰ ਹੋਰ ਵਧਾਉਂਦੀ ਹੈ। ਉਨ੍ਹਾਂ ਕਿਹਾ, ÷ਸੂਬਾ ਸਰਕਾਰ ਰਾਮਾਇਣ ਦੇ ਇਤਿਹਾਸਕ ਮਹਾਂਕਾਵਿ ਰਾਹੀਂ ਸਨਾਤਨ ਧਰਮ ਦੇ ਸਦੀਵੀ ਸੰਦੇਸ਼ ਨੂੰ ਲੋਕਾਂ ਤਕ ਪਹੁੰਚਾਉਣ ਲਈ ਵਚਨਬੱਧ ਹੈ।

ਆਸ਼ੂਤੋਸ਼ ਰਾਣਾ ਦੁਆਰਾ ਰਾਵਣ ਦੇ ਨਿਭਾਏ ਗਏ ਦਮਦਾਰ ਕਿਰਦਾਰ ਨੇ ਖ਼ੂਬ ਤਾਲੀਆਂ ਬਟੋਰੀਆਂ, ਜਦੋਂ ਕਿ ਬਾਕੀ ਕਲਾਕਾਰਾਂ ਨੇ ਵੀ ਮਹਾਂਕਾਵਿ ਦੇ ਹਰ ਕਿਰਦਾਰ ਨੂੰ ਪੂਰੀ ਸ਼ਿੱਦਤ ਨਾਲ ਜੀਵੰਤ ਕੀਤਾ। ਨਾਟਕ ਦੀ ਭਾਵਨਾਤਮਕ ਡੂੰਘਾਈ, ਸ਼ਰਧਾ ਭਰੇ ਮਾਹੌਲ ਅਤੇ ਕਲਾਤਮਕ ਉੱਤਮਤਾ ਨੇ ਦਰਸ਼ਕਾਂ ਦੇ ਦਿਲਾਂ ਨੂੰ ਛੂਹ ਲਿਆ, ਜਿਸ ਨਾਲ ਇਹ ਸ਼ਾਮ ਭਾਰਤ ਦੀ ਅਮੀਰ ਅਧਿਆਤਮਿਕ ਅਤੇ ਸੱਭਿਆਚਾਰਕ ਵਿਰਾਸਤ ਦਾ ਯਾਦਗਾਰ ਮੌਕਾ ਬਣ ਗਈ।

ਗੌਰਵ ਭਾਰਦਵਾਜ ਦੁਆਰਾ ਨਿਰਦੇਸ਼ਿਤ ਅਤੇ ਫੈਲੀਸਿਟੀ ਥੀਏਟਰ ਦੁਆਰਾ ਨਿਰਮਿਤ ਇਸ ਨਾਟਕ ਵਿੱਚ ਮਸ਼ਹੂਰ ਅਦਾਕਾਰ ਆਸ਼ੂਤੋਸ਼ ਰਾਣਾ ਰਾਵਣ ਦੀ ਭੂਮਿਕਾ ਵਿੱਚ ਹਨ, ਜਿਨ੍ਹਾਂ ਦੇ ਨਾਲ ਕਈ ਹੋਰ ਉੱਘੇ ਕਲਾਕਾਰ ਸ਼ਾਮਲ ਹਨ। ਨਾਟਕ 'ਹਮਾਰੇ ਰਾਮ' ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ, ਖਾਸ ਕਰਕੇ ਨੌਜਵਾਨ ਪੀੜ੍ਹੀ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ। ਇਹ ਸ਼ੋਅ ਰਾਮਾਇਣ ਨੂੰ ਵਿਲੱਖਣ ਅਤੇ ਅਣਛੂਹੇ ਪਹਿਲੂਆਂ ਤੋਂ ਪੇਸ਼ ਕਰਦਾ ਹੈ, ਜਿਸ ਨਾਲ ਦਰਸ਼ਕਾਂ ਨੂੰ ਇੱਕ ਨਵਾਂ ਅਤੇ ਗਿਆਨਵਾਨ ਅਨੁਭਵ ਮਿਲਦਾ ਹੈ।

ਯੁਵਾ ਵਾਹਿਨੀ ਵੱਲੋਂ ਸੰਕ੍ਰਾਂਤੀ 'ਤੇ ਲਗਾਇਆ ਗਿਆ ਲੰਗਰ



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਸੰਕ੍ਰਾਂਤੀ ਦੇ ਪਵਿੱਤਰ ਮੌਕੇ 'ਤੇ ਯੁਵਾ ਵਾਹਿਨੀ ਵੱਲੋਂ ਮਾਤਾ ਚਿੰਤਪੁਰਨੀ ਚੌਕ ਵਿੱਚ ਲੰਗਰ ਦਾ ਆਯੋਜਨ ਕੀਤਾ ਗਿਆ।

ਇਸ ਦੌਰਾਨ ਰਾਹਗੀਰਾਂ ਅਤੇ ਸ਼ਰਧਾਲੂਆਂ ਨੂੰ ਪ੍ਰਸ਼ਾਦ ਅਤੇ ਲੰਗਰ ਵੰਡਿਆ ਗਿਆ। ਯੁਵਾ ਵਾਹਿਨੀ ਦੇ ਮੈਂਬਰਾਂ ਨੇ ਵੱਧ-ਚੜ੍ਹ ਕੇ ਸੇਵਾ ਨਿਭਾਉਂਦਿਆਂ ਸ਼ਰਧਾਲੂਆਂ ਨੂੰ ਪ੍ਰਸ਼ਾਦ ਵੰਡਿਆ ਅਤੇ ਸਮਾਜ ਵਿੱਚ ਸੇਵਾ ਅਤੇ ਸਹਿਯੋਗ ਦੀ ਭਾਵਨਾ ਨੂੰ ਵਧਾਵਾ ਦੇਣ ਦਾ ਸੁਨੇਹਾ ਦਿੱਤਾ। ਇਸ ਮੌਕੇ ਯੁਵਾ ਵਾਹਿਨੀ ਦੇ ਪ੍ਰਧਾਨ ਅਸ਼ਵਨੀ ਸ਼ਰਮਾ ਛੋਟਾ ਨੇ ਕਿਹਾ ਕਿ ਅੰਨਦਾਨ ਨੂੰ ਸਭ ਤੋਂ ਵੱਡਾ ਮਹਾਂਦਾਨ ਮੰਨਿਆ ਗਿਆ ਹੈ। ਸਾਨੂੰ ਅਜਿਹੇ ਸੇਵਾ ਕਾਰਜਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ ਅਤੇ ਲੋੜਵੰਦਾਂ ਦੀ ਸੇਵਾ ਕਰਕੇ ਪੁੰਨ ਦੇ ਭਾਗੀ ਬਣਨਾ ਚਾਹੀਦਾ ਹੈ। ਲੰਗਰ ਦੇ ਆਯੋਜਨ ਵਿੱਚ ਸੀਨੀਅਰ ਉਪ ਪ੍ਰਧਾਨ ਦੀਪਕ ਪੁਰੀ, ਉਪ ਪ੍ਰਧਾਨ ਵਿਕਾਸ ਸ਼ਰਮਾ, ਸਕੱਤਰ ਰਾਜੇਸ਼ ਵਰਮਾ, ਸਲਾਹਕਾਰ ਸਮੀਰ ਪੰਡਿਤ, ਤਰਸੇਮ ਲਾਲ, ਬਲਜੀਤ ਜੀਤੂ, ਵੰਸ਼ ਕੁਮਾਰ, ਸੁਭਾਸ਼ ਚੰਦਰ, ਕਰਮਜੀਤ ਸਿੰਘ, ਸੋਨੂੰ ਠਾਕੁਰ, ਵਿਨੈ ਸ਼ਰਮਾ, ਵਿਜੇ ਅਰੋੜਾ, ਸ਼ੇਖਰ ਬੌਬੀ, ਮੋਨੂ, ਸੰਜੀਵ ਸਿੰਗਲਾ, ਸਰੂਪ ਕੁਮਾਰ ਬਹਿਲ ਅਤੇ ਅਸ਼ੋਕ ਕੁਮਾਰ ਸਮੇਤ ਹੋਰ ਮੈਂਬਰ ਮੌਜੂਦ ਰਹੇ।

ਨਿਰਵਿਘਨ ਅਤੇ ਭਰੋਸੇਯੋਗ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ : ਗੁਰਕੀਰਤ ਕ੍ਰਿਪਾਲ ਸਿੰਘ

• ਪੀਐਸਪੀਸੀਐਲ ਤੇ ਪੀਐਸਟੀਸੀਐਲ ਦੇ ਨਵੇਂ ਚੇਅਰਮੈਨ ਵੱਲੋਂ ਅਧਿਕਾਰੀਆਂ ਨਾਲ ਕੀਤੀ ਪਲੇਠੀ ਮੀਟਿੰਗ ਵਿੱਚ ਕਈ ਮੁੱਦਿਆਂ 'ਤੇ ਹੋਈ ਚਰਚਾ ਤੇ ਦਿੱਤੇ ਨਿਰਦੇਸ਼



ਪੈ.ਗਾਮ-ਏ-ਜਗਤ/ਪਟਿਆਲਾ
18 ਸਤੰਬਰ, (ਪਰਮਜੀਤ ਸਿੰਘ ਪਰਵਾਨਾ)

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਿਡ (ਪੀਐਸਪੀਸੀਐਲ) ਅਤੇ ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਿਟਿਡ (ਪੀਐਸਟੀਸੀਐਲ) ਦੇ ਨਵ-ਨਿਯੁਕਤ ਚੇਅਰਮੈਨ ਗੁਰਕੀਰਤ ਕਿਰਪਾਲ ਸਿੰਘ ਨੇ ਅੱਜ ਪਟਿਆਲਾ ਸਥਿਤ ਬਿਜਲੀ ਨਿਗਮ ਦੇ ਮੁੱਖ ਦਫ਼ਤਰ ਵਿਖੇ ਪਹੁੰਚ ਕੇ ਦੋਵੇਂ ਕਾਰਪੋਰੇਸ਼ਨਾਂ ਦੇ ਡਾਇਰੈਕਟਰਾਂ ਅਤੇ ਸੀਨੀਅਰ ਅਧਿਕਾਰੀਆਂ ਨਾਲ ਪਲੇਠੀ ਮੀਟਿੰਗ ਕੀਤੀ। ਇਸ ਮੌਕੇ ਡਾਇਰੈਕਟਰ ਵੰਡ ਇੰਜ. ਇੰਦਰਪਾਲ ਸਿੰਘ, ਡਾਇਰੈਕਟਰ ਜਨਰੇਸ਼ਨ ਇੰਜ. ਪੁਨਰਦੀਪ ਸਿੰਘ ਬਰਾੜ, ਡਾਇਰੈਕਟਰ ਕਮਰਸ਼ੀਅਲ ਇੰਜ. ਹਰਸ਼ਰਨ ਕੌਰ ਤ੍ਰੇਹਨ, ਡਾਇਰੈਕਟਰ ਵਿੱਤ ਪੀਐਸਟੀਸੀਐਲ ਸੀ.ਏ. ਵਿਨੋਦ ਬਾਂਸਲ ਅਤੇ ਪੀਐਸਪੀਸੀਐਲ ਦੇ ਵੱਖ ਵੱਖ ਵਿਭਾਗਾਂ ਦੇ ਮੁਖੀ ਉਨ੍ਹਾਂ ਦੇ ਸਵਾਗਤ ਲਈ ਮੌਜੂਦ ਸਨ।

ਮੀਟਿੰਗ ਦੌਰਾਨ ਚੇਅਰਮੈਨ ਨੇ ਪੀਐਸਪੀਸੀਐਲ ਅਤੇ ਪੀਐਸਟੀਸੀਐਲ ਦੇ ਕੰਮਕਾਜ ਦੀ ਮੌਜੂਦਾ ਸਥਿਤੀ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਸੂਬੇ ਵਿੱਚ ਬਿਜਲੀ ਦੀ ਮੰਗ ਅਤੇ ਸਪਲਾਈ, ਬਿਜਲੀ ਉਤਪਾਦਨ, ਪਾਵਰ ਪਰਚੇਜ਼, ਮੌਜੂਦਾ ਥਰਮਲ ਪਲਾਂਟਾਂ ਦੀ ਕਾਰਗੁਜ਼ਾਰੀ, ਕੋਲੇ ਦੀ ਉਪਲਬਧਤਾ, ਟਰਾਂਸਮਿਸ਼ਨ ਅਤੇ ਸਪਲਾਈ ਪ੍ਰਬੰਧਾਂ ਤੋਂ ਇਲਾਵਾ ਬਿਜਲੀ ਬਿੱਲਾਂ ਸਮੇਤ ਵੱਖ-ਵੱਖ ਅਹਿਮ ਮੁੱਦਿਆਂ ਬਾਰੇ ਅਧਿਕਾਰੀਆਂ ਤੋਂ ਜਾਣਕਾਰੀ ਹਾਸਲ ਕੀਤੀ। ਚੇਅਰਮੈਨ ਨੇ ਸਪੱਸ਼ਟ ਕੀਤਾ ਕਿ ਪੰਜਾਬ ਦੇ ਘਰੇਲੂ ਅਤੇ ਵਪਾਰਕ ਬਿਜਲੀ ਖਪਤਕਾਰਾਂ ਨੂੰ ਨਿਰਵਿਘਨ ਅਤੇ ਭਰੋਸੇਯੋਗ ਬਿਜਲੀ ਸਪਲਾਈ ਮੁਹਈਆ ਕਰਵਾਉਣਾ ਬਿਜਲੀ ਨਿਗਮ ਦੀ ਮੁੱਖ ਤਰਜੀਹ ਹੈ। ਇਸ ਦੇ ਨਾਲ ਹੀ ਕਿਸਾਨਾਂ ਨੂੰ ਨਿਰਧਾਰਤ ਸਮੇਂ ਅਨੁਸਾਰ 8 ਘੰਟੇ ਨਿਰਵਿਘਨ ਖੇਤੀਬਾੜੀ ਬਿਜਲੀ ਸਪਲਾਈ ਯਕੀਨੀ ਬਣਾਉਣਾ ਵੀ ਬਿਜਲੀ ਨਿਗਮ ਦੀ ਅਹਿਮ ਜ਼ਿੰਮੇਵਾਰੀ ਹੈ।

ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੂਬੇ ਵਿੱਚ ਬਿਜਲੀ ਦੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਬਿਜਲੀ ਉਤਪਾਦਨ, ਟਰਾਂਸਮਿਸ਼ਨ ਅਤੇ ਸਪਲਾਈ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਅਤੇ ਸੁਚਾਰੂ ਬਣਾਉਣ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾਣ। ਇਸ ਦੇ ਨਾਲ ਹੀ ਮੌਜੂਦਾ ਥਰਮਲ ਪਲਾਂਟਾਂ ਦੀ ਕਾਰਗੁਜ਼ਾਰੀ, ਕੋਲੇ ਦੀ ਉਪਲਬਧਤਾ ਅਤੇ ਪਾਵਰ ਪਰਚੇਜ਼ ਦੀ ਸਥਿਤੀ 'ਤੇ ਨਿਰੰਤਰ ਨਿਗਰਾਨੀ ਰੱਖਣ ਦੇ ਨਿਰਦੇਸ਼ ਦਿੱਤੇ ਗਏ। ਚੇਅਰਮੈਨ ਨੇ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਘਰੇਲੂ, ਖੇਤੀਬਾੜੀ ਅਤੇ ਵਪਾਰਕ ਬਿਜਲੀ ਸਪਲਾਈ ਨਾਲ ਸਬੰਧਤ ਕਿਸੇ ਵੀ ਸਮੱਸਿਆ ਦਾ ਤੁਰੰਤ ਹੱਲ ਯਕੀਨੀ ਬਣਾਇਆ ਜਾਵੇ ਅਤੇ ਫੀਲਡ ਪੱਧਰ 'ਤੇ ਨਿਗਰਾਨੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਖਪਤਕਾਰਾਂ ਦੀਆਂ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਅਤੇ ਬਿਜਲੀ ਸੇਵਾਵਾਂ ਦੀ ਗੁਣਵੱਤਾ ਵਿੱਚ ਲਗਾਤਾਰ ਸੁਧਾਰ ਲਈ ਸਰਗਰਮ ਭੂਮਿਕਾ ਨਿਭਾਉਣ ਲਈ ਵੀ ਆਖਿਆ। ਇਸ ਮੌਕੇ ਉਨ੍ਹਾਂ ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੇ ਹਰ ਸੁਝਾਅ ਦਾ ਹਮੇਸ਼ਾ ਹੀ ਸਵਾਗਤ ਕੀਤਾ ਜਾਵੇਗਾ ਅਤੇ ਮੀਡੀਆ ਸਾਥੀ ਉਨ੍ਹਾਂ ਨੂੰ ਕਿਸੇ ਵੀ ਸਮੇਂ ਉਨ੍ਹਾਂ ਦੇ ਦਫ਼ਤਰ ਆ ਕੇ ਮਿਲ ਸਕਦੇ ਹਨ।

ਡੀ.ਏ.ਵੀ.ਬੀ.ਐਡ. ਕਾਲਜ 'ਚ ਨਵੇਂ ਅਕਾਦਮਿਕ ਸੈਸ਼ਨ ਦੇ ਆਗ਼ਾਜ਼ ਵਿੱਚ ਹਵਨ ਯੱਗ ਕਰਵਾਇਆ ਗਿਆ



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਡੀ.ਏ.ਵੀ. ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾ.ਅਨੂਪ ਕੁਮਾਰ,ਸਕੱਤਰ ਸ੍ਰੀ. ਆਰ.ਐਮ. ਭੱਲਾ ਅਤੇ ਬੀ.ਐਡ. ਕਾਲਜ ਸਕੱਤਰ ਐਡਵੋਕੇਟ ਨਵਰੋਜ਼ ਸ਼ਰਮਾ ਦੇ ਮਾਰਗ ਦਰਸ਼ਨ ਵਿੱਚ ਚੱਲ ਰਹੀ ਸੰਸਥਾ ਡੀ.ਏ.ਵੀ. ਕਾਲਜ ਆਫ਼ ਐਜੂਕੇਸ਼ਨ, ਹੁਸ਼ਿਆਰਪੁਰ ਵਿੱਚ ਪ੍ਰਿੰਸੀਪਲ ਡਾ. ਵਿਧੀ ਭੱਲਾ ਦੀ ਅਗਵਾਈ ਵਿੱਚ ਕਾਲਜ ਦੇ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ, ਵਿਦਿਆਰਥੀਆਂ ਤੇ ਸਿੱਖਿਅਕ ਸਟਾਫ਼ ਦੀ ਤੰਦਰੁਸਤੀ, ਮੰਗਲ ਕਾਮਨਾ ਅਤੇ ਸੰਸਥਾ ਦੇ ਵਿਕਾਸ 'ਤੇ ਪ੍ਰਗਤੀ ਲਈ ਮੁਕੱਦਸ ਹਵਨ ਯੱਗ ਕਰਵਾਇਆ ਗਿਆ।

ਇਸ ਸ਼ੁੱਭ ਅਵਸਰ ਉੱਤੇ ਡੀ.ਏ.ਵੀ. ਸੋਸਾਇਟੀ ਦੇ ਸ੍ਰੀ ਰਾਮਪਾਲ ਸ਼ਰਮਾ ਅਤੇ ਉਨ੍ਹਾਂ ਦੀ ਸੁਪਤਨੀ ਮੀਨਾ ਸ਼ਰਮਾ ਐਮ.ਸੀ. ਨੇ ਯਜਮਾਨ ਵਜੋਂ ਸ਼ਿਰਕਤ ਕਰਕੇ ਯੱਗ ਵਿੱਚ ਆਹੂਤੀਆਂ ਭੇਂਟ ਕੀਤੀਆਂ। ਹਵਨ ਯੱਗ ਵੇਦ ਮੰਤਰਾਂ ਨੂੰ ਉਚਾਰਨ ਕਰਕੇ ਸੰਪੂਰਨ ਹੋਇਆ।ਇਸ ਹਵਨ ਯੱਗ ਵਿੱਚ ਕਾਲਜ ਪ੍ਰਿੰਸੀਪਲ ਡਾ.ਵਿਧੀ ਭੱਲਾ,ਕਾਲਜ ਸਟਾਫ਼, ਬੀ ਐਡ ਅਤੇ ਐਮ.ਐਡ.ਸਮੈਸਟਰ ਦੇ ਵਿਦਿਆਰਥੀਆਂ ਨੇ ਸਕ੍ਰਿਅਤਾ ਪੂਰਵਕ ਹਿੱਸਾ ਲੈ ਕੇ ਪਰਮਾਤਮਾ ਤੋਂ ਕਾਲਜ ਦੀ ਚੜ੍ਹਦੀ ਕਲਾ,ਵਿਦਿਆਰਥੀਆਂ ਦੇ ਵਧੀਆ ਭਵਿੱਖ ਅਤੇ ਸਾਰੀ ਮਾਨਵਤਾ ਦੇ ਕਲਿਆਣ ਲਈ ਆਸ਼ੀਰਵਾਦ ਲਿਆ।

ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾ.ਅਨੂਪ ਕੁਮਾਰ ਨੇ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਦੀਆਂ ਮੁਬਾਰਕਾਂ ਦਿੰਦੇ ਹੋਏ ਕਿਹਾ ਕਿ ਉਨ੍ਹਾ ਨੂੰ ਆਸ ਹੈ ਕਿ ਵਿਦਿਆਰਥੀ ਇਸ ਕਾਲਜ ਤੋਂ ਸਿੱਖਿਆ ਪ੍ਰਾਪਤ ਕਰ ਕੇ ਸਮਾਜ ਦੀ ਸੇਵਾ ਕਰਨ ਵਿੱਚ ਆਪਣਾ ਯੋਗਦਾਨ ਪਾਉਣਗੇ। ਇਸ ਮੌਕੇ ਤੇ ਸਕੱਤਰ ਸ੍ਰੀ. ਆਰ.ਐਮ.ਭੱਲਾ ਜੀ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਪ੍ਰਿੰਸੀਪਲ ਡਾ.ਵਿਧੀ ਭੱਲਾ ਨੂੰ ਨਵੇਂ ਅਕਾਦਮਿਕ ਸੈਸ਼ਨ ਦੇ ਆਗ਼ਾਜ਼ ਵਿੱਚ ਹਵਨ ਯੱਗ ਸਫ਼ਲਤਾਪੂਰਵਕ ਸੰਪੰਨ ਕਰਵਾਉਣ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦੇ ਵਧੀਆ ਭਵਿੱਖ ਲਈ ਆਸ਼ੀਰਵਾਦ ਦਿੱਤਾ।

ਕਾਲਜ ਸਕੱਤਰ ਐਡਵੋਕੇਟ ਸ੍ਰੀ.ਨਵਰੋਜ਼ ਸ਼ਰਮਾ ਨੇ ਬੀ.ਐਡ. ਅਤੇ ਐਮ.ਐਡ ਦੇ ਨਵੇਂ ਆਏ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਦੀਆਂ ਮੁਬਾਰਕਾਂ ਦਿੱਤੀਆਂ।

ਯਜਮਾਨ ਰਾਮਪਾਲ ਸ਼ਰਮਾ ਨੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੰਦੇ ਹੋਏ ਕਿਹਾ ਕਿ ਪਰਮਾਤਮਾ ਦੇ ਆਸ਼ੀਰਵਾਦ ਨਾਲ ਹਰ ਕੰਮ ਸ਼ੁਰੂ ਕਰਨਾ ਚਾਹੀਦਾ ਹੈ।ਡੀ.ਏ.ਵੀ. ਸੰਸਥਾ ਦੇ ਮਹੱਤਵ ਨੂੰ ਦੱਸਦੇ ਹੋਏ ਉਨਾਂ?ਹ ਕਿਹਾ ਕਿ ਡੀ.ਏ.ਵੀ.ਸੰਸਥਾ ਇੱਕ ਅਜਿਹੀ ਸੰਸਥਾ ਹੈ ਜਿਸ ਨੇ ਕੁੜੀਆਂ ਨੂੰ ਸਿੱਖਿਆ ਦੇਣ ਦੀ ਸ਼ੁਰੂਆਤ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਕਾਲਿਜ ਦੇ ਬੁਨਿਆਦੀ ਢਾਂਚੇ ਅਤੇ ਵਿਦਿਆਰਥੀਆਂ ਦੇ ਅਨੁਸਾਸ਼ਨ ਦੀ ਸ਼ਲਾਘਾ ਕੀਤੀ।ਉਨਾਂ?ਹ ਨੇ ਭਵਿੱਖਤ ਅਧਿਆਪਕਾਂ ਨੂੰ ਅਨੁਸਾਸ਼ਿਤ,ਦਿਲ ਤੋਂ ਅਧਿਆਪਨ ਕਰਨ ਅਤੇ ਹਮੇਸ਼ਾ ਅਧਿਆਪਕ ਨੂੰ ਸਿੱਖਣ ਅਤੇ ਸਿਖਾਉਣ ਲਈ ਤਿਆਰ ਰਹਿਣ ਵਾਸਤੇ ਪ੍ਰੇਰਿਤ ਕੀਤਾ

ਸ਼?ਰੀਮਤੀ ਮੀਨਾ ਸ਼ਰਮਾ ਜੀ ਨੇ ਕਿਹਾ ਕਿ ਉਹ ਗਿਆਨ ਦੀ ਪ੍ਰਾਪਤੀ ਸੱਚਾਈ ਅਤੇ ਸਖ਼ਤ ਮਿਹਨਤ ਨਾਲ ਹੀ ਆਪਣੇ ਸਤਿਕਾਰਤ ਅਧਿਆਪਨ ਦੇ ਪੇਸ਼ੇ ਨੂੰ ਉਚਾਈਆਂ ਤੱਕ ਪਹੁੰਚਾ ਸਕਦੇ ਹਾਂ। ਕਾਲਜ ਪ੍ਰਿੰਸੀਪਲ ਡਾ.ਵਿਧੀ ਭੱਲਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਕਿਹਾ ਕਿ ਸਾਨੂੰ ਆਪਣੇ ਅੰਦਰ ਦੀਆਂ ਸ਼ਕਤੀਆਂ ਨੂੰ ਪਹਿਚਾਣ ਕੇ ਆਪਣੀਆਂ ਕਦਰਾਂ-ਕੀਮਤਾਂ ਦੀ ਪਾਲਣਾ ਕਰ ਕੇ ਆਪਣੇ ਆਚਰਨ ਨੂੰ ਉਚੇਰਾ ਬਣਾਉਣਾ ਚਾਹੀਦਾ ਹੈ ਅਤੇ ਨਾਲ ਹੀ ਉਨ੍ਹਾਂ ਨੇ ਕਾਲਜ ਦੇ ਇਤਿਹਾਸ ਅਤੇ ਪ੍ਰਾਪਤੀਆਂ,ਇਸ ਦੇ ਬੁਨਿਆਦੀ ਢਾਂਚੇ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ।

ਬਾੜੀਆਂ ਕਲਾਂ ਬੇਅਦਬੀ ਮਾਮਲਾ: ਦੋਸ਼ੀਆਂ ਦੀ ਗ੍ਰਿਫ਼ਤਾਰੀ ਤੱਕ ਧਰਨਾ ਰਹੇਗਾ ਜਾਰੀ : ਡਾ. ਕਰੀਮਪੁਰੀ



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਪੰਜਾਬ ਵਿੱਚ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਦੀ 13ਵੀਂ ਵਾਰ ਹੋਈ ਬੇਅਦਬੀ ਅਤੇ ਹਮਲੇ ਦੇ ਰੋਸ ਵਜੋਂ ਬਹੁਜਨ ਸਮਾਜ ਪਾਰਟੀ ਵੱਲੋਂ ਹੁਸ਼ਿਆਰਪੁਰ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਬਾਬਾ ਸਾਹਿਬ ਦੇ ਅਨੁਯਾਈਆਂ ਨੇ ਸ਼ਿਰਕਤ ਕੀਤੀ।

ਪ੍ਰਦਰਸ਼ਨ ਦੌਰਾਨ ਬਸਪਾ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਮੰਗ ਕੀਤੀ ਕਿ ਬਾੜੀਆਂ ਕਲਾਂ ਵਿਖੇ ਬੁੱਤ ਦੀ ਬੇਅਦਬੀ ਕਰਨ ਵਾਲੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਆਪਣੇ ਖਰਚੇ 'ਤੇ ਤੁਰੰਤ ਨਵਾਂ ਬੁੱਤ ਸਥਾਪਿਤ ਕਰੇ। ਇਸ ਤੋਂ ਇਲਾਵਾ ਪੰਜਾਬ ਅਤੇ ਕੇਂਦਰ ਸਰਕਾਰ ਵੱਲੋਂ ਬਹੁਜਨ ਮਹਾਂਪੁਰਸ਼ਾਂ ਦੇ ਬੁੱਤਾਂ ਦੀ ਸੁਰੱਖਿਆ ਲਈ ਸੀ.ਸੀ.ਟੀ.ਵੀ. ਕੈਮਰੇ ਅਤੇ ਲਾਈਟਾਂ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ।

ਡਾ. ਕਰੀਮਪੁਰੀ ਨੇ ਕਿਹਾ ਕਿ 2027 ਵਿੱਚ ਡਾ. ਅੰਬੇਡਕਰ ਜੀ ਦੀ ਸੋਚ ਵਾਲੀ ਬਸਪਾ ਸਰਕਾਰ ਬਣਾਕੇ ਇਸ ਅਪਮਾਨ ਦਾ ਬਦਲਾ ਲਿਆ ਜਾਵੇਗਾ। ਬਸਪਾ ਵਿਧਾਇਕ ਡਾ. ਨਛੱਤਰ ਪਾਲ ਨੇ ਕਿਹਾ ਕਿ ਬਾਬਾ ਸਾਹਿਬ ਦੇ ਅਪਮਾਨ ਦਾ ਇਹ ਗੰਭੀਰ ਮੁੱਦਾ ਵਿਧਾਨ ਸਭਾ ਵਿੱਚ ਪੂਰੇ ਜ਼ੋਰ-ਸ਼ੋਰ ਨਾਲ ਉਠਾਇਆ ਜਾਵੇਗਾ। ਮੁੱਖ ਚੋਣ ਇੰਚਾਰਜ ਪਰਜਾਪਤੀ ਅਜੀਤ ਸਿੰਘ ਭੈਣੀ ਨੇ ਡਾ. ਅੰਬੇਡਕਰ ਜੀ ਦੇ ਬੁੱਤਾਂ 'ਤੇ ਵਾਰ-ਵਾਰ ਹੋ ਰਹੇ ਹਮਲਿਆਂ ਦੀ ਨਿੰਦਾ ਕਰਦਿਆਂ ਬਸਪਾ ਵਰਕਰਾਂ ਨੂੰ ਪਿੰਡ-ਪਿੰਡ ਵਿੱਚ ਪਾਰਟੀ ਦਾ ਜਥੇਬੰਦਕ ਢਾਂਚਾ ਮਜ਼ਬੂਤ ਕਰਨ ਦਾ ਸੱਦਾ ਦਿੱਤਾ।

ਮੌਕੇ 'ਤੇ ਪਹੁੰਚੇ ਜ਼ਿਲ੍ਹਾ ਪ੍ਰਸ਼ਾਸਨ ਦੇ ਏ.ਡੀ.ਸੀ. ਅਤੇ ਐਸ.ਪੀ. ਨੇ ਭਰੋਸਾ ਦਿਵਾਇਆ ਕਿ ਸੋਮਵਾਰ ਤੱਕ ਪ੍ਰਸ਼ਾਸਨ ਆਪਣੇ ਖਰਚੇ 'ਤੇ ਨਵਾਂ ਬੁੱਤ ਲਗਵਾਏਗਾ। ਉਨ੍ਹਾਂ ਦੱਸਿਆ ਕਿ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਵਿਸ਼ੇਸ਼ ਟੀਮਾਂ ਗਠਿਤ ਕਰ ਦਿੱਤੀਆਂ ਗਈਆਂ ਹਨ ਅਤੇ ਬੁੱਤਾਂ ਦੀ ਸੁਰੱਖਿਆ ਲਈ ਸੀ.ਸੀ.ਟੀ.ਵੀ. ਕੈਮਰਿਆਂ ਸਮੇਤ ਹੋਰ ਲੋੜੀਂਦੇ ਪ੍ਰਬੰਧ ਕੀਤੇ ਜਾਣਗੇ।

ਪ੍ਰਸ਼ਾਸਨ ਦੇ ਭਰੋਸੇ ਤੋਂ ਬਾਅਦ ਡਾ. ਕਰੀਮਪੁਰੀ ਨੇ ਹੁਸ਼ਿਆਰਪੁਰ ਦਾ ਧਰਨਾ ਸਮਾਪਤ ਕਰਨ ਦਾ ਐਲਾਨ ਕੀਤਾ, ਪਰ ਸਪੱਸ਼ਟ ਕੀਤਾ ਕਿ ਬਾੜੀਆਂ ਕਲਾਂ ਵਿਖੇ ਸ਼ਾਂਤਮਈ ਰੋਸ ਧਰਨਾ ਅਗਲੇ 13 ਦਿਨਾਂ ਤੱਕ ਜਾਰੀ ਰਹੇਗਾ। ਇਸ ਮੁਹਿੰਮ ਤਹਿਤ ਬਸਪਾ ਵਰਕਰ ਰੋਜ਼ਾਨਾ ਬੁੱਤ ਤੋਂ 13 ਕਿਲੋਮੀਟਰ ਦੂਰ ਵੱਖ-ਵੱਖ ਪਿੰਡਾਂ ਤੋਂ ਪੈਦਲ ਕਾਫ਼ਲੇ ਦੇ ਰੂਪ ਵਿੱਚ ਬਾੜੀਆਂ ਕਲਾਂ ਪਹੁੰਚਣਗੇ।

'ਪੈਗ਼ਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗ਼ਾਮ-ਏ-ਜਗਤ

ਸ. ਗੁਰਮੀਤ ਸਿੰਘ ਖੁੱਡੀਆਂ ਕੈਬਨਿਟ ਮੰਤਰੀ ਪੰਜਾਬ ਨੇ ਕੀਤਾ 'ਪਸ਼ੂ ਪਾਲਣ ਮੇਲੇ' ਦਾ ਉਦਘਾਟਨ

ਵਿਭਿੰਨ ਡੇਅਰੀ ਉਤਪਾਦ ਅਤੇ ਸਾਹਿਤ ਕੀਤਾ ਗਿਆ ਲੋਕ-ਅਰਪਣ

ਲੁਧਿਆਣਾ, 18 ਸਤੰਬਰ (ਪੈ.ਗਾਮ-ਏ-ਜਗਤ)



ਸ. ਗੁਰਮੀਤ ਸਿੰਘ ਖੁੱਡੀਆਂ, ਕੈਬਨਿਟ ਮੰਤਰੀ, ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ, ਪੰਜਾਬ ਨੇ ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਦਿਨਾ ਪਸ਼ੂ ਪਾਲਣ ਮੇਲੇ ਦਾ ਉਦਘਾਟਨ ਆਪਣੇ ਕਰ ਕਮਲਾਂ ਨਾਲ ਕੀਤਾ।ਉਹ ਮੇਲੇ ਦੇ ਵਿਭਿੰਨ ਸਟਾਲਾਂ 'ਤੇ ਗਏ, ਉਨ੍ਹਾਂ ਨੇ ਪਸ਼ੂਧਨ ਕਿੱਤਿਆਂ ਸੰਬੰਧੀ ਅਤੇ ਬਿਹਤਰ ਨਸਲਾਂ ਬਾਰੇ ਜਾਨਣ ਲਈ ਵਿਸ਼ੇਸ਼ ਰੁਚੀ ਵਿਖਾਈ।

ਉਨ੍ਹਾਂ ਨੇ ਕਿਸਾਨਾਂ ਲਈ ਖੋਜ ਤਕਨਾਲੋਜੀਆਂ ਅਤੇ ਹੋਰ ਸਹੂਲਤਾਂ ਦੇ ਪ੍ਰਦਰਸ਼ਨ ਲਈ ਯੂਨੀਵਰਸਿਟੀ ਅਧਿਕਾਰੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪਸ਼ੂ-ਪਾਲਣ ਪ੍ਰਾਚੀਨ ਕਾਲ ਤੋਂ ਹੀ ਪੰਜਾਬੀ ਸੱਭਿਆਚਾਰ ਦਾ ਅਨਿੱਖੜਵਾਂ ਅੰਗ ਰਿਹਾ ਹੈ। ਉਨ੍ਹਾਂ ਕਿਹਾ ਕਿ ਪਸ਼ੂ-ਪਾਲਣ ਨੂੰ ਵੱਡੇ ਪੱਧਰ 'ਤੇ ਅਪਣਾ ਕੇ ਅਸੀਂ ਦੁੱਧ ਦੇ ਉਤਪਾਦਨ ਵਿੱਚ ਵਾਧੂ ਸਮਰੱਥਾ ਹਾਸਲ ਕਰ ਸਕਦੇ ਹਾਂ, ਜਿਸ ਨਾਲ ਜਨਤਕ ਸਿਹਤ ਅਤੇ ਕਿਸਾਨਾਂ ਦੀ ਆਮਦਨ ਵਿੱਚ ਕਾਫ਼ੀ ਸੁਧਾਰ ਹੋਵੇਗਾ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪਸ਼ੂ-ਪਾਲਣ ਦਾ ਕੋਈ ਵੀ ਪਹਿਲੂ ਮਾਮੂਲੀ ਨਹੀਂ ਹੁੰਦਾ। ਉਨ੍ਹਾਂ ਨੇ ਖੋਜ ਪਹਿਲਕਦਮੀਆਂ, ਪਸ਼ੂ-ਪਾਲਕਾਂ ਲਈ ਸਿਖਲਾਈ ਪ੍ਰੋਗਰਾਮਾਂ ਅਤੇ ਮਿਆਰੀ ਉਤਪਾਦਨ ਲਈ ਕੀਤੇ ਜਾ ਰਹੇ ਯਤਨਾਂ ਵਾਸਤੇ ਯੂਨੀਵਰਸਿਟੀ ਦੀ ਸ਼ਲਾਘਾ ਕੀਤੀ।

ਉਦਘਾਟਨੀ ਸਮਾਗਮ ਵਿੱਚ ਸ. ਗੁਰਦਿੱਤ ਸਿੰਘ ਸੇਖੋਂ, ਐਮ ਐ ਲਏ, ਸ. ਗੁਰਪ੍ਰੀਤ ਸਿੰਘ ਬੰਨਾਵਾਲੀ, ਐਮ ਐਲ ਏ, ਸ. ਜਗਜੀਤ ਸਿੰਘ ਬਰਾੜ, ਐਮ ਐਲ ਏ, ਡਾ. ਪਰਮਦੀਪ ਸਿੰਘ ਵਾਲੀਆ, ਨਿਰਦੇਸ਼ਕ ਪਸ਼ੂ ਪਾਲਣ ਵਿਭਾਗ, ਪੰਜਾਬ, ਡਾ. ਦੇਵੀ ਸਿੰਘ ਰਾਜਪੂਤ, ਸੰਜੀਵ ਕੁਮਾਰ, ਜਯੋਤੀ ਸਰੂਪ ਅਤੇ ਯੂਨੀਵਰਸਿਟੀ ਦੇ ਅਧਿਕਾਰੀ ਅਤੇ ਅਧਿਆਪਕ ਤੇ ਕਰਮਚਾਰੀ ਮੌਜੂਦ ਸਨ। ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ, ਵੈਟਨਰੀ ਯੂਨੀਵਰਸਿਟੀ ਨੇ ਕਿਹਾ ਕਿ ਇਸ ਵਾਰ ਦਾ ਮੇਲਾ ਜੈਵਿਕ ਸੁਰੱਖਿਆ ਦੀ ਜਾਗਰੂਕਤਾ ਨੂੰ ਸਮਰਪਿਤ ਹੈ ਇਸ ਲਈ ਮੇਲੇ ਦਾ ਨਾਅਰਾ ਰੱਖਿਆ ਗਿਆ ਹੈ 'ਮਜ਼ਬੂਤ ਜੈਵਿਕ ਸੁਰੱਖਿਆ, ਕਰੇ ਬਿਮਾਰੀਆਂ ਤੋਂ ਰੱਖਿਆ'। ਪਸ਼ੂ ਪਾਲਕਾਂ ਨੂੰ ਜੈਵਿਕ ਸੁਰੱਖਿਆ ਦੇ ਵਿਭਿੰਨ ਨੁਕਤਿਆਂ ਸੰਬੰਧੀ ਜਾਣਕਾਰੀ ਦਿੰਦੇ ਹੋਏ ਪਸ਼ੂ ਬਿਮਾਰੀਆਂ ਤੋਂ ਬਚਣ ਦੇ ਉਪਰਾਲੇ ਦੱਸੇ ਜਾਣਗੇ।

ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵਿੱਚ ਨਸਲ ਸੁਧਾਰ ਦੇ ਸੰਬੰਧ ਵਿੱਚ ਮਹੱਤਵਪੂਰਨ ਕੰਮ ਚੱਲ ਰਿਹਾ ਹੈ। ਭਰੂਣ ਤਬਾਦਲਾ ਤਕਨੀਕ ਨਾਲ ਲਗਭਗ 800 ਕੱਟੜੂ-ਵੱਛੜੂ ਪੈਦਾ ਹੋਏ ਹਨ। ਯੂਨੀਵਰਸਿਟੀ ਜਾਨਵਰਾਂ ਅਤੇ ਮਨੁੱਖਾਂ ਦੋਵਾਂ ਵਿੱਚ ਬਿਮਾਰੀਆਂ ਦੀ ਜਾਂਚ ਲਈ ਵੱਖ-ਵੱਖ ਪ੍ਰਯੋਗਸ਼ਾਲਾਵਾਂ ਸਥਾਪਿਤ ਕਰ ਰਹੀ ਹੈ। ਇੱਕ ਨਵੀਂ ਮੋਬਾਈਲ ਫੀਡ ਟੈਸਟਿੰਗ ਪ੍ਰਯੋਗਸ਼ਾਲਾ ਹਾਲ ਹੀ ਵਿੱਚ ਸ਼ੁਰੂ ਕੀਤੀ ਗਈ ਹੈ, ਜੋ ਪਸ਼ੂਆਂ ਦੀ ਖੁਰਾਕ ਦੀ ਜਾਂਚ ਕਰਨ ਲਈ ਕਿਸਾਨਾਂ ਦੇ ਦਰਵਾਜ਼ੇ ਤੇ ਸੇਵਾ ਦੇਣ ਦੇ ਸਮਰੱਥ ਹੈ।

ਮੇਲੇ ਵਿੱਚ ਮੁਹਤਬਰ ਸ਼ਖ਼ਸੀਅਤਾਂ ਕੋਲੋਂ ਯੂਨੀਵਰਸਿਟੀ ਵਿਖੇ ਤਿਆਰ ਕੀਤਾ ਗਿਆ 'ਮਖਮਲੀ ਕਰੀਮ ਚੀਜ਼', 'ਰਿਕੋਟਾ ਚੀਜ਼ ਸਪਰੈਡ', 'ਗੋਟ ਮਿਲਕ ਫੇਟਾ ਚੀਜ਼', 'ਕੋਟੇਜ ਚੀਜ਼', 'ਸਾਹੀਵਾਲ ਗਾਂ ਦਾ ਦੁੱਧ' ਅਤੇ ਕਾਗਜ਼ ਆਧਾਰਿਤ ਦੁੱਧ ਦੀ ਮਿਲਾਵਟ ਸੰਬੰਧੀ ਕਿੱਟ ਵੀ ਜਾਰੀ ਕਰਵਾ ਕੇ ਲੋਕ ਅਰਪਣ ਕੀਤੀ ਗਈ। ਇਸ ਮੌਕੇ ਹੁਣ ਤਕ ਜਿੰਨ੍ਹਾਂ ਪਸ਼ੂ ਪਾਲਕਾਂ ਨੂੰ ਮੁੱਖ ਮੰਤਰੀ ਪੁਰਸਕਾਰ ਦਿੱਤਾ ਗਿਆ ਹੈ ਉਨ੍ਹਾਂ ਦਾ ਸੰਗ੍ਰਹਿ, ਭਾਰਤ ਵਿੱਚ ਮੀਟ ਦੀ ਵਰਤੋਂ ਸੰਬੰਧੀ ਜਾਣਕਾਰੀ ਦਿੰਦੀ ਪੁਸਤਕ ਅਤੇ ਪਸ਼ੂ ਦੀ ਸਰੀਰਕ ਸਰੰਚਨਾ ਨੂੰ ਸਮਝਣ ਵਾਲੀ ਇਕ ਮੋਬਾਈਲ ਐਪ ਵੀ ਜਾਰੀ ਕੀਤੀ ਗਈ।

ਐਡਮਿੰਟਨ ਵਿਖੇ ਦਰਸ਼ਨ ਅਣਜਾਣ ਦੀ ਕਾਵਿ ਪੁਸਤਕ 'ਰੂਹ ਦੇ ਅੱਥਰੂ' ਦਾ ਵਿਮੋਚਨ

**ਪੈ.ਗਾਮ-ਏ-ਜਗਤ
ਗੁਰਦਾਸਪੁਰ/ਐਡਮਿੰਟਨ ਕਨੇਡਾ
18 ਸਤੰਬਰ (ਬਲਵਿੰਦਰ ਬਾਲਮ)**



ਐਡਮਿੰਟਨ ਕਨੇਡਾ ਦੀ ਖੂਬਸੂਰਤ ਐਡਮਿੰਟਨ ਪਬਲਿਕ ਲਾਇਬਰੇਰੀ 17 ਸਟਰੀਟ ਮੈਡੋਜ਼ ਵਿਖੇ ਇੱਕ ਸ਼ਾਨਦਾਰ ਗੋਸ਼ਟੀ ਦਾ ਆਯੋਜਨ ਕੀਤਾ ਗਿਆ। ਇਸ ਗੋਸਟੀ ਵਿੱਚ ਕਵੀ ਦਰਸ਼ਨ ਅਣਜਾਣ ਦਾ ਕਾਵਿ ਸੰਗ੍ਰਹਿ 'ਰੂਹ ਦੇ ਅਥਰੂ' ਦਾ ਵਿਮੋਚਨ ਕੀਤਾ ਗਿਆ ਅਤੇ ਉਹਨਾਂ ਨੂੰ ਗੁਰਮੁਖੀ ਅੱਖਰਾਂ ਨਾਲ ਸੱਜੀ ਹੋਈ ਸ਼ਾਲ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਸਿੱਧ ਬੋਲੀਆਂ ਲੇਖਕਾ ਸੁਰਜੀਤ ਕੌਰ ਧਾਲੀਵਾਲ ਅਤੇ ਬਲਵਿੰਦਰ ਕੌਰ ਗਿੱਲ ਨੇ ਪ੍ਰਧਾਨਗੀ ਕੀਤੀ।

ਰੂਹ ਦੇ ਅੱਥਰੂ ਕਾਵਿ ਸਮੂਹ ਉੱਪਰ ਦਲਬੀਰ ਸਿੰਘ ਰਿਆੜ ਅਤੇ ਬਲਵਿੰਦਰ ਬਾਲਮ ਨੇ ਬੋਲਦੇ ਹੋਏ ਕਿਹਾ ਕਿ ਇਸ ਪੁਸਤਕ ਵਿਚਲੀਆਂ ਕਵਿਤਾਵਾਂ ਵਰਤਮਾਨ ਹਾਲਾਤਾਂ ਦੀ ਨਬਜ਼ ਨੂੰ ਟਟੋਲਦੀਆਂ ਹੋਈਆਂ ਯਥਾਰਥ ਦੀ ਤਸਵੀਰ ਪੇਸ਼ ਕਰਦੀਆਂ ਹਨ। ਅੰਧ ਵਿਸ਼ਵਾਸ ਅਤੇ ਸਮੇਂ ਦੇ ਸੱਚ ਨੂੰ ਉਜਾਗਰ ਕਰਦੀਆਂ ਕਵਿਤਾਵਾਂ ਇਸ ਪੁਸਤਕ ਵਿੱਚ ਲਗਭਗ 123 ਕਵਿਤਾਵਾਂ ਹਨ।ਵਿਸ਼ੇਸ਼ ਤੌਰ ਤੇ ਸਿੱਖ ਇਤਿਹਾਸ ਬਾਰੇ ਚਾਨਣਾ ਪਾਉਂਦੀਆਂ ਕਵਿਤਾਵਾਂ ਨਫਾ ਨੁਕਸਾਨ ਦੀ ਵੀ ਪੈਰਵਾਈ ਕਰਦੀਆਂ ਹਨ। ਦਰਸ਼ਨ ਅਣਜਾਣ ਮਾਲਵੇ ਦੇ ਪਿੰਡ ਪਿੱਥੋ ਜ਼ਿਲਾ ਬਠਿੰਡਾ ਚੋਂ ਜਨਮ ਲੈ ਕੇ ਕਨੇਡਾ ਪਹੁੰਚਿਆ। ਉਹ ਚੇਤਨ ਪ੍ਰਵਾਸੀ ਕਵੀ ਹੈ।



ਆਮ ਲੋਕਾਂ ਨਾਲੋਂ ਵਧੇਰੇ ਕੋਮਲ ਭਾਵੀ ਹੋਏ ਬਗੈਰ ਕੋਈ ਵਿਅਕਤੀ ਕਵੀ ਨਹੀਂ ਬਣ ਸਕਦਾ। ਉਹ ਸੱਚ ਮੁੱਚ ਹੱਦ ਦਰਜੇ ਦਾ ਕੋਮਲ ਭਾਵੀ ਕਵੀ ਹੈ। ਵਿਦੇਸ਼ੀ ਧਰਤੀ ਤੇ ਰਹਿੰਦਿਆਂ ਉਸਨੇ ਨਾ ਆਪਣੀ ਧਰਤੀ ਨੂੰ ਭੁਲਾਇਆ ਤੇ ਨਾ ਹੀ ਮਾਤ ਭਾਸ਼ਾ ਤੋਂ ਪਾਸਾ ਵੱਟਿਆ।ਕਵੀ ਆਪਣੇ ਵਿਚਾਰ,ਅਹਿਸਾਸ ਤੇ ਅਨੁਭਵ ਅਸਲ ਚੋਂ ਸਹਿਜਤਾ, ਸਰਲਤਾ ਤੇ ਸੌਖ ਨਾਲ ਆਪਣੀ ਮਾਤ ਭਾਸ਼ਾ ਵਿੱਚ ਹੀ ਪਰਗਟ ਕਰ ਸਕਦਾ ਹੈ। ਇਸ ਸਬੰਧੀ ਉਹ ਡੱਟ ਕੇ ਮਾਂ ਬੋਲੀ ਤੇ ਪਹਿਰਾ ਦੇ ਰਿਹਾ ਹੈ। ਇਸ ਮੌਕੇ ਹਾਜ਼ਰ ਕਵੀਆਂ ਨੇ ਆਪਣੀਆਂ ਕਵਿਤਾਵਾਂ ਸੁਣਾ ਕੇ ਖੂਬ ਰੰਗ ਬੰਨਿਆ। ਕਵੀ ਦਰਬਾਰ ਵਿੱਚ ਬਲਵਿੰਦਰ ਬਾਲਮ, ਦਲਬੀਰ ਸਿੰਘ ਰਿਆੜ, ਸਤਨਾਮ ਗਾਹਲੇ, ਅੰਮ੍ਰਿਤਪਾਲ ਸਿੰਘ ਅੰਮ੍ਰਿਤ, ਨਰਿੰਦਰ ਲੁਬਾਣਾ ਤੇ ਤਜਿੰਦਰਪਾਲ ਸਿੰਘ ਰਿਆੜ, ਸੁਰਜੀਤ ਕੌਰ ਧਾਲੀਵਾਲ, ਬਲਵਿੰਦਰ ਕੌਰ ਗਿੱਲ, ਪਾਰਸ ਮਹੀਨੀਆਂ, ਦਰਸ਼ਨ ਅਣਜਾਣ, ਸੁਖਦੇਵ ਸਿੰਘ, ਕੇਵਲ ਸਿੰਘ ਬੱਲ, ਪ੍ਰਗਟ ਸਿੰਘ, ਕਸ਼ਮੀਰਾ ਸਿੰਘ, ਮਾਸਟਰ ਅਜੀਤ ਸਿੰਘ, ਕਾਰਜ ਸਿੰਘ ਔਲਖ, ਕਰਨੈਲ ਸਿੰਘ ਪਰਮਾਰ, ਮਨਜੀਤ ਬੱਲ, ਗੁਰਦਿਆਲ ਸਿੰਘ ਨੇ ਆਪਣੀਆਂ ਰਚਨਾਵਾਂ ਸੁਣਾ ਕੇ ਖੂਬ ਰੰਗ ਬੰਨਿਆਂ। ਮੰਚ ਸੰਚਾਲਨ ਦੇ ਫਰਜ਼ ਕੇਵਲ ਬੱਲ ਨੇ ਬਾਖੂਬੀ ਨਿਭਾਏ।

ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਕੀਤਾ ਡੇਂਗੂ ਅਤੇ ਮਲੇਰੀਆ ਦਾ ਸਰਵੇ

ਬਠਿੰਡਾ, 18 ਸਤੰਬਰ (ਪੈ.ਗਾਮ-ਏ-ਜਗਤ)



ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਦੇ ਦਿਸ਼ਾ ਨਿਰਦੇਸ਼ਾਂ ਅਤੇ ਜਿਲ੍ਹਾ ਸਿਹਤ ਅਫ਼ਸਰ ਡਾ ਊਸ਼ਾ ਗੋਇਲ ਦੀ ਅਗਵਾਈ ਹੇਠ 'ਹਰ ਸ਼ੁੱਕਰਵਾਰ ਡੇਂਗੂ ਤੇ ਵਾਰ' ਮੁਹਿੰਮ ਤਹਿਤ ਜਿਲ੍ਹੇ ਵਿੱਚ ਡੇਂਗੂ ਅਤੇ ਮਲੇਰੀਆ ਤੋਂ ਬਚਾਅ ਲਈ ਡੇਂਗੂ ਸਰਵੇ ਅਤੇ ਜਾਗਰੂਕ ਕੀਤਾ ਗਿਆ। ਇਸ ਸਬੰਧੀ ਸਿਵਲ ਸਰਜਨ ਡਾ. ਤਪਿੰਦਰਜੋਤ ਨੇ ਦੱਸਿਆ ਕਿ ਅਰਬਨ ਐਂਟੀ ਲਾਰਵਾ ਟੀਮ ਵੱਲੋ ਜਿਲ੍ਹੇ ਦੇ ਵੱਖ ਵੱਖ ਏਰੀਆ, ਵਿੱਚ ਲਾਰਵੇ ਦੀ ਭਾਲ ਕੀਤੀ ਗਈ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਅਤੇ ਖੜ੍ਹੇ ਪਾਣੀ ਵਿੱਚ ਸਪਰੇ ਵੀ ਕਰਵਾਈ ਗਈ।

ਇਸ ਸਬੰਧ ਵਿੱਚ ਜਿਲ੍ਹਾ ਸਿਹਤ ਅਫ਼ਸਰ ਡਾ ਊਸ਼ਾ ਗੋਇਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਸਰਕਾਰੀ ਦਫਤਰਾਂ ਵਿੱਚ ਹਰ ਸੁਕਰਵਾਰ ਨੂੰ ਡਰਾਈ ਡੇ ਮਨਾਇਆ ਜਾਵੇ। ਜਿਸ ਦੌਰਾਨ ਘਰ ਵਿੱਚ ਮੌਜੂਦ ਕੂਲਰਾਂ, ਫਰਿਜ਼ ਦੀ ਟਰੇਅ, ਪੰਛੀਆਂ ਲਈ ਰਖੇ ਪਾਣੀ ਦੇ ਕਟੋਰੇ ਆਦਿ ਦੀ ਸਫਾਈ ਕੀਤੀ ਜਾਵੇ ਅਤੇ ਘਰ ਵਿੱਚ ਵਾਧੂ ਪਏ ਕਬਾੜ ਦਾ ਸਮਾਨ ਆਦਿ ਦਾ ਨਿਪਟਾਰਾ ਕੀਤਾ ਜਾਵੇ। ਇਸ ਤੋ ਇਲਾਵਾ ਘਰ ਦੇ ਨੇੜੇ ਖੜੇ ਪਾਣੀ ਅਤੇ ਛੱਪੜਾ ਆਦਿ ਵਿੱਚ ਹਰ ਹਫਤੇ ਕਾਲੇ ਤੇਲ ਦਾ ਛਿੜਕਾ ਕੀਤਾ ਜਾਵੇ ਤਾਂ ਜ਼ੋ ਮੱਛਰ ਦੇ ਲਾਰਵੇ ਨੂੰ ਖਤਮ ਕੀਤਾ ਜਾ ਸਕੇ। ਉਹਨਾਂ ਦੱਸਿਆ ਕਿ ਪਾਣੀ ਖੜ੍ਹਨ ਵਾਲੇ ਸੋਮਿਆਂ ਤੇ ਸਪਰੇਅ ਦਾ ਛਿੜਕਾਅ ਕਰਵਾਇਆ ਗਿਆ । ਸਿਹਤ ਵਿਭਾਗ ਦੀਆਂ ਐਂਟੀ ਲਾਰਵਾ ਸਰਵੇ ਟੀਮਾਂ ਵੱਲੋ ਸਰਵੇ ਦੌਰਾਨ ਕਈ ਥਾਵਾਂ ਤੇ ਡੇਂਗੂ ਦਾ ਲਾਰਵਾ ਪਾਇਆ ਗਿਆ ਜਿਸ ਨੂੰ ਮੌਕੇ ਤੇ ਹੀ ਨਸ਼ਟ ਕਰਵਾ ਦਿੱਤਾ ਗਿਆ ਅਤੇ ਟੀਮ ਮੈਂਬਰਾ ਵੱਲੋ ਲੋਕਾਂ ਨੂੰ ਡੇਂਗੂ ਤੋ ਬਚਾਅ ਸਬੰਧੀ ਸਾਵਧਾਨਿਆ ਵਾਰੇ ਵੀ ਦਸਿਆ ਗਿਆ। ਸਿਹਤ ਵਿਭਾਗ ਵੱਲੋ ਸਿਵਲ ਹਸਪਤਾਲ ਬਠਿੰਡਾ ਵਿਖੇ ਡੇਂਗੂ ਤੋ ਪੀੜਤ ਮਰੀਜ਼ਾ ਦੇ ਇਲਾਜ ਲਈ ਡੇਂਗੂ ਵਾਰਡ ਦੀ ਵਿਵਸਥਾ ਵੀ ਕਰ ਦਿੱਤੀ ਗਈ ਹੈ। ਉਹਨਾਂ ਦੱਸਿਆ ਜੇ ਕਰ ਕਿਸੇ ਵਿਅਕਤੀ ਨੂੰ ਡੇਂਗੂ ਬੁਖਾਰ ਦੇ ਲਛਣ ਜਿਸ ਵਿੱਚ ਇਕ ਦਮ ਤੇਜ਼ ਬਖਾਰ, ਸਿਰ ਦਰਦ, ਮਾਸ ਪੇਸ਼ੀਆਂ ਵਿੱਚ ਦਰਦ, ਅੱਖਾ ਦੇ ਪਿਛਲੇ ਹਿਸੇ ਵਿੱਚ ਦਰਦ, ਚਮੜੀ ਤੇ ਦਾਣੇ ਆਦਿ ਨਜਰ ਆਉਣ ਤਾ ਤਰੁੰਤ ਸਿਹਤ ਸੰਸਥਾ ਵਿੱਚ ਜਾਕੇ ਜਾਂਚ ਕਰਵਾਈ ਜਾਵੇ। ਰਾਜ ਦੇ ਸਾਰੇ ਸਰਕਾਰੀ ਹਸਪਤਾਲਾ ਵਿੱਚ ਡੇਂਗੂ ਬੁਖਾਰ ਦੇ ਟੇਸਟ ਅਤੇ ਇਲਾਜ ਮੁਫਤ ਕੀਤਾ ਜਾਂਦਾ ਹੈ ।ਉਹਨਾ ਸਮੂਹ ਸਮਾਜ ਸੇਵੀ ਸੰਸਥਾਵਾ ਦੇ ਨੁਮਾਇੰਦਿਆ ਅਤੇ ਜਿਲ੍ਹਾ ਵਾਸੀਆ ਨੂੰ ਅਪੀਲ ਕੀਤੀ ਡੇਂਗੂ ਬੁਖਾਰ ਦੀ ਰੋਕਥਾਮ ਲਈ ਸਿਹਤ ਵਿਭਾਗ ਨੂੰ ਪੂਰਨ ਸਹਿਯੋਗ ਦਿੱਤਾ ਜਾਵੇ।

11 ਸਾਲਾਂ ਤੋਂ ਰੁਜ਼ਗਾਰ ਦੀ ਉਡੀਕ, ਹੁਣ ਸਿਹਤ ਮੰਤਰੀ ਦੀ ਕੋਠੀ ਅੱਗੇ ਧਰਨਾ

ਪਟਿਆਲਾ 18 ਸਤੰਬਰ (ਪੈ.ਗਾਮ-ਏ-ਜਗਤ)



ਉਪਵੈਦ ਦਾ ਡਿਪਲੋਮਾ ਕਰਕੇ ਪਿਛਲੇ 11 ਸਾਲਾਂ ਤੋਂ ਸਰਕਾਰੀ ਭਰਤੀ ਦੀ ਉਡੀਕ ਕਰ ਰਹੇ

• ਬੇਰੁਜ਼ਗਾਰ ਉਪਵੈਦ ਯੂਨੀਅਨ ਵੱਲੋਂ 27 ਸਤੰਬਰ ਦਾ ਅਲਟੀਮੇਟਮ

ਬੇਰੁਜ਼ਗਾਰ ਉਪਵੈਦਾਂ ਨੇ ਹੁਣ ਸਰਕਾਰ ਖ਼ਿਲਾਫ਼ ਸੰਘਰਸ਼ ਦਾ ਐਲਾਨ ਕਰ ਦਿੱਤਾ ਹੈ। ਪੰਜਾਬ ਬੇਰੁਜ਼ਗਾਰ ਉਪਵੈਦ ਯੂਨੀਅਨ ਨੇ ਸਿਹਤ ਵਿਭਾਗ ਵੱਲੋਂ ਭਰਤੀ ਨਾ ਕਰਨ ਦੇ ਰੋਸ ਵਜੋਂ 27 ਸਤੰਬਰ ਨੂੰ ਸਿਹਤ ਮੰਤਰੀ ਦੀ ਕੋਠੀ ਅੱਗੇ ਵਿਸ਼ਾਲ ਰੋਸ ਧਰਨਾ ਦੇਣ ਦਾ ਅਲਟੀਮੇਟਮ ਦਿੱਤਾ ਹੈ। ਹਰਵਿੰਦਰ ਸਿੰਘ ਬੁਹੀ ਸੂਬਾ ਪ੍ਰਧਾਨ ਤੇ ਰਵਿੰਦਰ ਸਿੰਘ ਮੀਤ ਪ੍ਰਧਾਨ ਨੇ ਕਿਹਾ ਕਿ 11 ਸਾਲਾਂ ਤੋਂ ਡਿਪਲੋਮੇ ਹੱਥਾਂ ਵਿੱਚ ਲੈ ਕੇ ਨੌਜਵਾਨ ਸਰਕਾਰਾਂ ਵੱਲ ਤੱਕ ਰਹੇ ਹਨ, ਪਰ ਅਜੇ ਤੱਕ ਉਪਵੈਦਾਂ ਦੀ ਇੱਕ ਵੀ ਨਵੀਂ ਭਰਤੀ ਨਹੀਂ ਕੀਤੀ ਗਈ। ਉਨ੍ਹਾਂ ਸਰਕਾਰ ਤੋਂ ਖਾਲੀ ਅਸਾਮੀਆਂ ਦੀ ਗਿਣਤੀ ਕਰਕੇ ਤੁਰੰਤ ਭਰਤੀ ਦਾ ਇਸ਼ਤਿਹਾਰ ਜਾਰੀ ਕਰਨ ਦੀ ਮੰਗ ਕੀਤੀ। ਆਗੂਆਂ ਨੇ ਸਪੱਸ਼ਟ ਕੀਤਾ ਕਿ ਜੇਕਰ 27 ਸਤੰਬਰ ਤੱਕ ਭਰਤੀ ਸਬੰਧੀ ਕੋਈ ਠੋਸ ਫ਼ੈਸਲਾ ਨਾ ਲਿਆ ਗਿਆ ਤਾਂ ਯੂਨੀਅਨ ਵੱਲੋਂ ਆਪਣਾ ਹੱਕ ਲੈਣ ਲਈ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਅਵੀ ਕੁਮਾਰ ਰਿੰਪੀ ਰਾਣੀ, ਜੋਤੀ ਰਾਣੀ, ਸੁਮਨ, ਦੀਪਕ, ਗੁਰਦੀਪ ਸਿੰਘ ਆਦਿ ਹਾਜਰ ਰਹੇ।

ਸਰਬ ਸਮਾਜ ਸਭਾ ਰਤੀਆ ਦੀ ਮੀਟਿੰਗ ਵਿੱਚ ਸ਼ਹਿਰ ਦੀਆਂ ਸਮੱਸਿਆਵਾਂ 'ਤੇ ਡੂੰਘੀ ਚਰਚਾ

**ਪੈਗਾਮ-ਏ-ਜਗਤ
ਰਤੀਆ, 18 ਸਤੰਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)**



ਸਰਬ ਸਮਾਜ ਸਭਾ ਰਤੀਆ ਦੀ ਅਹਿਮ ਮਾਸਿਕ ਮੀਟਿੰਗ ਬਾਬਾ ਨਾਮਦੇਵ ਧਰਮਸ਼ਾਲਾ ਵਿੱਚ ਸਭਾ ਦੇ ਪ੍ਰਧਾਨ ਸਤਪਾਲ ਜਿੰਦਲ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ। ਮੀਟਿੰਗ ਵਿੱਚ ਸ਼ਹਿਰ ਦੀਆਂ ਵੱਖ-ਵੱਖ ਸਮੱਸਿਆਵਾਂ ਅਤੇ ਸਮਾਜਿਕ ਮੁੱਦਿਆਂ 'ਤੇ ਡੂੰਘਾ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਦੇ ਸ਼ੁਰੂ ਵਿੱਚ ਸਭਾ ਦੇ ਜਨਰਲ ਸਕੱਤਰ ਡਾ. ਨਾਇਬ ਸਿੰਘ ਮੰਡੇਰ ਨੇ ਸਭਾ ਵੱਲੋਂ ਕੀਤੇ ਜਾ ਰਹੇ ਸਮਾਜਿਕ ਕਾਰਜਾਂ ਦੀ ਰਿਪੋਰਟ ਪੇਸ਼ ਕਰਦਿਆਂ ਸਾਰੇ ਮੈਂਬਰਾਂ ਦਾ ਸਵਾਗਤ ਕੀਤਾ। ਇਸ ਮੌਕੇ ਕਸਤੂਰਬਾ ਗਾਂਧੀ ਬਾਲਿਕਾ ਵਿਦਿਆਲਿਆ, ਖਾਈ ਨੂੰ ਸਭਾ ਵੱਲੋਂ ਦਾਨ ਵਜੋਂ ਦਿੱਤੇ ਗਏ ਗੱਦਿਆਂ ਲਈ ਵਿਦਿਆਲਿਆ ਵੱਲੋਂ ਭੇਜੇ ਗਏ ਧੰਨਵਾਦ ਪੱਤਰ ਨੂੰ ਪੜ੍ਹ ਕੇ ਸੁਣਾਇਆ ਗਿਆ।

ਮੀਟਿੰਗ ਵਿੱਚ ਸ਼ਹਿਰ ਦੇ ਵੱਖ-ਵੱਖ ਮੁੱਦਿਆਂ 'ਤੇ ਚਰਚਾ ਦੇ ਨਾਲ-ਨਾਲ ਖੁਸ਼ੀ ਦੇ ਮੌਕਿਆਂ 'ਤੇ ਕਿੰਨਰ ਸਮਾਜ ਵੱਲੋਂ ਲਈ ਜਾਣ ਵਾਲੀ ਵਧਾਈ ਦੀ ਰਾਸ਼ੀ ਨੂੰ ਲੈ ਕੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੈਂਬਰਾਂ ਨੇ ਸ਼ਹਿਰ ਵਾਸੀਆਂ ਨੂੰ ਇਸ ਵਿਸ਼ੇ ਵਿੱਚ ਆਪਸੀ ਸਹਿਯੋਗ ਅਤੇ ਸਹਿਮਤੀ ਬਣਾਉਣ ਦੀ ਅਪੀਲ ਕੀਤੀ। ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਖੁਸ਼ੀ ਦੇ ਮੌਕਿਆਂ 'ਤੇ ਕਿੰਨਰ ਸਮਾਜ ਵੱਲੋਂ ਲਈ ਜਾਣ ਵਾਲੀ ਵਧਾਈ ਦੀ ਰਾਸ਼ੀ ਨੂੰ ਉਚਿਤ ਅਤੇ ਨਿਸ਼ਚਿਤ ਸ਼ਗਨ ਵਜੋਂ ਨਿਰਧਾਰਤ ਕਰਨ ਲਈ ਸ਼ਹਿਰ ਦੇ ਕੌਂਸਲਰਾਂ ਦਾ ਸਹਿਯੋਗ ਲਿਆ ਜਾਵੇਗਾ। ਇਸ ਲਈ ਵੱਖ-ਵੱਖ ਵਾਰਡਾਂ ਦੇ ਕੌਂਸਲਰਾਂ ਅਤੇ ਵਾਰਡ ਵਾਸੀਆਂ ਨਾਲ ਮੀਟਿੰਗ ਕਰਕੇ ਸਰਬਸੰਮਤੀ ਨਾਲ ਮਤਾ ਪਾਸ ਕਰਵਾਉਣ ਅਤੇ ਉਸ ਨੂੰ ਲਾਗੂ ਕਰਵਾਉਣ ਦੀ ਦਿਸ਼ਾ ਵਿੱਚ ਯਤਨ ਕੀਤੇ ਜਾਣਗੇ।

ਇਸ ਮੌਕੇ ਉਪ ਪ੍ਰਧਾਨ ਨਰਿੰਦਰ ਗਰੋਵਰ, ਉਪ ਪ੍ਰਧਾਨ ਗੁਰਪ੍ਰੀਤ ਸਿੰਘ ਨੈਣ, ਖਜ਼ਾਨਚੀ ਸ਼ੇਰ ਸਿੰਘ ਭੁੱਲਰ, ਸਲਾਹਕਾਰ ਕਾ. ਅਜਮੇਰ ਸਿੰਘ, ਬਲਿੰਦਰ ਸ਼ਰਮਾ, ਕਰਨੈਲ ਸਿੰਘ ਸਾਗੂ, ਪਵਨ ਕੁਮਾਰ, ਸਹਿ-ਸਕੱਤਰ ਰਣਧੀਰ ਸਿੰਘ ਮੌਲੀਆ, ਜਗਜੀਤ ਸਿੰਘ ਢਿੱਲੋਂ, ਧਰਮਪਾਲ ਸ਼ਰਮਾ, ਐਡਵੋਕੇਟ ਹਰਪਾਲ ਗਰੋਹਾ, ਪਵਨ ਕੁਮਾਰ ਸਮੇਤ ਸਭਾ ਦੇ ਅਨੇਕ ਮੈਂਬਰ ਮੌਜੂਦ ਰਹੇ।

ਰਾਸ਼ਟਰੀ ਮਹਿਲਾ ਕਮਿਸ਼ਨ ਦੀ ਚੇਅਰਪਰਸਨ 24 ਸਤੰਬਰ ਨੂੰ ਕਰਨਗੇ ਫਿਰੋਜ਼ਪੁਰ ਦਾ ਦੌਰਾ

**ਪੈ.ਗਾਮ-ਏ-ਜਗਤ
ਫਿਰੋਜ਼ਪੁਰ 18 ਸਤੰਬਰ (ਗੁਰਮੇਜ ਸਿੰਘ)**

ਰਾਸ਼ਟਰੀ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਵਿਜਯਾ ਰਹਾਟਕਰ 24 ਸਤੰਬਰ 2026 ਨੂੰ ਜ਼ਿਲ੍ਹਾ ਫਿਰੋਜ਼ਪੁਰ ਦਾ ਦੌਰਾ ਕਰਨਗੇ। ਇਸ ਦੌਰਾਨ ਉਹ ਫਿਰੋਜ਼ਪੁਰ ਵਿੱਚ ਮਹਿਲਾਵਾਂ ਦੀ ਸੁਰੱਖਿਆ, ਸ਼ਿਕਾਇਤ ਨਿਵਾਰਣ ਅਤੇ ਵਿਭਾਗਾਂ ਦੇ ਆਪਸੀ ਤਾਲਮੇਲ ਨੂੰ ਮਜਬੂਤ ਕਰਨ ਦੇ ਉਦੇਸ਼ ਨਾਲ ਵੱਖ-ਵੱਖ ਮੀਟਿੰਗਾਂ/ਪ੍ਰੋਗਰਾਮਾਂ ਵਿੱਚ ਸ਼ਮੂਲੀਅਤ ਕਰਨਗੇ।

• ਰਾਸ਼ਟਰੀ ਮਹਿਲਾ ਆਯੋਗ ਆਪਕੇ ਦੁਆਰ ਤਹਿਤ ਹੋਵੇਗੀ ਮਹਿਲਾ ਜਨ ਸੁਣਵਾਈ




ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਦੀਪਸ਼ਿਖ਼ਾ ਸ਼ਰਮਾ ਨੇ ਦੱਸਿਆ ਕਿ ਚੇਅਰਪਰਸਨ 24 ਜੁਲਾਈ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਨਗੇ ਅਤੇ ਨਾਲ ਹੀ "ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦਾ ਖਤਰਾ - ਮਹਿਲਾਵਾਂ 'ਤੇ ਪੈਣ ਵਾਲੇ ਬੋਝ ਨੂੰ ਸਮਝਣਾ" ਵਿਸ਼ੇ 'ਤੇ ਵਿਸ਼ੇਸ਼ ਸੈਸ਼ਨ ਵਿੱਚ ਸ਼ਿਰਕਤ ਕਰਨਗੇ। ਉਨ੍ਹਾਂ ਵੱਲੋਂ ਸਵੈ-ਸਹਾਇਤਾ ਸਮੂਹਾਂ (ਐੱਸ ਐੱਚ ਜੀ) ਦੀਆਂ ਮਹਿਲਾ ਲਾਭਪਾਤਰੀਆਂ ਨਾਲ ਵੀ ਗੱਲਬਾਤ ਕੀਤੀ ਜਾਵੇਗੀ। ਇਸ ਤੋਂ ਪਹਿਲਾਂ ਉਹ ਜੈਨਸਿਸ ਡੈਂਟਲ ਕਾਲੇਜ ਵਿਖੇ ਸ਼ੀ ਸਰਵਜ੍ਹ" ਪ੍ਰੋਗਰਾਮ ਵਿੱਚ ਹਿੱਸਾ ਲੈਣਗੇ। ਇਹ ਰਾਸ਼ਟਰੀ ਮਹਿਲਾ ਕਮਿਸ਼ਨ ਦਾ ਸਮਰੱਥਾ ਨਿਰਮਾਣ ਅਤੇ ਕਰੀਅਰ ਮਾਰਗਦਰਸ਼ਨ ਪ੍ਰੋਗਰਾਮ ਹੈ, ਜਿਸ ਦਾ ਉਦੇਸ਼ ਭਾਰਤੀ ਸਸ਼ਸਤ੍ਰ ਬਲਾਂ ਅਤੇ ਰੱਖਿਆ ਸੇਵਾਵਾਂ ਵਿੱਚ ਕਰੀਅਰ ਬਣਾਉਣ ਦੀ ਇੱਛਾ ਰੱਖਣ ਵਾਲੀਆਂ ਨੌਜਵਾਨ ਮਹਿਲਾਵਾਂ ਨੂੰ ਚੋਣ ਪ੍ਰਕਿਰਿਆ ਅਤੇ ਸਿਖਲਾਈ ਦੇ ਮਾਰਗਾਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਹੈ।

ਉਨ੍ਹਾਂ ਦੱਸਿਆ ਕਿ ਚੇਅਰਪਰਸਨ ਇਸੇ ਦਿਨ ਦੁਪਹਿਰ 12:30 ਵਜੇ ਜ਼ਿਲ੍ਹਾ ਪ੍ਰੀਸ਼ਦ, ਰੇਲਵੇ ਕਾਲੋਨੀ, ਫਿਰੋਜ਼ਪੁਰ ਦੇ ਮੀਟਿੰਗ ਹਾਲ ਵਿੱਚ ਰਾਸ਼ਟਰੀ ਮਹਿਲਾ ਆਯੋਗ ਆਪਕੇ ਦੁਆਰ ਤਹਿਤ ਮਹਿਲਾ ਜਨ ਸੁਣਵਾਈ ਦੀ ਪ੍ਰਧਾਨਗੀ ਕਰਨਗੇ। ਇਸ ਜਨ ਸੁਣਵਾਈ ਰਾਹੀਂ ਮਹਿਲਾਵਾਂ ਨੂੰ ਆਪਣੀਆਂ ਸ਼ਿਕਾਇਤਾਂ ਪੇਸ਼ ਕਰਨ, ਸੰਸਥਾਗਤ ਸਹਾਇਤਾ ਪ੍ਰਾਪਤ ਕਰਨ ਅਤੇ ਸਮੇਂ ਸਿਰ ਨਿਵਾਰਣ ਲਈ ਮੰਚ ਮੁਹੱਈਆ ਕਰਵਾਇਆ ਜਾਵੇਗਾ। ਪਹਿਲਾਂ ਤੋਂ ਦਰਜ ਮਾਮਲਿਆਂ ਤੋਂ ਇਲਾਵਾ ਮੌਕੇ 'ਤੇ ਆਉਣ ਵਾਲੀਆਂ ਸ਼ਿਕਾਇਤਾਂ ਵੀ ਸਵੀਕਾਰ ਕੀਤੀਆਂ ਜਾਣਗੀਆਂ। ਉਨ੍ਹਾਂ ਵੱਲੋਂ ਕੇਂਦਰੀ ਜੇਲ੍ਹ ਫਿਰੋਜ਼ਪੁਰ ਦਾ ਵੀ ਦੌਰਾ ਕੀਤਾ ਜਾਵੇਗਾ। ਇਸ ਉਪਰੰਤ ਸ਼ਾਮ ਨੂੰ ਉਹ ਸਰਕਟ ਹਾਊਸ ਵਿਖੇ ਫਿਰੋਜ਼ਪੁਰ ਦੇ ਅਹੁੱਦੇਦਾਰਾਂ, ਰਾਜਨੀਤਿਕ ਲੀਡਰਾਂ, ਪ੍ਰਧਾਨਾਂ ਨਾਲ ਵੀ ਇੱਕ ਵਿਸ਼ੇਸ਼ ਮੀਟਿੰਗ ਕਰਨਗੇ।

ਉਨ੍ਹਾਂ ਦੱਸਿਆ ਉਨ੍ਹਾਂ ਦੇ ਇਸ ਦੌਰੇ ਦਾ ਮੁੱਖ ਮਕਸਦ ਜ਼ਿਲ੍ਹੇ ਵਿੱਚ ਮਹਿਲਾਵਾਂ ਦੇ ਆਰਥਿਕ ਸਸ਼ਕਤੀਕਰਨ ਅਤੇ ਜ਼ਮੀਨੀ ਪੱਧਰ 'ਤੇ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਦੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਨ ਲਈ ਕੰਮ ਕਰਨਾ ਹੈ।

ਮਜ਼ਦੂਰੀ ਲਈ ਲਿਜਾਏ ਜਾ ਰਹੇ 10 ਬੱਚੇ ਬਚਾਏ



ਪੈ.ਗਾਮ-ਏ-ਜਗਤ/ਅੰਬਾਲਾ, 18 ਸਤੰਬਰ (ਆਰ.ਸਿੰਘ)


ਬਿਹਾਰ ਤੋਂ ਹਰਿਆਣਾ ਅਤੇ ਪੰਜਾਬ ਮਜ਼ਦੂਰੀ ਲਈ ਲਿਜਾਏ ਜਾ ਰਹੇ 10 ਬੱਚਿਆਂ ਨੂੰ ਜ਼ਿਲ੍ਹਾ ਯੁਵਾ ਸੰਗਠਨ ਦੀ ਟੀਮ ਵੱਲੋਂ ਅੰਬਾਲਾ ਕੈਂਟ ਰੇਲਵੇ ਸਟੇਸ਼ਨ 'ਤੇ ਬਚਾਇਆ ਗਿਆ। ਸੰਗਠਨ ਦੇ ਪ੍ਰਧਾਨ ਪਰਮਜੀਤ ਸਿੰਘ ਬੜੌਲਾ ਨੂੰ ਪਿੱਛੋਂ ਜਾਣਕਾਰੀ ਮਿਲੀ ਸੀ ਕਿ ਕਟਿਹਾਰ ਤੋਂ 10 ਬੱਚੇ ਕਰਮਭੂਮੀ ਐਕਸਪ੍ਰੈੱਸ ਰੇਲਗੱਡੀ ਰਾਹੀਂ ਹਰਿਆਣਾ ਅਤੇ ਪੰਜਾਬ ਵਿਚ ਮਜ਼ਦੂਰੀ ਲਈ ਲਿਜਾਏ ਜਾ ਰਹੇ ਹਨ। ਸੰਗਠਨ ਵੱਲੋਂ ਜੀਆਰਪੀ, ਆਰਪੀਐਫ ਅਤੇ ਜਸਟ ਰਾਈਟ ਫਾਰ ਚਿਲਡਰਨ ਅਲਾਇੰਸ ਦੀ ਸਾਂਝੀ ਟੀਮ ਬਣਾਈ ਗਈ ਜਿਸ ਨੇ ਕਰਮਭੂਮੀ ਐਕਸਪ੍ਰੈੱਸ ਦੀ ਛਾਣ-ਬੀਣ ਕਰਕੇ 10 ਬੱਚੇ ਰੈਸਕਿਊ ਕਰ ਲਏ ਅਤੇ ਡਾਕਟਰੀ ਜਾਂਚ ਤੋਂ ਬਾਅਦ ਉਨ੍ਹਾਂ ਨੂੰ ਜ਼ਿਲ੍ਹਾ ਬਾਲ ਭਲਾਈ ਕਮੇਟੀ ਦੇ ਸਾਹਮਣੇ ਪੇਸ਼ ਕੀਤਾ ਗਿਆ, ਜਿੱਥੋਂ ਉਨ੍ਹਾਂ ਨੂੰ ਇੱਕ ਓਪਨ ਸ਼ੈਲਟਰ ਹੋਮ ਭੇਜ ਦਿੱਤਾ ਗਿਆ।

ਪ੍ਰਧਾਨ ਪਰਮਜੀਤ ਸਿੰਘ ਬੜੌਲਾ ਨੇ ਦੱਸਿਆ ਕਿ ਉਨ੍ਹਾਂ ਨੂੰ ਜਾਣਕਾਰੀ ਮਿਲੀ ਸੀ ਕਿ ਇਨ੍ਹਾਂ ਬੱਚਿਆਂ ਨੂੰ ਚੌਲ ਮਿੱਲਾਂ ਵਿੱਚ ਕੰਮ ਕਰਨ ਲਈ ਲਿਜਾਇਆ ਜਾ ਰਿਹਾ ਸੀ। ਪੁੱਛਗਿੱਛ ਦੌਰਾਨ ਬੱਚਿਆਂ ਨੇ ਖ਼ੁਲਾਸਾ ਕੀਤਾ ਕਿ ਉਨ੍ਹਾਂ ਨੂੰ ਦੋ ਹਜ਼ਾਰ ਰੁਪਏ ਦੀ ਪੇਸ਼ਗੀ ਅਦਾਇਗੀ ਅਤੇ 12,000 ਤੋਂ 15,000 ਰੁਪਏ ਮਹੀਨਾਵਾਰ ਤਨਖ਼ਾਹ ਦੇਣ ਦਾ ਵਾਅਦਾ ਕੀਤਾ ਗਿਆ ਸੀ। ਇਨ੍ਹਾਂ ਵਿੱਚੋਂ ਤਿੰਨ ਬੱਚਿਆਂ ਨੂੰ ਕਰਨਾਲ ਦੇ ਤਰਾਵੜੀ ਵਿੱਚ ਚੌਲ ਮਿੱਲਾਂ ਵਿੱਚ ਅਤੇ ਸੱਤ ਨੂੰ ਲੁਧਿਆਣਾ ਅਤੇ ਅੰਮ੍ਰਿਤਸਰ ਦੀਆਂ ਚੌਲ ਮਿੱਲਾਂ ਵਿੱਚ ਕੰਮ 'ਤੇ ਲਗਾਇਆ ਜਾਣਾ ਸੀ। ਬਚਾਅ ਤੋਂ ਬਾਅਦ ਸਾਰੇ ਬੱਚਿਆਂ ਦੀ ਡਾਕਟਰੀ ਜਾਂਚ ਕੀਤੀ ਗਈ ਅਤੇ ਬਾਲ ਭਲਾਈ ਕਮੇਟੀ ਦੇ ਆਦੇਸ਼ ਅਨੁਸਾਰ ਇੱਕ ਓਪਨ ਸ਼ੈਲਟਰ ਹੋਮ ਭੇਜ ਦਿੱਤਾ ਗਿਆ।

ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ'

ਸਿਹਤ ਵਿਭਾਗ ਵੱਲੋਂ ਨਰਸਰੀਆਂ 'ਚ ਨਿਰੀਖਣ

ਗਮਲਿਆਂ ਵਿਚ ਪਾਣੀ ਜਮ੍ਹਾਂ ਨਾ ਹੋਣ ਦੇਣ ਦੀ ਅਪੀਲ



ਸਾਹਿਬਜ਼ਾਦਾ ਅਜੀਤ ਸਿੰਘ ਨਗਰ,18 ਸਤੰਬਰ (ਪੈ.ਗਾਮ-ਏ-ਜਗਤ)

'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਡੇਂਗੂ ਦੀ ਰੋਕਥਾਮ ਲਈ ਜ਼ਿਲ੍ਹੇ ਦੀਆਂ ਵੱਖ-ਵੱਖ ਨਰਸਰੀਆਂ ਅਤੇ ਹੋਰ ਸੰਵੇਦਨਸ਼ੀਲ ਥਾਵਾਂ 'ਤੇ ਵਿਸ਼ੇਸ਼ ਜਾਂਚ ਅਤੇ ਜਾਗਰੂਕਤਾ ਮੁਹਿੰਮ ਚਲਾਈ ਗਈ। ਸਿਵਲ ਸਰਜਨ ਡਾ. ਸੰਗੀਤਾ ਜੈਨ ਦੀ ਅਗਵਾਈ ਹੇਠ ਚਲਾਈ ਗਈ ਮੁਹਿੰਮ ਵਿੱਚ ਸੀਨੀਅਰ ਸਿਹਤ ਅਧਿਕਾਰੀਆਂ ਅਤੇ ਫੀਲਡ ਸਟਾਫ਼ ਨੇ ਸਰਗਰਮੀ ਨਾਲ ਹਿੱਸਾ ਲਿਆ। ਨਰਸਿੰਗ ਕਾਲਜ ਦੇ ਵਿਦਿਆਰਥੀਆਂ ਨੇ ਵੀ ਸਿਹਤ ਟੀਮਾਂ ਨਾਲ ਮਿਲ ਕੇ ਜਾਂਚ ਅਤੇ ਜਾਗਰੂਕਤਾ ਗਤੀਵਿਧੀਆਂ ਵਿੱਚ ਸਹਿਯੋਗ ਦਿੱਤਾ।

ਸਿਹਤ ਟੀਮਾਂ ਨੇ ਨਰਸਰੀਆਂ ਵਿੱਚ ਖੜ੍ਹੇ ਪਾਣੀ, ਪਾਣੀ ਇਕੱਠਾ ਹੋਣ ਵਾਲੀਆਂ ਥਾਵਾਂ ਅਤੇ ਮੱਛਰਾਂ ਦੇ ਪੈਦਾ ਹੋਣ ਵਾਲੀਆਂ ਸੰਭਾਵੀ ਥਾਵਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਅਤੇ ਦਵਾਈ ਦਾ ਛਿੜਕਾਅ ਵੀ ਕੀਤਾ। ਨਰਸਰੀ ਮਾਲਕਾਂ ਅਤੇ ਕਰਮਚਾਰੀਆਂ ਨੂੰ ਡੇਂਗੂ ਤੋਂ ਬਚਾਅ ਲਈ ਪਾਣੀ ਨੂੰ ਖੜ੍ਹਾ ਨਾ ਹੋਣ ਦੇਣ, ਗਮਲਿਆਂ ਅਤੇ ਹੋਰ ਪਾਣੀ ਵਾਲੇ ਭਾਂਡਿਆਂ ਦੀ ਨਿਯਮਤ ਸਫਾਈ ਕਰਨ ਅਤੇ ਮੱਛਰਾਂ ਦੇ ਪੈਦਾ ਹੋਣ ਵਾਲੇ ਸਥਾਨਾਂ ਨੂੰ ਤੁਰੰਤ ਖਤਮ ਕਰਨ ਲਈ ਜਾਗਰੂਕ ਕੀਤਾ ਗਿਆ। ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਅਨਾਮਿਕਾ ਸੋਨੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਹਰ ਸ਼ੁੱਕਰਵਾਰ ਨੂੰ ਆਪਣੇ ਘਰ, ਦੁਕਾਨ, ਦਫ਼ਤਰ ਅਤੇ ਆਲੇ-ਦੁਆਲੇ ਦੀਆਂ ਥਾਵਾਂ 'ਤੇ ਪਾਣੀ ਖੜ੍ਹਾ ਨਾ ਹੋਣ ਦੇਣ ਅਤੇ ਡੇਂਗੂ ਦੇ ਲਾਰਵੇ ਨੂੰ ਪੈਦਾ ਹੋਣ ਤੋਂ ਪਹਿਲਾਂ ਹੀ ਖਤਮ ਕਰਨ। ਉਨ੍ਹਾਂ ਕਿਹਾ ਕਿ 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ ਕਰੋ ਅਤੇ ਆਪਣਾ ਘਰ ਤੇ ਆਲਾ-ਦੁਆਲਾ ਸਾਫ਼ ਰੱਖੋ। ਜ਼ਿਕਰਯੋਗ ਕਿ ਹੁਣ ਹਰ ਸੋਮਵਾਰ ਨੂੰ ਵੀ ਇਹ ਮੁਹਿੰਮ ਚੱਲ ਰਹੀ ਹੈ।

ਮੁੱਖ ਮੰਤਰੀ ਵੱਲੋਂ ਫ਼ਿਰੋਜ਼ਪੁਰ ਜ਼ਿਲ੍ਹੇ ਦਾ ਅਗਾਂਹਵਧੂ ਨੌਜਵਾਨ ਕਿਸਾਨ ਮਨਪ੍ਰੀਤ ਸਿੰਘ, ਸ. ਉਜਾਗਰ ਸਿੰਘ ਧਾਲੀਵਾਲ ਐਵਾਰਡ ਨਾਲ ਸਨਮਾਨਿਤ

**ਪੈ.ਗਾਮ-ਏ-ਜਗਤ/ਫ਼ਿਰੋਜ਼ਪੁਰ
18 ਸਤੰਬਰ (ਗੁਰਮੇਜ ਸਿੰਘ)**



ਫ਼ਿਰੋਜ਼ਪੁਰ ਦੇ ਪਿੰਡ ਰਹੀਮੇ ਕੇ ਉਤਾੜ ਦੇ ਕਿਸਾਨ ਸ. ਮਨਪ੍ਰੀਤ ਸਿੰਘ ਪੁੱਤਰ ਸ. ਮਹਿੰਦਰ ਸਿੰਘ ਨੂੰ ਅਗਾਂਹਵਧੂ ਸੋਚ ਨਾਲ ਪਨੀਰੀਆਂ ਤਿਆਰ ਕਰਨ ਅਤੇ ਸਬਜ਼ੀਆਂ ਦੀ ਕਾਸ਼ਤ ਕਰਨ ਅਤੇ ਖੇਤੀ ਵਿਭਿੰਨਤਾ ਵਿੱਚ ਯੋਗਦਾਨ ਪਾਉਣ ਲਈ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਵੱਲੋਂ ਕਿਸਾਨ ਮੇਲੇ 'ਤੇ ਸ. ਉਜਾਗਰ ਸਿੰਘ ਧਾਲੀਵਾਲ ਐਵਾਰਡ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਮਨਪ੍ਰੀਤ ਸਿੰਘ ਨੂੰ ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਅਤੇ ਯੂਨੀਵਰਸਿਟੀ ਦੇ ਉੱਚ ਅਧਿਕਾਰੀਆਂ ਵੱਲੋਂ ਪ੍ਰਦਾਨ ਕੀਤਾ ਗਿਆ।

ਸ. ਮਨਪ੍ਰੀਤ ਸਿੰਘ ਨੇ ਆਪਣੇ ਜੀਵਨ ਵਿੱਚ ਕਈ ਸੰਘਰਸ਼ ਭਰੇ ਪੜਾਵਾਂ ਨੂੰ ਪਾਰ ਕਰਦਿਆਂ ਇਹ ਸਨਮਾਨ ਹਾਸਲ ਕੀਤਾ ਹੈ। ਪ੍ਰਾਈਵੇਟ ਅਦਾਰਿਆਂ ਵਿੱਚ ਨੌਕਰੀ ਕਰਨ ਤੋਂ ਲੈ ਕੇ ਆਪਣਾ ਕਰਿਆਨਾ ਸਟੋਰ ਖੋਲਣ ਦੇ ਕਾਰੋਬਾਰ ਵਿੱਚ ਆਈਆਂ ਮੁਸ਼ਕਿਲਾਂ ਤੋਂ ਬਾਅਦ ਉਹਨਾਂ ਪਨੀਰੀ ਉਤਪਾਦਨ ਅਤੇ ਸਬਜ਼ੀਆਂ ਦੀ ਕਾਸ਼ਤ ਦੇ ਧੰਦੇ ਨੂੰ ਅਪਨਾਇਆ। ਸਾਲ 2014-15 ਦੀ ਸ਼ੁਰੂਆਤ ਨੂੰ ਉਹਨਾਂ ਸਾਲ 2020-21 ਵਿੱਚ ਆਪਣੇ ਭਤੀਜੇ ਦੇ ਨਾਮ ਤੇ ਗੁਰਜੱਪ ਕਿਸਾਨ ਨਰਸਰੀ ਫਾਰਮ 1313 ਰੱਖਿਆ। ਉਸਨੇ ਆਪਣੇ ਕਿੱਤੇ ਨੂੰ ਤਕਨੀਕੀ ਮਜ਼ਬੂਤੀ ਦੇਣ ਲਈ ਪੀ.ਏ.ਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਫ਼?ਰੋਜ਼ਪੁਰ ਤੋਂ ਸਿਖਲਾਈ ਲਈ ਅਤੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਦੇ ਵਿਗਿਆਨੀਆਂ ਨਾਲ ਲਗਾਤਾਰ ਸੰਪਰਕ ਬਣਾਕੇ ਰੱਖਿਆ। ਹੁਣ ਉਹ ਕਣਕ-ਝੋਨੇ ਦੇ ਚੱਕਰ ਤੋਂ ਬਾਹਰ ਹੋ ਕੇ ਸਬਜ਼ੀਆਂ ਦੀਆਂ ਯੂਨੀਵਰਸਿਟੀ ਦੀਆਂ ਸਿਫ਼ਾਰਸ਼ ਕਿਸਮਾਂ ਦੀਆਂ ਪਨੀਰੀਆਂ ਅਤੇ ਸਬਜ਼ੀਆਂ ਦੀ ਕਾਸ਼ਤ 4 ਏਕੜ ਉੱਪਰ ਕਰ ਰਿਹਾ ਹੈ। ਉਸਨੇ ਤਕਨੀਕੀ ਸੇਧ ਨਾਲ ਫੁਹਾਰਾ ਵਿਧੀ ਵੀ ਅਪਨਾਈ।

ਇਸ ਦੇ ਨਾਲ-ਨਾਲ ਉਹ ਵੱਖ-ਵੱਖ ਜ਼ਿਲਿਆਂ ਦੇ ਲਗਭਗ 100-150 ਕਿਸਾਨਾਂ ਨੂੰ ਮਿਰਚ ਦੀ ਪਨੀਰੀ ਦੇ ਕੇ ਫ਼ਸਲੀ ਵਿਭਿੰਨਤਾ ਵਿੱਚ ਯੋਗਦਾਨ ਪਾ ਰਹੇ ਹਨ। ਉਸਦਾ ਕਿੱਤਾ ਆਸ-ਪਾਸ ਦੇ ਪਿੰਡਾਂ ਦੇ ਮਜ਼ਦੂਰਾਂ ਨੂੰ ਰੋਜ਼ਗਾਰ ਵੀ ਪ੍ਰਦਾਨ ਕਰ ਰਿਹਾ ਹੈ। ਇਸ ਕਿੱਤੇ ਵਿੱਚ ਉਸਦਾ ਪਰਿਵਾਰ ਪਿਤਾ ਸ. ਮਹਿੰਦਰ ਸਿੰਘ, ਮਾਤਾ ਪਰਮਜੀਤ ਕੌਰ, ਪੰਜਾਬ ਪੁਲਿਸ ਵਿੱਚ ਸੇਵਾਵਾਂ ਨਿਭਾ ਰਹੇ ਭਰਾ ਗੁਰਪ੍ਰੀਤ ਸਿੰਘ ਅਤੇ ਧਰਮਪਤਨੀ ਗਗਨਦੀਪ ਕੌਰ ਦਾ ਪੂਰਨ ਸਹਿਯੋਗ ਹੋਣ ਕਾਰਨ, ਇਹ ਕਿੱਤਾ ਕਾਮਯਾਬੀ ਦੀਆਂ ਬੁਲੰਦੀਆਂ ਛੋਹ ਰਿਹਾ ਹੈ। ਪੀ.ਏ.ਯੂ-ਕ੍ਰਿਸ਼ੀ ਵਿਗਿਆਨ ਕੇਂਦਰ ਫਿਰੋਜ਼ਪੁਰ ਦੇ ਅਧਿਕਾਰੀਆਂ ਨੇ ਜ਼ਿਲ੍ਹੇ ਦੇ ਇਸ ਕਿਸਾਨ ਦੀ ਹੋਰ ਤਰੱਕੀ ਦੀ ਕਾਮਨਾ ਕੀਤੀ ਅਤੇ ਕਿਹਾ ਕਿ ਜ਼ਿਲ੍ਹੇ ਦੇ ਹੋਰਨਾਂ ਨੌਜਵਾਨ ਕਿਸਾਨਾਂ ਨੂੰ ਇਸ ਤੋਂ ਪ੍ਰੇਰਨਾ ਲੈ ਕੇ ਅੱਗੇ ਫ਼ਿਰੋਜ਼ਪੁਰ ਜ਼ਿਲ੍ਹੇ ਦਾ ਨਾਮ ਚਮਕਾਉਣ ਲਈ ਅੱਗੇ ਆਉਣਾ ਚਾਹੀਦਾ ਹੈ।

ਸਵ. ਵਿਕਾਸ ਮਾਨ ਦੇ ਜਨਮ ਦਿਨ 'ਤੇ 21 ਸਤੰਬਰ ਨੂੰ ਸੁਭਾਸ਼ ਡਰਾਮੈਟਿਕ ਕਲੱਬ, ਹਾਂਸੀ ਵਿਖੇ ਲੱਗੇਗਾ ਵਿਸ਼ਾਲ ਖ਼ੂਨਦਾਨ ਕੈਂਪ

**ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)**

ਸਵ. ਵਿਕਾਸ ਮਾਨ ਦੇ ਜਨਮ ਦਿਨ ਦੇ ਮੌਕੇ 'ਤੇ ਵਿਕਾਸ ਮਾਨ ਮੈਮੋਰੀਅਲ ਟਰੱਸਟ ਵੱਲੋਂ ਸੋਮਵਾਰ, 21 ਸਤੰਬਰ ਨੂੰ ਸਵੇਰੇ 9:30 ਵਜੇ ਸੁਭਾਸ਼ ਡਰਾਮੈਟਿਕ ਕਲੱਬ, ਜੀਂਦ ਚੌਂਕ, ਹਾਂਸੀ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਜਾਵੇਗਾ।

ਪ੍ਰੋਗਰਾਮ ਕੋਆਰਡੀਨੇਟਰ ਐਡਵੋਕੇਟ ਧਰਮਵੀਰ ਰਤੇਰੀਆ ਨੇ ਦੱਸਿਆ ਕਿ ਕੈਂਪ ਵਿੱਚ ਮਹਾਰਾਜਾ ਅਗਰਸੇਨ ਮੈਡੀਕਲ ਕਾਲਜ, ਅਗਰੋਹਾ, ਮੰਗਲਮ ਬਲੱਡ ਬੈਂਕ ਅਤੇ ਹਾਂਸੀ ਬਲੱਡ ਸੈਂਟਰ ਦੀਆਂ ਟੀਮਾਂ ਸਾਂਝੇ ਤੌਰ 'ਤੇ ਖ਼ੂਨ ਇਕੱਠਾ ਕਰਨਗੀਆਂ। ਉਨ੍ਹਾਂ ਕਿਹਾ ਕਿ ਕੈਂਪ ਦਾ ਉਦੇਸ਼ ਵੱਧ ਤੋਂ ਵੱਧ ਲੋਕਾਂ ਨੂੰ ਖ਼ੂਨਦਾਨ ਲਈ ਪ੍ਰੇਰਿਤ ਕਰਨਾ ਅਤੇ ਸਮਾਜ ਵਿੱਚ ਸੇਵਾ ਭਾਵਨਾ ਨੂੰ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਨੇ ਸ਼ਹਿਰ ਵਾਸੀਆਂ, ਨੌਜਵਾਨਾਂ ਅਤੇ ਸਮਾਜਿਕ ਸੰਗਠਨਾਂ ਨੂੰ ਕੈਂਪ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ।

ਵਿਕਾਸ ਮਾਨ ਮੈਮੋਰੀਅਲ ਟਰੱਸਟ ਦੇ ਪ੍ਰਧਾਨ ਡਾ. ਐਸ.ਐਸ. ਮਾਨ ਨੇ ਕਿਹਾ ਕਿ ਸਵ. ਵਿਕਾਸ ਮਾਨ ਦੀ ਯਾਦ ਵਿੱਚ ਲਗਾਏ ਜਾ ਰਹੇ ਖ਼ੂਨਦਾਨ ਕੈਂਪ ਦਾ ਉਦੇਸ਼ ਲੋੜਵੰਦ ਮਰੀਜ਼ਾਂ ਲਈ ਖ਼ੂਨ ਉਪਲਬਧ ਕਰਵਾਉਣ ਵਿੱਚ ਸਹਿਯੋਗ ਦੇਣਾ ਅਤੇ ਸਮਾਜ ਵਿੱਚ ਖ਼ੂਨਦਾਨ ਪ੍ਰਤੀ ਜਾਗਰੂਕਤਾ ਵਧਾਉਣਾ ਹੈ। ਉਨ੍ਹਾਂ ਕਿਹਾ ਕਿ ਖ਼ੂਨਦਾਨ ਮਾਨਵ ਸੇਵਾ ਦਾ ਇੱਕ ਮਹੱਤਵਪੂਰਨ ਮਾਧਿਅਮ ਹੈ, ਜਿਸ ਰਾਹੀਂ ਲੋੜਵੰਦ ਮਰੀਜ਼ਾਂ ਦੀ ਮਦਦ ਕੀਤੀ ਜਾ ਸਕਦੀ ਹੈ। ਉਨ੍ਹਾਂ ਨੇ ਸਿਹਤਮੰਦ ਅਤੇ ਯੋਗ ਨਾਗਰਿਕਾਂ ਨੂੰ ਸਵੈ-ਇੱਛਾ ਨਾਲ ਖ਼ੂਨਦਾਨ ਕਰਨ ਅਤੇ ਇਸ ਸਮਾਜਿਕ ਕਾਰਜ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ।

ਲਿਵਾਸਾ ਹਸਪਤਾਲ ਮੋਹਾਲੀ ਨੇ ਐਪਲਾਸਟਿਕ ਐਨੀਮੀਆ ਅਤੇ ਬਲੱਡ ਕੈਂਸਰ ਵਿੱਚ ਸਮੇਂ ਸਿਰ ਇਲਾਜ ਦੇ ਮਹੱਤਵ 'ਤੇ ਦਿੱਤਾ ਜ਼ੋਰ

ਸ਼ੁਰੂਆਤੀ ਪਛਾਣ ਅਤੇ ਮਾਹਰ ਦੇਖਭਾਲ ਬਚਾ ਸਕਦੀ ਹੈ ਜਾਨ: ਡਾ. ਮੁਕੇਸ਼ ਚਾਵਲਾ

ਚੰਡੀਗੜ੍ਹ, 18 ਸਤੰਬਰ (ਪੈ.ਗਾਮ-ਏ-ਜਗਤ)

ਐਪਲਾਸਟਿਕ ਐਨੀਮੀਆ ਅਤੇ ਬਲੱਡ ਕੈਂਸਰ ਪ੍ਰਤੀ ਜਾਗਰੂਕਤਾ ਵਧਾਉਣ ਲਈ ਲਿਵਾਸਾ ਹਸਪਤਾਲ, ਮੋਹਾਲੀ ਨੇ ਸ਼ੁੱਕਰਵਾਰ ਨੂੰ ਚੰਡੀਗੜ੍ਹ ਵਿੱਚ ਇੱਕ ਪ੍ਰੈੱਸ ਕਾਨਫਰੰਸ ਦਾ ਆਯੋਜਨ ਕੀਤਾ। ਇਸ ਦੌਰਾਨ ਚੇਤਾਵਨੀ ਦੇ ਲੱਛਣਾਂ ਨੂੰ ਪਛਾਣਨ, ਸਮੇਂ ਸਿਰ ਮਾਹਰ ਦੀ ਸਲਾਹ ਅਤੇ ਆਧੁਨਿਕ ਇਲਾਜ ਦੇ ਮਹੱਤਵ 'ਤੇ ਚਾਨਣਾ ਪਾਇਆ ਗਿਆ।

ਸੀਨੀਅਰ ਕੰਸਲਟੈਂਟ-ਕਲੀਨਿਕਲ ਹੇਮਾਟੋਲੋਜੀ ਅਤੇ ਬੀ.ਐਮ.ਟੀ. ਫਿਜ਼ੀਸ਼ੀਅਨ, ਲਿਵਾਸਾ ਹਸਪਤਾਲ, ਮੋਹਾਲੀ, ਡਾ. ਮੁਕੇਸ਼ ਚਾਵਲਾ ਨੇ ਕਿਹਾ, ਐਪਲਾਸਟਿਕ ਐਨੀਮੀਆ ਪੋਸ਼ਣ ਦੀ ਕਮੀ ਨਾਲ ਹੋਣ ਵਾਲੇ ਸਾਧਾਰਨ ਐਨੀਮੀਆ ਨਾਲੋਂ ਕਾਫ਼ੀ ਵੱਖਰਾ ਹੈ। ਗੰਭੀਰ ਮਾਮਲਿਆਂ ਵਿੱਚ, ਬੋਨ ਮੈਰੋ ਲੋੜੀਂਦੀ ਮਾਤਰਾ ਵਿੱਚ ਲਾਲ ਰਕਤ ਕਣਾਂ, ਚਿੱਟੇ ਰਕਤ ਕਣਾਂ ਅਤੇ ਪਲੇਟਲੇਟਸ ਦਾ ਨਿਰਮਾਣ ਕਰਨ ਵਿੱਚ ਅਸਮਰੱਥ ਰਹਿੰਦਾ ਹੈ, ਜਿਸ ਨਾਲ ਮਰੀਜ਼ ਗੰਭੀਰ ਇਨਫੈਕਸ਼ਨ, ਖੂਨ ਵਹਿਣ ਅਤੇ ਬਹੁਤ ਜ਼ਿਆਦਾ ਐਨੀਮੀਆ ਦੇ ਪ੍ਰਭਾਵ ਹੇਠ ਆ ਜਾਂਦੇ ਹਨ। ਇਸ ਲਈ, ਲਗਾਤਾਰ ਰਹਿਣ ਵਾਲੀ ਥਕਾਵਟ, ਵਾਰ-ਵਾਰ ਇਨਫੈਕਸ਼ਨ, ਅਸਾਧਾਰਨ ਨੀਲੇ ਨਿਸ਼ਾਨ ਜਾਂ ਖੂਨ ਵਹਿਣ ਅਤੇ ਬਲੱਡ ਕਾਊਂਟ ਵਿੱਚ ਖਰਾਬੀ ਦੀ ਜਾਂਚ ਕਰਵਾਈ ਜਾਣੀ ਚਾਹੀਦੀ ਹੈ, ਨਾ ਕਿ ਇਸਨੂੰ ਕੇਵਲ ਕਮਜ਼ੋਰੀ ਜਾਂ ਪੋਸ਼ਣ ਦੀ ਕਮੀ ਮੰਨ ਲਿਆ ਜਾਵੇ।



ਉਹਨਾਂ ਨੇ ਕਿਹਾ, ਇਲਾਜ ਦੀ ਯੋਜਨਾ ਮਰੀਜ਼ ਦੀ ਉਮਰ, ਬੀਮਾਰੀ ਦੀ ਗੰਭੀਰਤਾ, ਸਮੁੱਚੀ ਸਿਹਤ ਅਤੇ ਟ੍ਰਾਂਸਪਲਾਂਟ ਦੀ ਢੁਕਵੀਂ ਸਥਿਤੀ ਦੇ ਆਧਾਰ 'ਤੇ ਵਿਅਕਤੀਗਤ ਰੂਪ ਵਿੱਚ ਤਿਆਰ ਕੀਤੀ ਜਾਂਦੀ ਹੈ। ਇਸ ਵਿੱਚ ਟ੍ਰਾਂਸਫਿਊਜ਼ਨ ਅਤੇ ਇਨਫੈਕਸ਼ਨ ਸਪੋਰਟ, ਇਮਿਊਨੋਸਪ੍ਰੈਸਿਵ ਥੈਰੇਪੀ ਜਾਂ ਸਟੈਮ-ਸੈੱਲ ਟ੍ਰਾਂਸਪਲਾਂਟੇਸ਼ਨ ਸ਼ਾਮਲ ਹੋ ਸਕਦਾ ਹੈ। ਸ਼ੁਰੂਆਤੀ ਪਛਾਣ, ਉਚਿਤ ਇਲਾਜ ਅਤੇ ਵਿਆਪਕ ਸਹਾਇਕ ਦੇਖਭਾਲ ਦੇ ਜ਼ਰੀਏ ਬੀਮਾਰੀ ਦੇ ਗੰਭੀਰ ਪੜਾਵਾਂ ਵਿੱਚ ਵੀ ਸੁਧਾਰ ਸੰਭਵ ਹੈ। ਕਲੀਨਿਕਲ ਹੇਮਾਟੋਲੋਜੀ, ਹੇਮਾਟੋ-ਓਨਕੋਲੋਜੀ ਅਤੇ ਬੋਨ ਮੈਰੋ ਟ੍ਰਾਂਸਪਲਾਂਟੇਸ਼ਨ ਵਿੱਚ ਆਪਣੀ ਮਾਹਰਤਾ ਦੇ ਨਾਲ, ਡਾ. ਚਾਵਲਾ ਖੂਨ ਨਾਲ ਜੁੜੇ ਵੱਖ-ਵੱਖ ਜਟਿਲ ਵਿਕਾਰਾਂ ਦਾ ਪ੍ਰਬੰਧਨ ਕਰਦੇ ਹਨ। ਉਹਨਾਂ ਨੇ ਹਾਲ ਹੀ ਵਿੱਚ ਲਿਵਾਸਾ ਹਸਪਤਾਲ, ਮੋਹਾਲੀ ਵਿੱਚ ਗੰਭੀਰ ਐਪਲਾਸਟਿਕ ਐਨੀਮੀਆ ਤੋਂ ਪੀੜਤ ਤਿੰਨ ਮਰੀਜ਼ਾਂ ਦੇ ਸਫਲ ਇਲਾਜ ਬਾਰੇ ਵੀ ਗੱਲ ਕੀਤੀ। ਬਲੱਡ ਕੈਂਸਰ ਬਾਰੇ ਗੱਲ ਕਰਦਿਆਂ ਉਹਨਾਂ ਕਿਹਾ ਕਿ ਇਸ ਦੇ ਲੱਛਣਾਂ ਵਿੱਚ ਲਗਾਤਾਰ ਥਕਾਵਟ ਜਾਂ ਕਮਜ਼ੋਰੀ, ਵਾਰ-ਵਾਰ ਇਨਫੈਕਸ਼ਨ ਜਾਂ ਬਿਨਾਂ ਵਜ?ਹਾ ਬੁਖ਼ਾਰ ਆਉਣਾ, ਆਸਾਨੀ ਨਾਲ ਨੀਲੇ ਨਿਸ਼ਾਨ ਪੈਣਾ ਜਾਂ ਅਸਾਧਾਰਨ ਖੂਨ ਵਹਿਣਾ, ਸਾਹ ਫੁੱਲਣਾ ਜਾਂ ਪੀਲਾਪਣ, ਬਿਨਾਂ ਕਿਸੇ ਸਪੱਸ਼ਟ ਕਾਰਨ ਦੇ ਵਜ਼ਨ ਘਟਣਾ, ਹੱਡੀਆਂ ਜਾਂ ਸਰੀਰ ਵਿੱਚ ਲਗਾਤਾਰ ਦਰਦ, ਲਿੰਫ ਨੋਡਜ਼ ਵਿੱਚ ਸੋਜ, ਪੇਟ ਵਿੱਚ ਭਾਰੀਪਣ ਜਾਂ ਅਸੁਵਿਧਾ ਅਤੇ ਬਲੱਡ ਕਾਊਂਟਸ ਦਾ ਲਗਾਤਾਰ ਅਸਾਧਾਰਨ ਰਹਿਣਾ ਸ਼ਾਮਲ ਹੋ ਸਕਦਾ ਹੈ।

ਏ.ਡੀ.ਸੀ. ਵੱਲੋਂ ਫਰਮ ਵੀ.ਐਮ.ਓ. ਕੰਸਲਟੈਂਟਸ ਦਾ ਲਾਇਸੰਸ ਰੱਦ

ਸਾਹਿਬਜ਼ਾਦਾ ਅਜੀਤ ਸਿੰਘ ਨਗਰ 18 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ-2012 ਤਹਿਤ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਗੀਤਿਕਾ ਸਿੰਘ ਵੱਲੋਂ ਫਰਮ ਵੀ.ਐਮ.ਓ. ਕੰਸਲਟੈਂਟਸ ਦਾ ਲਾਇਸੰਸ ਰੱਦ ਕਰ ਦਿੱਤਾ ਗਿਆ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਫਰਮ ਵੀ.ਐਮ.ਓ. ਕੰਸਲਟੈਂਟਸ ਐਸ.ਸੀ.ਐਫ. ਨੰ: 106, ਦੂਜੀ ਅਤੇ ਤੀਜੀ ਮੰਜ਼ਿਲ, ਫੇਜ਼-10, ਮੋਹਾਲੀ ਦੇ ਮਾਲਕ ਸ੍ਰੀ ਸਾਜਨ ਸਿੰਘ ਨੂੰ ਵਾਸੀ ਡੇਰਾ ਸੱਚਾ ਸੌਦਾ ਕਾਲੋਨੀ, ਫਾਜ਼ਿਲਕਾ, ਜ਼ਿਲ੍ਹਾ ਫਾਜ਼ਿਲਕਾ, ਹੁਣ ਵਾਸੀ ਹਾਊਸ ਨੰਬਰ 06, ਗਰਾਊਂਡ ਫਲੋਰ ਫੇਜ਼-09, ਜ਼ਿਲ੍ਹਾ ਐਸ.ਏ.ਐਸ. ਨਗਰ ਨੂੰ ਟਰੈਵਲ ਏਜੰਸੀ ਦੇ ਕੰਮ ਲਈ ਲਾਇਸੰਸ ਨੰਬਰ 657/ਆਈ.ਸੀ. ਮਿਤੀ 07.03.2024 ਨੂੰ ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 06.03.2029 ਤੱਕ ਸੀ। ਏ.ਡੀ.ਸੀ. ਨੇ ਦੱਸਿਆ ਕਿ ਦਫਤਰੀ ਰਿਕਾਰਡ ਅਨੁਸਾਰ ਫਰਮ ਵੀ.ਐਮ.ਓ. ਕੰਸਲਟੈਂਟਸ ਦੇ ਖਿਲਾਫ ਸ੍ਰੀ ਦੀਪਕ ਬਯਾਲਕੋਟੀ, ਵਾਸੀ ਨੇਪਾਲ ਵੱਲੋਂ 28 ਜੂਨ 2025 ਨੂੰ ਈ-ਮੇਲ ਰਾਹੀਂ ਸ਼ਿਕਾਇਤ ਪ੍ਰਾਪਤ ਹੋਈ ਸੀ। ਸ਼ਿਕਾਇਤ ਨੂੰ ਪੜਤਾਲ ਅਤੇ ਰਿਪੋਰਟ ਲਈ ਉਪ ਮੰਡਲ ਮੈਜਿਸਟਰੇਟ, ਮੋਹਾਲੀ ਨੂੰ ਭੇਜਿਆ ਗਿਆ ਸੀ।

ਇਸ ਤੋਂ ਬਾਅਦ ਲਾਇਸੰਸੀ ਵੱਲੋਂ 24 ਦਸੰਬਰ 2025 ਨੂੰ ਨਿੱਜੀ ਕਾਰਨਾਂ ਦਾ ਹਵਾਲਾ ਦਿੰਦਿਆਂ ਆਪਣਾ ਲਾਇਸੰਸ ਸਰੰਡਰ ਕਰਨ ਲਈ ਦਰਖਾਸਤ ਦਿੱਤੀ ਗਈ। ਦਰਖਾਸਤ ਵਿੱਚ ਲਾਇਸੰਸੀ ਵੱਲੋਂ ਇਹ ਵੀ ਕਿਹਾ ਗਿਆ ਸੀ ਕਿ ਉਸਦੇ ਖਿਲਾਫ ਕੋਈ ਸ਼ਿਕਾਇਤ ਜਾਂ ਮਾਮਲਾ ਦਰਜ ਨਹੀਂ ਹੈ ਅਤੇ ਕਿਸੇ ਕਲਾਇੰਟ ਦਾ ਕੋਈ ਪੈਸਾ ਬਕਾਇਆ ਨਹੀਂ ਹੈ। ਜਦ ਕਿ ਦਫਤਰੀ ਰਿਕਾਰਡ ਵਿੱਚ ਫਰਮ ਦੇ ਖਿਲਾਫ ਪਹਿਲਾਂ ਹੀ ਇੱਕ ਸ਼ਿਕਾਇਤ ਲੰਬਿਤ ਸੀ।

ਇਸ ਮਾਮਲੇ ਸਬੰਧੀ ਦਫਤਰ ਵੱਲੋਂ 4 ਫਰਵਰੀ 2026 ਨੂੰ ਲਾਇਸੰਸੀ ਨੂੰ ਨੋਟਿਸ ਜਾਰੀ ਕਰਕੇ ਸ਼ਿਕਾਇਤ ਸਬੰਧੀ ਸਪਸ਼ਟੀਕਰਨ ਅਤੇ ਲੋੜੀਂਦੇ ਦਸਤਾਵੇਜ਼ ਪੇਸ਼ ਕਰਨ ਲਈ ਕਿਹਾ ਗਿਆ ਸੀ। ਇਸ ਦੇ ਨਾਲ ਹੀ ਉਪ ਮੰਡਲ ਮੈਜਿਸਟਰੇਟ, ਮੋਹਾਲੀ ਨੂੰ ਵੀ ਸ਼ਿਕਾਇਤ ਦੀ ਪੜਤਾਲ ਕਰਕੇ ਰਿਪੋਰਟ ਭੇਜਣ ਲਈ ਯਾਦ ਪੱਤਰ ਜਾਰੀ ਕੀਤਾ ਗਿਆ ਸੀ।

ਉਕਤ ਅਨੁਸਾਰ ਕਾਫੀ ਸਮਾਂ ਬੀਤਣ ਦੇ ਬਾਵਜੂਦ ਲਾਇਸੰਸੀ ਵੱਲੋਂ ਨੋਟਿਸ ਦਾ ਕੋਈ ਜਵਾਬ ਜਾਂ ਸਪਸ਼ਟੀਕਰਨ ਪੇਸ਼ ਨਹੀਂ ਕੀਤਾ ਗਿਆ ਅਤੇ ਨਾ ਹੀ ਸ਼ਿਕਾਇਤ ਸਬੰਧੀ ਪੜਤਾਲ ਰਿਪੋਰਟ ਇਸ ਦਫਤਰ ਨੂੰ ਪ੍ਰਾਪਤ ਹੋਈ। ਉਕਤ ਤੱਥਾਂ ਦੇ ਸਨਮੁੱਖ ਵਧੀਕ ਡਿਪਟੀ ਕਮਿਸ਼ਨਰ ਨੇ ਲਾਇਸੰਸ ਦੀਆਂ ਸ਼ਰਤਾਂ ਅਤੇ ਐਕਟ/ਰੂਲਾਂ ਦੀ ਪਾਲਣਾ ਨਾ ਕਰਨ ਦੇ ਮੱਦੇਨਜ਼ਰ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ, 2012 ਦੇ ਸੈਕਸ਼ਨ 6 (1) (ਈ) ਦੇ ਉਪਬੰਧਾਂ ਤਹਿਤ ਫਰਮ ਵੀ.ਐਮ.ਓ. ਕੰਸਲਟੈਂਟਸ ਨੂੰ ਜਾਰੀ ਲਾਇਸੰਸ ਨੰਬਰ 657/ਆਈ.ਸੀ. ਮਿਤੀ 07.03.2024 ਤੁਰੰਤ ਪ੍ਰਭਾਵ ਤੋਂ ਰੱਦ/ਕੈਂਸਲ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਐਕਟ/ਰੂਲਜ਼ ਮੁਤਾਬਕ ਜੇਕਰ ਭਵਿੱਖ ਵਿੱਚ ਉਕਤ ਪ੍ਰਾਰਥੀ/ ਫਰਮ/ ਫਰਮ ਦੇ ਮਾਲਕਾਂ ਦੇ ਖਿਲਾਫ ਕੋਈ ਸ਼ਿਕਾਇਤ ਆਦਿ ਪ੍ਰਾਪਤ ਹੁੰਦੀ ਹੈ ਤਾਂ ਉਸ ਲਈ ਉਕਤ ਪ੍ਰਾਰਥੀ/ਫਰਮ/ਫਰਮ ਦੇ ਮਾਲਕ ਹਰ ਪੱਖੋਂ ਉਸ ਦੀ ਭਰਪਾਈ ਕਰਨ ਲਈ ਜ਼ਿੰਮੇਵਾਰ ਹੋਣਗੇ।

ਰੇਲਵੇ ਮੈਡੀਕਲ ਵਿਭਾਗ ਨੇ ਵਿਦਿਆਰਥੀਆਂ ਨੂੰ ਸਫ਼ਾਈ ਪ੍ਰਤੀ ਕੀਤਾ ਜਾਗਰੂਕ

ਪੈ.ਗਾਮ-ਏ-ਜਗਤ/ਅੰਬਾਲਾ 18 ਸਤੰਬਰ (ਆਰ.ਸਿੰਘ)

